Title code : CHAMUL00914 | E-mail : Info@paigamejagat.com | ਸ਼ਨਿੱਚਰਵਾਰ, 5 ਸਤੰਬਰ 2026, ਸਾਲ-4, ਅੰਕ-5, ਚੰਡੀਗੜ੍ਹ, ਮੁੱਖ ਸੰਪਾਦਕ : ਦਵਿੰਦਰ ਕੁਮਾਰ, ਸੰਪਰਕ-9878862733, 9872340701

PAIGAM-E-JAGAT ਪੈ.ਗਾਮ-ਏ-ਜਗਤ



ਪੀਐਮ ਮੋਦੀ ਵੱਲੋਂ ਇਮੇਜਿੰਗ ਸੈਟੇਲਾਈਟ ਦੇ ਸਫਲ ਪ੍ਰਸਾਰਣ ਦੀ ਸ਼ਲਾਘਾ

ਨਵੀਂ ਦਿੱਲੀ, 4 ਸਤੰਬਰ (ਪੈ.ਗਾਮ-ਏ-ਜਗਤ)

ਇੰਡੀਅਨ ਸਪੇਸ ਰਿਸਰਚ ਆਰਗੇਨਾਈਜ਼ੇਸ਼ਨ ਨੇ ਸ਼ੁੱਕਰਵਾਰ ਸਵੇਰੇ ਇੱਕ ਜੀ.ਐੱਸ.ਐੱਲ.ਵੀ. ਰਾਕੇਟ ਰਾਹੀਂ 2,300 ਕਿਲੋਗ੍ਰਾਮ ਤੋਂ ਵੱਧ ਦੇ ਪੇਲੋਡ ਨੂੰ ਸਹੀ ਆਰਬਿਟ ਵਿੱਚ ਸਫਲਤਾਪੂਰਵਕ ਪਹੁੰਚਾ ਕੇ ਇੱਕ ਵਾਰ ਫਿਰ ਇਤਿਹਾਸ ਰਚ ਦਿੱਤਾ ਹੈ। ਮੋਦੀ ਨੇ ਇੱਕ ਪੋਸਟ ਵਿੱਚ ਕਿਹਾ, ‘‘ਇਸਰੋ ਵੱਲੋਂ ਇੱਕ ਹੋਰ ਸ਼ਾਨਦਾਰ ਪ੍ਰਾਪਤੀ ਅਤੇ ਸਾਡੇ ਦੇਸ਼ ਲਈ ਮਾਣ ਵਾਲਾ ਪਲ। ਜੀ.ਐੱਸ.ਐੱਲ.ਵੀ.-ਐੱਫ.17 ਦੀ ਸਫਲ ਲਾਂਚਿੰਗ ਜੋ ਜੀਓਸਿੰਕ੍ਰੋਨਸ ਆਰਬਿਟ ਤੋਂ ਭਾਰਤ ਦਾ ਪਹਿਲਾ ਇਮੇਜਿੰਗ ਸੈਟੇਲਾਈਟ ਈ ਓ ਐੱਸ-05 ਲੈ ਕੇ ਗਿਆ ਹੈ, ਉੱਤਮਤਾ, ਨਵੀਨਤਾ ਅਤੇ ਵਧਦੀਆਂ ਸਮਰੱਥਾਵਾਂ ਦਾ ਪ੍ਰਤੀਬਿੰਬ ਹੈ ਜੋ ਭਾਰਤ ਦੇ ਪੁਲਾੜ ਖੇਤਰ ਨੂੰ ਪਰਿਭਾਸ਼ਿਤ ਕਰਦੀਆਂ ਹਨ।’’ ਪ੍ਰਧਾਨ ਮੰਤਰੀ ਨੇ ਕਿਹਾ ਕਿ ਇਸਰੋ ਅਤੇ ਭਾਰਤੀ ਉਦਯੋਗ ਵਿਚਕਾਰ ਵਧ ਰਹੀ ਭਾਈਵਾਲੀ ਦੇਸ਼ ਦੇ ਪੁਲਾੜ ਪ੍ਰੋਗਰਾਮ ਵਿੱਚ ਨਵੀਂ ਤਾਕਤ ਅਤੇ ਪੈਮਾਨਾ ਜੋੜ ਰਹੀ ਹੈ ਅਤੇ ਪੂਰੇ ਪੁਲਾੜ ਈਕੋਸਿਸਟਮ ਵਿੱਚ ਭਾਰਤ ਦੀਆਂ



ਸਮਰੱਥਾਵਾਂ ਦਾ ਵਿਸਤਾਰ ਕਰ ਰਹੀ ਹੈ। ਇਸ ਲਾਂਚ ਨੇ ਸਾਲ 2026 ਲਈ ਪੁਲਾੜ ਏਜੰਸੀ ਦੀ ਪਹਿਲੀ ਸਫਲਤਾ ਨੂੰ ਦਰਸਾਇਆ। ਈ.ਓ.ਐੱਸ.-05 ਸੈਟੇਲਾਈਟ ਨੂੰ ਸ੍ਰੀਹਰੀਕੋਟਾ ਪੁਲਾੜ ਕੇਂਦਰ ਤੋਂ ਉਡਾਣ ਭਰਨ ਤੋਂ ਲਗਭਗ 18 ਮਿੰਟ ਬਾਅਦ ਇੱਛਤ ਉਪ-ਜੀਓਸਿੰਕ੍ਰੋਨਸ ਟਰਾਂਸਫਰ ਆਰਬਿਟ ਵਿੱਚ ਸਫਲਤਾਪੂਰਵਕ ਸਥਾਪਿਤ ਕਰ ਦਿੱਤਾ ਗਿਆ ਸੀ। ਪੀ.ਟੀ.ਆਈ.

ਇਸਰੋ ਨੇ ਇਤਿਹਾਸ ਰਚਿਆ

36,000 ਕਿਲੋਮੀਟਰ ਦੀ ਉਚਾਈ ਤੋਂ ਤਸਵੀਰਾਂ ਖਿੱਚਣ ਵਾਲੇ ਭਾਰਤ ਦੇ ਪਹਿਲੇ ਉਪਗ੍ਰਹਿ ਦਾ ਲਾਂਚ

ਇਹ ਪਾਕਿਸਤਾਨ ਅਤੇ ਚੀਨ ’ਤੇ ਨਿਰੰਤਰ ਨਜ਼ਰ ਰੱਖੇਗਾ ਅਤੇ ਆਫ਼ਤ ਤੋਂ ਪਹਿਲਾਂ ਦੀਆਂ ਚੇਤਾਵਨੀਆਂ ਜਾਰੀ ਕਰਨ ਵਿੱਚ ਸਹਾਇਤਾ ਕਰੇਗਾ

ਸ਼੍ਰੀਹਰੀਕੋਟਾ, 4 ਸਤੰਬਰ (ਪੈ.ਗਾਮ-ਏ-ਜਗਤ)

ਭਾਰਤੀ ਪੁਲਾੜ ਖੋਜ ਸੰਗਠਨ ਨੇ ਸ਼ੁੱਕਰਵਾਰ ਸਵੇਰੇ ਤੜਕੇ ਜੀ.ਐੱਸ.ਐੱਲ.ਵੀ.-ਐੱਫ.17 ਰਾਕੇਟ ਦੀ ਵਰਤੋਂ ਕਰਕੇ ਦੇਸ਼ ਦੇ ਪਹਿਲੇ ਸਮਰਪਿਤ ਭੂ-ਇਮੇਜਿੰਗ ਸੈਟੇਲਾਈਟ, ਈਓਐਸ-05 ਨੂੰ ਸਫਲਤਾਪੂਰਵਕ ਲਾਂਚ ਕੀਤਾ। ਲਗਭਗ 18 ਮਿੰਟ ਤੱਕ ਚੱਲੀ ਉਡਾਣ ਤੋਂ ਬਾਅਦ, 2,367-ਕਿਲੋਗ੍ਰਾਮ ਉਪਗ੍ਰਹਿ ਨੂੰ ਮਨੋਨੀਤ ਉਪ-ਜੀਓਸਿੰਕ੍ਰੋਨਸ ਟ੍ਰਾਂਸਫਰ ਔਰਬਿਟ ਵਿੱਚ ਰੱਖਿਆ ਗਿਆ ਸੀ। ਇਸ ਸਫਲਤਾ ਦੇ ਨਾਲ, ਇਸਰੋ ਨੇ ਸਾਲ 2026 ਦਾ ਆਪਣਾ ਪਹਿਲਾ ਸਫਲ ਲਾਂਚ ਪ੍ਰਾਪਤ ਕੀਤਾ।

ਬਾਅਦ ਦੇ ਔਰਬਿਟਲ ਅਭਿਆਸਾਂ ਰਾਹੀਂ, ਈਓਐਸ-05 ਨੂੰ ਲਗਭਗ 36,000 ਕਿਲੋਮੀਟਰ ਦੀ ਉਚਾਈ ’ਤੇ ਇੱਕ ਭੂ-ਪਲੇਟਫਾਰਮ ’ਤੇ ਸਥਿਤ ਕੀਤਾ ਜਾਵੇਗਾ। ਇਸਰੋ ਦੇ ਅਨੁਸਾਰ, ਉਪਗ੍ਰਹਿ ਤੋਂ ਲਗਭਗ ਅਸਲ-ਸਮੇਂ ਦੀਆਂ ਤਸਵੀਰਾਂ ਪ੍ਰਦਾਨ ਕਰਨ ਦੀ ਉਮੀਦ ਹੈ। ਇਹਨਾਂ ਤਸਵੀਰਾਂ ਦੀ ਵਰਤੋਂ ਖੇਤੀਬਾੜੀ, ਆਫ਼ਤ ਪ੍ਰਬੰਧਨ ਅਤੇ ਹੋਰ ਰਾਸ਼ਟਰੀ ਗਤੀਵਿਧੀਆਂ ਲਈ ਕੀਤੀ ਜਾ ਸਕਦੀ ਹੈ।

ਲਾਂਚ ਤੋਂ ਬਾਅਦ, ਇਸਰੋ ਮੁਖੀ ਵੀ. ਨਾਰਾਇਣਨ ਨੇ ਕਿਹਾ ਕਿ ਜੀ.ਐੱਸ.ਐੱਲ.ਵੀ.-ਐੱਫ.17 ਨੇ ਉੱਨਤ ਈਓਐਸ-05 ਸੈਟੇਲਾਈਟ ਨੂੰ ਸ਼ੁੱਧਤਾ ਨਾਲ ਨਿਰਧਾਰਤ ਔਰਬਿਟ ਵਿੱਚ ਸਥਾਪਿਤ ਕੀਤਾ। ਉਨ੍ਹਾਂ ਕਿਹਾ ਕਿ ਇਹ ਸ਼੍ਰੀਹਰੀਕੋਟਾ ਤੋਂ 107ਵਾਂ ਲਾਂਚ ਅਤੇ ਜੀ.ਐੱਸ.ਐੱਲ.ਵੀ. ਲਈ 19ਵਾਂ ਮਿਸ਼ਨ ਸੀ। ਉਨ੍ਹਾਂ ਟਿੱਪਣੀ ਕੀਤੀ ਕਿ ਜੀ.ਐੱਸ.ਐੱਲ.ਵੀ. ਦੀਆਂ ਸਮਰੱਥਾਵਾਂ ਵਿੱਚ ਲਗਾਤਾਰ ਸੁਧਾਰ ਕੀਤਾ ਗਿਆ ਹੈ। ਢਾਂਚਾਗਤ ਭਾਰ ਦੇ ਅਨੁਕੂਲਨ ਅਤੇ ਪ੍ਰੋਪਲਸ਼ਨ ਸਿਸਟਮ ਵਿੱਚ ਸੁਧਾਰਾਂ ਤੋਂ ਬਾਅਦ, ਇਸ ਰਾਕੇਟ ਨੇ ਹੁਣ ਤੱਕ ਦਾ ਆਪਣਾ ਸਭ ਤੋਂ ਭਾਰਾ ਉਪਗ੍ਰਹਿ ਲਾਂਚ ਕੀਤਾ ਹੈ, ਜਿਸਦਾ ਭਾਰ 2,367 ਕਿਲੋਗ੍ਰਾਮ ਹੈ।

ਭਗਵੰਤ ਮਾਨ ਸਰਕਾਰ ਵੱਲੋਂ ਮੁਲਾਜ਼ਮਾਂ ਨੂੰ ਜਨਮ ਅਸ਼ਟਮੀ ਦਾ ਤੋਹ.ਫਾ

ਜੁਲਾਈ 2020 ਤੋਂ ਬਾਅਦ ਭਰਤੀ ਮੁਲਾਜ਼ਮਾਂ ਨੂੰ ਮਿਲੇਗਾ 60% ਡੀਏ : ਮੰਤਰੀ ਅਮਨ ਅਰੋੜਾ

ਭਗਵੰਤ ਮਾਨ ਸਰਕਾਰ ਕਿਸੇ ਵੀ ਮੁਲਾਜ਼ਮ ਦੀ ਕੇਂਦਰੀ ਹਮਰੁਤਬੇ ਤੋਂ ਘੱਟ ਤਨਖਾਹ ਨਾ ਹੋਵੇ ਯਕੀਨੀ ਬਣਾਉਣ ਲਈ ਵਚਨਬੱਧ: ਅਮਨ ਅਰੋੜਾ

ਚੰਡੀਗੜ੍ਹ, 4 ਸਤੰਬਰ (ਪੈ.ਗਾਮ-ਏ-ਜਗਤ)



ਪੰਜਾਬ ਸਰਕਾਰ ਦੇ ਮੁਲਾਜ਼ਮਾਂ ਨੂੰ ਜਨਮ ਅਸ਼ਟਮੀ ਦਾ ਤੋਹਫ਼ਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ 17 ਜੁਲਾਈ 2020 ਤੋਂ ਬਾਅਦ ਭਰਤੀ ਹੋਏ 85,000 ਮੁਲਾਜ਼ਮਾਂ ਲਈ ਮਹਿੰਗਾਈ ਭੱਤਾ (ਡੀ.ਏ.) 42 ਫ਼ੀਸਦ ਤੋਂ ਵਧਾ ਕੇ 60 ਫ਼ੀਸਦ ਕਰਨ ਲਈ ਆਪਣੀਆਂ ਸ਼ਕਤੀਆਂ ਦੀ ਵਰਤੋਂ ਕਰਨ ਦਾ ਫੈਸਲਾ ਲਿਆ ਹੈ, ਇਸ ਨਾਲ ਇਨ੍ਹਾਂ ਮੁਲਾਜ਼ਮਾਂ ਦਾ ਡੀ.ਏ. ਕੇਂਦਰ ਸਰਕਾਰ ਦੇ ਬਰਾਬਰ ਹੋ ਜਾਵੇਗਾ। ਇਹ ਫੈਸਲਾ ਸਰਕਾਰ ਵੱਲੋਂ ਅਨੇਕਾਂ ਮੌਕਿਆਂ ਅਤੇ ਫੋਰਮਾਂ ’ਤੇ ਦੁਹਰਾਏ ਇਕਸਾਰ ਸਟੈਂਡ ਨੂੰ ਦਰਸਾਉਂਦਾ ਹੈ, ਜਿਸ ਅਨੁਸਾਰ ਲਾਭ ਲੈਣ ਦੇ ਹੱਕਦਾਰ ਮੁਲਾਜ਼ਮਾਂ ਨੂੰ ਹੀ ਲਾਭ ਮਿਲਣਾ ਚਾਹੀਦਾ ਹੈ ਅਤੇ ਜਿਹੜੇ ਇਨ੍ਹਾਂ ਲਾਗੂ ਉਪਬੰਧਾਂ ਅਧੀਨ ਨਹੀਂ ਆਉਂਦੇ, ਉਨ੍ਹਾਂ ਨੂੰ ਇਹ ਲਾਭ ਨਹੀਂ ਮਿਲਣਾ ਚਾਹੀਦਾ।

ਇਸ ਫੈਸਲੇ ਨਾਲ, ਸਰਕਾਰ ਨੇ ਇੱਕ ਵਾਰ ਫਿਰ ਇਹ ਯਕੀਨੀ ਬਣਾਇਆ ਹੈ ਕਿ ਪੰਜਾਬ ਸਰਕਾਰ ਦੇ ਮੁਲਾਜ਼ਮ ਦੇਸ਼ ਵਿੱਚ ਸਭ ਤੋਂ ਵੱਧ ਤਨਖਾਹ ਲੈਣ ਵਾਲੇ ਮੁਲਾਜ਼ਮ ਬਣੇ ਰਹਿਣ। ਇਹ ਫੈਸਲਾ 2020 ਤੋਂ ਬਾਅਦ ਦੇ ਨਿਯਮਾਂ ਅਧੀਨ ਭਰਤੀ ਹੋਏ ਮੁਲਾਜ਼ਮਾਂ ’ਤੇ ਲਾਗੂ ਹੁੰਦਾ ਹੈ, ਜਿਨ੍ਹਾਂ ਦੀ ਤਨਖਾਹ ਕੇਂਦਰ ਸਰਕਾਰ ਦੇ 7ਵੇਂ ਪੇਅ ਕਮਿਸ਼ਨ ਦੇ ਪੈਟਰਨ ’ਤੇ ਅਧਾਰਤ ਹੈ ਅਤੇ ਅਦਾਲਤੀ ਹੁਕਮਾਂ ਰਾਹੀਂ ਸੋਧੀ ਨਹੀਂ ਗਈ ਹੈ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਉਦਯੋਗ ਤੇ ਵਣਜ ਮੰਤਰੀ ਅਮਨ ਅਰੋੜਾ ਅਤੇ ਸਮਾਜਿਕ ਸੁਰੱਖਿਆ ਮੰਤਰੀ ਡਾ. ਬਲਜੀਤ ਕੌਰ ਦੀ ਅਗਵਾਈ ਵਾਲੀ ਤਿੰਨ ਮੈਂਬਰੀ ਕੈਬਨਿਟ ਸਬ-ਕਮੇਟੀ ਨੇ 17 ਜੁਲਾਈ 2020 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਲਈ ਡੀ.ਏ. 42 ਫੀਸਦ ਤੋਂ ਵਧਾ ਕੇ 60 ਫੀਸਦ ਕਰਨ ਦੀ ਸਿਫਾਰਿਸ਼ ਕੀਤੀ ਹੈ, ਜਿਸ ਨੂੰ ਹੁਣ ਮੁੱਖ ਮੰਤਰੀ ਭਗਵਾਨ ਸਿੰਘ ਮਾਨ ਕੋਲ ਅੰਤਿਮ ਪ੍ਰਵਾਨਗੀ ਲਈ ਭੇਜਿਆ ਜਾਵੇਗਾ। ਇਸ ਫੈਸਲੇ ਦਾ ਐਲਾਨ ਉਦਯੋਗ ਤੇ ਵਣਜ ਮੰਤਰੀ ਅਤੇ ਆਪ ਪਾਰਟੀ ਦੇ ਪੰਜਾਬ ਪ੍ਰਧਾਨ ਅਮਨ ਅਰੋੜਾ ਨੇ ਪੰਜਾਬ ਭਵਨ ਵਿਖੇ ਇੱਕ ਪ੍ਰੈਸ ਕਾਨਫਰੰਸ ਦੌਰਾਨ ਕੀਤਾ। ਇਹ ਕਦਮ 17 ਜੁਲਾਈ 2020 ਤੋਂ ਪਹਿਲਾਂ ਭਰਤੀ ਹੋਣ ਵਾਲੇ ਵੱਧ ਤਨਖਾਹਾਂ ਲੈ ਰਹੇ ਮੁਲਾਜ਼ਮਾਂ ਅਤੇ ਇਸ ਮਿਤੀ ਤੋਂ ਬਾਅਦ ਕੇਂਦਰ ਦੇ 7ਵੇਂ ਸੀ.ਪੀ.ਸੀ. ਤਨਖਾਹ ਪੈਟਰਨ ਅਧੀਨ ਭਰਤੀ ਹੋਏ ਮੁਲਾਜ਼ਮਾਂ ਵਿਚਕਾਰ ਅੰਤਰ ਨੂੰ ਖਤਮ ਕਰਦਾ ਹੈ।

ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਉਦਯੋਗ ਅਤੇ ਵਣਜ ਮੰਤਰੀ ਅਮਨ ਅਰੋੜਾ ਨੇ ਕਿਹਾ, “ਮੁਲਾਜ਼ਮ ਚੰਗੇ ਸ਼ਾਸਨ ਦੀ ਰੀੜ ਦੀ ਹੱਡੀ ਹਨ। ਭਗਵੰਤ ਮਾਨ ਸਰਕਾਰ ਹਮੇਸ਼ਾ ਹਰ ਮੁਲਾਜ਼ਮ ਦੇ ਹੱਕਾਂ ਅਤੇ ਸਨਮਾਨ ਲਈ ਉਨ੍ਹਾਂ ਦੇ ਨਾਲ ਖੜ੍ਹੀ ਰਹੀ ਹੈ। ਅੱਜ ਜਨਮ ਅਸ਼ਟਮੀ ਦੇ ਸ਼ੁਭ ਮੌਕੇ ਅਸੀਂ ਇੱਕ ਹੋਰ ਵਾਅਦਾ ਪੂਰਾ ਕਰ ਰਹੇ ਹਾਂ ਅਤੇ ਸਾਲ 2020 ਤੋਂ ਬਾਅਦ ਭਰਤੀ ਹੋਏ ਨਵੇਂ ਮੁਲਾਜ਼ਮਾਂ ਨੂੰ ਉਹੀ ਡੀ.ਏ. ਦੇਣਾ ਯਕੀਨੀ ਬਣਾ ਰਹੇ ਹਾਂ, ਜਿਸ ਦੇ ਉਹ ਸੱਚਮੁੱਚ ਹੱਕਦਾਰ ਹਨ।

ਉਦਯੋਗ ਅਤੇ ਵਪਾਰ ਮੰਤਰੀ ਨੇ ਕਿਹਾ ਕਿ ਇਹ ਮੁੱਦਾ ਨਵੇਂ ਭਰਤੀ ਹੋਏ ਮੁਲਾਜ਼ਮਾਂ ਦੇ ਤਨਖਾਹ ਢਾਂਚੇ ਵਿੱਚ ਬਦਲਾਅ ਕਰਕੇ ਹੋਇਆ ਹੈ। ਉਨ੍ਹਾਂ ਅੱਗੇ ਕਿਹਾ, “ਦਸੰਬਰ 2020 ਵਿੱਚ, ਪੰਜਾਬ ਕੈਬਨਿਟ ਨੇ 17 ਜੁਲਾਈ 2020 ਤੋਂ ਬਾਅਦ ਕੀਤੀਆਂ ਗਈਆਂ ਨਵੀਆਂ ਭਰਤੀਆਂ ਅਤੇ ਨਿਯੁਕਤੀਆਂ ਲਈ ਤਨਖਾਹ ਸਕੇਲ/ਮੈਟ੍ਰਿਕਸ ਨੂੰ ਕੇਂਦਰ ਸਰਕਾਰ ਦੇ 7ਵੇਂ ਪੇਅ ਕਮਿਸ਼ਨ ਦੇ ਸਕੇਲ ਦੇ ਬਰਾਬਰ ਕਰਨ ਦੀ ਪ੍ਰਵਾਨਗੀ ਦਿੱਤੀ ਸੀ। ਇਸ ਨਾਲ ਮੁਲਾਜ਼ਮਾਂ ਦੀਆਂ ਦੋ ਵਿਆਪਕ ਸ਼੍ਰੇਣੀਆਂ ਬਣ ਗਈਆਂ: ਮੌਜੂਦਾ ਮੁਲਾਜ਼ਮ ਜੋ ਪੰਜਾਬ ਵਿੱਚ ਪਹਿਲਾਂ ਹੀ ਵੱਧ ਤਨਖਾਹ ਢਾਂਚੇ ਅਧੀਨ ਆਉਂਦੇ ਹਨ ਅਤੇ 2020 ਤੋਂ ਬਾਅਦ ਦੇ ਨਵੇਂ ਭਰਤੀ ਮੁਲਾਜ਼ਮ, ਜਿਨ੍ਹਾਂ ਦੀ ਸ਼ੁਰੂਆਤੀ ਤਨਖਾਹ ਕੇਂਦਰ ਸਰਕਾਰ ਦੇ 7ਵੇਂ ਸੀ.ਪੀ.ਸੀ. ਪੈਟਰਨ ’ਤੇ ਅਧਾਰਤ ਹੈ।” ਅਮਨ ਅਰੋੜਾ ਨੇ ਕਿਹਾ, “17 ਜੁਲਾਈ 2020 ਤੋਂ ਪਹਿਲਾਂ ਭਰਤੀ ਹੋਏ ਮੁਲਾਜ਼ਮਾਂ ਨੂੰ ਪੰਜਾਬ ਦੇ ਉੱਚ ਬੁਨਿਆਦੀ ਤਨਖਾਹ ਸਕੇਲ ਦਾ ਲਾਭ ਮਿਲ ਰਿਹਾ ਹੈ। ਹਾਲਾਂਕਿ, ਇਸ ਮਿਤੀ ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਨੂੰ ਕੇਂਦਰੀ ਤਨਖਾਹ ਸਕੇਲ ਪੈਟਰਨ ਅਧੀਨ ਲਿਆਂਦਾ ਗਿਆ ਸੀ, ਪਰ ਉਹ ਪੰਜਾਬ ਦਾ 42 ਫ਼ੀਸਦ ਡੀ.ਏ. ਹੀ ਪ੍ਰਾਪਤ ਕਰ ਰਹੇ ਹਨ। ਇਸ ਵੱਡੇ ਅੰਤਰ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ ਸੀ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਕਰਮਚਾਰੀ ਪਹਿਲਾਂ ਹੀ ਆਪਣੇ ਕੇਂਦਰ ਸਰਕਾਰ ਦੇ ਹਮਰੁਤਬਾ ਮੁਲਾਜ਼ਮਾਂ ਨਾਲੋਂ ਕਾਫ਼ੀ ਜ਼ਿਆਦਾ ਤਨਖਾਹ ਲੈ ਰਹੇ ਹਨ। ਕਈ ਅਹਿਮ ਕਾਡਰਾਂ ਦੇ ਕਰਮਚਾਰੀਆ ਨੂੰ ਪੰਜਾਬ-ਸਪੈਸੀਫਿਕ ਤਨਖਾਹ ਸਕੇਲਾਂ ਅਧੀਨ ਕੇਂਦਰ ਨਾਲੋਂ 30 ਫੀਸਦੀ ਤੋਂ 70 ਫੀਸਦੀ ਵੱਧ ਤਨਖਾਹ ਮਿਲ ਰਹੀ ਹੈ। (ਬਾਕੀ ਸਫ਼ਾ 2 ’ਤੇ)

ਏਅਰ ਇੰਡੀਆ ਦੀ ਫਲਾਈਟ ’ਚ 300 ਫੁੱਟ ਦੀ ਅਚਾਨਕ ਗਿਰਾਵਟ

- 17 ਯਾਤਰੀ ਤੇ ਕਰੂ ਮੈਂਬਰ ਜ਼ਖ਼ਮੀ, ਪਾਇਲਟ ਦੇ ਡਾਕਟਰੀ ਟੈਸਟ ’ਚ ਗੰਭੀਰ ਖੁਲਾਸਾ



ਨਵੀਂ ਦਿੱਲੀ, 4 ਸਤੰਬਰ (ਪੈ.ਗਾਮ-ਏ-ਜਗਤ)

ਫੂਕੇਟ ਤੋਂ ਦਿੱਲੀ ਆ ਰਹੀ ਏਅਰ ਇੰਡੀਆ ਦੀ ਫਲਾਈਟ 19-2379 ਵਿੱਚ 4 ਅਗਸਤ ਨੂੰ ਕਰੂਜ਼ ਫੇਜ਼ ਦੌਰਾਨ ਲਗਪਗ 300 ਫੁੱਟ ਦੀ ਅਚਾਨਕ ਉੱਚਾਈ ਘਟਣ ਦੀ ਘਟਨਾ ਤੋਂ ਬਾਅਦ ਏਅਰਕ੍ਰਾਫਟ ਐਕਸੀਡੈਂਟ ਇਨਵੈਸਟੀਗੇਸ਼ਨ ਬਿਊਰੋ ਨੇ ਆਪਣੀ ਸ਼ੁਰੂਆਤੀ ਰਿਪੋਰਟ ਜਾਰੀ ਕਰ ਦਿੱਤੀ ਹੈ। ਰਿਪੋਰਟ ਅਨੁਸਾਰ, ਪਾਇਲਟ-ਇਨ-ਕਮਾਂਡ ਦੇ ਕਨਫਰਮੇਟਰੀ ਟੈਸਟ ਵਿੱਚ ਸਾਈਕੋ-ਐਕਟਿਵ ਸਬਸਟੈਂਸ ਲਈ ਨੌਨ-ਨੈਗੇਟਿਵ (ਪਾਜ਼ੇਟਿਵ) ਨਤੀਜਾ ਆਇਆ ਹੈ।

ਏ.ਏ.ਆਈ.ਬੀ. ਨੇ ਇਸ ਨੂੰ ਗੰਭੀਰ ਚਿੰਤਾ ਦਾ ਵਿਚਾਰ ਦੱਸਦਿਆਂ ਡਾਇਰੈਕਟੋਰੇਟ ਜਨਰਲ ਆਫ ਸਿਵਲ ਐਵੀਏਸ਼ਨ ਨੂੰ ਪਹਿਲ ਦੇ ਆਧਾਰ ’ਤੇ ਉੱਚਿਤ ਕਾਰਵਾਈ ਕਰਨ ਦੀ ਸਿਫ਼ਾਰਸ਼ ਕੀਤੀ ਹੈ। ਤਕਨੀਕੀ ਅਤੇ ਹੋਰ ਪਹਿਲੂਆਂ ਦੀ ਵਿਸਤ੍ਰਿਤ ਜਾਂਚ ਅਜੇ ਜਾਰੀ ਹੈ। ਇਹ ਸ਼ੁਰੂਆਤੀ ਰਿਪੋਰਟ ਅੰਤਰਰਾਸ਼ਟਰੀ ਨਾਗਰਿਕ ਉੱਡਣ ਸੰਗਠਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜਾਰੀ ਕੀਤੀ ਗਈ ਹੈ। ਜਾਂਚ ਪ੍ਰਕਿਰਿਆ ਚੱਲ ਰਹੀ ਹੈ ਅਤੇ ਅੰਤਿਮ ਰਿਪੋਰਟ ਬਾਅਦ ’ਚ ਪ੍ਰਕਾਸ਼ਿਤ ਕੀਤੀ ਜਾਵੇਗੀ।

ਦੱਸ ਦੇਈਏ ਕਿ 4 ਅਗਸਤ ਨੂੰ ਏਅਰ ਇੰਡੀਆ ਦੀ ਏਅਰਬੱਸ 1320 ਉਡਾਣ ਫੂਕੇਟ ਤੋਂ ਦਿੱਲੀ ਜਾ ਰਹੀ ਸੀ। ਉਡਾਣ ਦੌਰਾਨ ਅਚਾਨਕ ਉੱਚਾਈ ਵਿੱਚ ਲਗਪਗ 300 ਫੁੱਟ ਦੀ ਗਿਰਾਵਟ ਆਈ। (ਬਾਕੀ ਸਫ਼ਾ 2 ’ਤੇ)

ਇੰਦਰਾ ਗਾਂਧੀ ਇੰਟਰਨੈਸ਼ਨਲ ਏਅਰਪੋਰਟ ’ਤੇ ਭਰਿਆ ਪਾਣੀ

- ਦੋ ਘੰਟਿਆਂ ਦੀ ਬਾਰਿਸ਼ ਨਾਲ ਡੁੱਬੀ ਦਿੱਲੀ; ਔਰੇਂਜ ਅਲਰਟ ਜਾਰੀ



ਨਵੀਂ ਦਿੱਲੀ, 4 ਸਤੰਬਰ (ਪੈ.ਗਾਮ-ਏ-ਜਗਤ)

ਜਨਮਾਸ਼ਟਮੀ ਦੇ ਦਿਨ ਦਿੱਲੀ-ਐਨਸੀਆਰ ਵਿੱਚ ਮੌਸਮ ਦਾ ਮਿਜ਼ਾਜ ਅਚਾਨਕ ਬਦਲ ਗਿਆ। ਰਾਜਧਾਨੀ ਵਿੱਚ ਹੋਈ ਭਾਰੀ ਬਾਰਿਸ਼ ਦਾ ਅਸਰ ਇੰਦਰਾ ਗਾਂਧੀ ਇੰਟਰਨੈਸ਼ਨਲ ਏਅਰਪੋਰਟ ’ਤੇ ਵੀ ਦੇਖਣ ਨੂੰ ਮਿਲਿਆ। ਏਅਰਪੋਰਟ ਕੰਪਲੈਕਸ ਵਿੱਚ ਭਾਰੀ ਪਾਣੀ ਭਰਨ ਕਾਰਨ ਯਾਤਰੀਆਂ ਨੂੰ ਕਾਫ਼ੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ।

ਬਾਰਿਸ਼ ਤੋਂ ਬਾਅਦ ਦਿੱਲੀ ਏਅਰਪੋਰਟ ਦੇ ਟਰਮੀਨਲ-3 ਦੇ ਫੋਰਕੋਰਟ ਵਿੱਚ ਪਾਣੀ ਭਰ ਗਿਆ। ਹਾਲਾਤ ਇਹ ਰਹੇ ਕਿ ਯਾਤਰੀਆਂ ਨੂੰ ਆਗਮਨ ਗੇਟ ਵੱਲ ਜਾਣ ਲਈ ਲਗਭਗ ਅੱਧਾ ਘੰਟਾ ਪਾਣੀ ਘੱਟ ਹੋਣ ਦੀ ਉਡੀਕ ਕਰਨੀ ਪਈ। ਜਲਭਰਾਅ ਕਾਰਨ ਯਾਤਰੀਆਂ ਦੀ ਆਵਾਜਾਈ ਪ੍ਰਭਾਵਿਤ ਹੋਈ ਅਤੇ ਉਨ੍ਹਾਂ ਨੂੰ ਪਾਣੀ ਵਿੱਚੋਂ ਲੰਘਣ ਵਿੱਚ ਮੁਸ਼ਕਲ ਆਈ।

ਏਅਰਪੋਰਟ ’ਤੇ ਕੰਮ ਕਰਨ ਵਾਲੇ ਕਰਮਚਾਰੀਆਂ ਨੇ ਵੀ ਇਸ ਤਰ੍ਹਾਂ ਦੇ ਜਲਭਰਾਅ ’ਤੇ ਚਿੰਤਾ ਜ਼ਾਹਰ ਕੀਤੀ। ਉਨ੍ਹਾਂ ਦਾ ਕਹਿਣਾ ਹੈ ਕਿ ਕਈ ਸਾਲਾਂ ਤੋਂ ਏਅਰਪੋਰਟ ’ਤੇ ਕੰਮ ਕਰਨ ਦੇ ਬਾਵਜੂਦ ਉਨ੍ਹਾਂ ਨੇ ਪਹਿਲਾਂ ਕਦੇ ਇੰਨਾ ਪਾਣੀ ਇਕੱਠਾ ਹੁੰਦਾ ਨਹੀਂ ਦੇਖਿਆ।

ਇਸ ਕਾਰਨ ਏਅਰਪੋਰਟ ਦੀ ਛਵੀ ’ਤੇ ਵੀ ਮਾੜਾ ਅਸਰ ਪੈਣ ਦੀ ਚਿੰਤਾ ਜਤਾਈ ਗਈ। ਲੋਕਾਂ ਨੇ ਪਾਣੀ ਭਰਨ ਦੇ ਪਿੱਛੇ ਡ?ਰੇਨੇਜ ਜਾਂ ਸੀਵਰੇਜ ਵਿੱਚ ਰੁਕਾਵਟ ਦੀ ਸੰਭਾਵਨਾ ਜਤਾਈ ਅਤੇ ਪਾਣੀ ਦੀ ਨਿਕਾਸੀ ਦੀ ਵਿਵਸਥਾ ਨੂੰ ਸੁਧਾਰਨ ਦੇ ਨਾਲ-ਨਾਲ (ਬਾਕੀ ਸਫ਼ਾ 2 ’ਤੇ)

ਸੀਜੇਪੀ ਕਾਰਕੁਨ ਦੇ ਪਿਤਾ ’ਤੇ ਹਮਲਾ ਕਰਨ ਵਾਲੇ ਸਵਤੰਤਰ ਨੂੰ ਹਿਰਾਸਤ ਵਿੱਚ ਲਿਆ

- ਦਿੱਲੀ ਵਿੱਚ ‘ਕਾਕਰੋਚ ਪਾਰਟੀ’ ਦੇ ਧਰਨੇ ਤੋਂ ਬਾਅਦ ਕਾਰਵਾਈ



ਨਵੀਂ ਦਿੱਲੀ, 4 ਸਤੰਬਰ (ਪੈ.ਗਾਮ-ਏ-ਜਗਤ)

‘ਕਾਕਰੋਚ ਜਨਤਾ ਪਾਰਟੀ’ ਦੇ ਕਾਰਕੁਨ ਨੀਸ਼ੂ ਆਜ਼ਾਦ ਦੇ ਪਿਤਾ ’ਤੇ ਹਮਲਾ ਕਰਨ ਵਾਲੇ ਸਵਤੰਤਰ ਭਾਰਦਵਾਜ ਨੂੰ ਉੱਤਰ ਪ੍ਰਦੇਸ਼ ਦੇ ਬੁਲੰਦਸ਼ਹਿਰ ਤੋਂ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਦਿੱਲੀ ਪੁਲਿਸ ਨੇ ਫਿਲਹਾਲ ਉਸਨੂੰ ਹਿਰਾਸਤ ਵਿੱਚ ਲੈ ਲਿਆ ਹੈ। ਆਪਣੀ ਗ੍ਰਿਫ਼ਤਾਰੀ ਤੋਂ ਪਹਿਲਾਂ, ਸਵਤੰਤਰ ਨੇ ਹਸਨਪੁਰ ਵਿੱਚ ਮੀਡੀਆ ਨਾਲ ਲਗਭਗ ਤਿੰਨ ਮਿੰਟ ਗੱਲਬਾਤ ਕਰਦਿਆਂ ਕਿਹਾ, ਕੋਈ ਵੀ ਮੈਨੂੰ ਨੁਕਸਾਨ ਨਹੀਂ ਪਹੁੰਚਾ ਸਕਦਾ। ਭਾਵੇਂ ਸਾਰਾ ਵਿਰੋਧੀ ਧਿਰ ਇੱਕਜੁੱਟ ਹੋ ਜਾਵੇ, ਉਹ ਮੇਰੇ ’ਤੇ ਉਂਗਲ ਨਹੀਂ ਰੱਖ ਸਕਦੇ। ਸੀਜੇਪੀ ਨੇ ਸ਼ੁੱਕਰਵਾਰ ਨੂੰ ਦਿੱਲੀ ਦੇ ਸੰਸਦ ਮਾਰਗ ਪੁਲਿਸ ਸਟੇਸ਼ਨ ’ਤੇ ਤਿੰਨ (ਬਾਕੀ ਸਫ਼ਾ 2 ’ਤੇ)

ਨਾਈਜ਼ੀਰੀਆ ’ਚ ਪਾਈਪਲਾਈਨ ਤੋਂ ਤੇਲ ਚੋਰੀ ਦੀ ਕੋਸ਼ਿਸ਼ ਪਈ ਭਾਰੀ

ਜ਼ਹਿਰੀਲੀ ਗੈਸ ਚੜ੍ਹਨ ਨਾਲ 37 ਲੋਕਾਂ ਦੀ ਮੌਤ

ਲਾਗੋਸ, 4 ਸਤੰਬਰ (ਪੈ.ਗਾਮ-ਏ-ਜਗਤ)

ਸ਼ੁੱਕਰਵਾਰ ਨੂੰ ਨਾਈਜੀਰੀਆ ਦੇ ਇੱਕ ਵਾਤਾਵਰਣ ਸਮੂਹ ਨੇ ਦਾਅਵਾ ਕੀਤਾ ਕਿ ਤੇਲ ਪਾਈਪਲਾਈਨ ਤੋਂ ਤੇਲ ਚੁਰਾਉਣ ਦੀ ਕੋਸ਼ਿਸ਼ ਦੌਰਾਨ ਜ਼ਹਿਰੀਲੀ ਗੈਸ ਦੀ ਚਪੇਟ ਵਿੱਚ ਆਉਣ ਨਾਲ ਘੱਟੋ-ਘੱਟ 37 ਲੋਕਾਂ ਦੀ ਜਾਨ ਚਲੀ ਗਈ। ਹਾਲਾਂਕਿ, ਪ੍ਰਸ਼ਾਸਨ ਨੇ ਅਜੇ ਤੱਕ ਅਧਿਕਾਰਤ ਤੌਰ ’ਤੇ ਮਰਨ ਵਾਲਿਆਂ ਦੀ ਗਿਣਤੀ ਦੀ ਪੁਸ਼ਟੀ ਨਹੀਂ ਕੀਤੀ ਹੈ। ਯੂਥਸ ਐਂਡ ਐਨਵਾਇਰਮੈਂਟਲ ਐਡਵੋਕੇਸੀ ਸੈਂਟਰ ਦੇ ਮੁਤਾਬਕ, ਇਹ ਦਰਦਨਾਕ ਹਾਦਸਾ ਵੀਰਵਾਰ ਅੱਧੀ ਰਾਤ ਦੇ ਆਸ-ਪਾਸ ਰਿਵਰਸ ਰਾਜ ਦੇ ਓਕ੍ਰਿਕਾ ਇਲਾਕੇ ’ਚ ਵਾਪਰਿਆ।




ਦੱਸਿਆ ਜਾ ਰਿਹਾ ਹੈ ਕਿ ਓਕਾਰੀ ਜੈਟੀ ’ਤੇ ਇੱਕ ਵੱਡੇ ਜਹਾਜ਼ ’ਚ ਤੇਲ ਭਰਿਆ ਜਾ ਰਿਹਾ ਸੀ, ਉਦੋਂ ਹੀ ਕੁਝ ਸ਼ੱਕੀ ਚੋਰ ਪਾਈਪਲਾਈਨ ’ਚੋਂ ਤੇਜ਼ ਦਬਾਅ ਵਾਲੇ ਪੈਟਰੋਲੀਅਮ ਪਦਾਰਥ ਨੂੰ ਗ਼ੈਰ-ਕਾਨੂੰਨੀ ਤਰੀਕੇ ਨਾਲ ਆਪਣੀਆਂ ਬੇੜੀਆਂ ਵਿੱਚ ਭਰਨ ਦੀ ਕੋਸ਼ਿਸ਼ ਕਰਨ ਲੱਗੇ। ਇਸੇ ਦੌਰਾਨ ਉੱਥੇ ਜ਼ਹਿਰੀਲੀ ਗੈਸ ਦਾ ਰਿਸਾਅ (ਲੀਕੇਜ) ਹੋ ਗਿਆ। ਸਮੂਹ ਦਾ ਕਹਿਣਾ ਹੈ ਕਿ ਕਈ ਲੋਕ ਅਜੇ ਵੀ ਲਾਪਤਾ ਹਨ ਅਤੇ ਨਦੀ ਵਿੱਚ ਕੁਝ ਲਾਸ਼ਾਂ ਤੈਰਦੀਆਂ ਹੋਈਆਂ ਦੇਖੀਆਂ ਗਈਆਂ ਹਨ।

ਪੁਲਿਸ ਦਾ ਕਹਿਣਾ ਹੈ ਕਿ ਪੀੜਤਾਂ ਦੀ ਮੌਤ ਕੱਚਾ ਤੇਲ ਚੁਰਾਉਣ ਦੀ ਕੋਸ਼ਿਸ਼ ਦੌਰਾਨ ਹੋਈ। ਇਹ ਘਟਨਾ ਨਾਈਜਰ ਡੈਲਟਾ ’ਚ ਕੱਚੇ (ਬਾਕੀ ਸਫ਼ਾ 2 ’ਤੇ)

ਸ਼੍ਰੀਨਗਰ ਹਵਾਈ ਅੱਡੇ ’ਤੇ ਇੰਡੀਗੋ ਦਾ ਜਹਾਜ਼ ਖੰਭੇ ਨਾਲ ਟਕਰਾ ਗਿਆ

ਸਾਰੇ 200 ਯਾਤਰੀ ਸੁਰੱਖਿਅਤ

ਸ਼੍ਰੀਨਗਰ, 4 ਸਤੰਬਰ (ਪੈ.ਗਾਮ-ਏ-ਜਗਤ)



ਸ਼੍ਰੀਨਗਰ ਹਵਾਈ ਅੱਡੇ ’ਤੇ ਪਾਰਕਿੰਗ ਦੌਰਾਨ ਇੰਡੀਗੋ ਦਾ ਇੱਕ ਜਹਾਜ਼ (ਫਲਾਈਟ 65 225, ਰਜਿਸਟ੍ਰੇਸ਼ਨ VT-NOG) ਇੱਕ ਖੰਭੇ ਨਾਲ ਟਕਰਾ ਗਿਆ। ਇਹ ਉਡਾਣ ਸ਼ੁੱਕਰਵਾਰ ਸਵੇਰੇ ਨਵੀਂ ਮੁੰਬਈ ਤੋਂ ਸ਼੍ਰੀਨਗਰ ਪਹੁੰਚੀ ਸੀ। ਇਹ ਘਟਨਾ ਸਵੇਰੇ 9 ਵਜੇ ਦੇ ਕਰੀਬ ਵਾਪਰੀ ਜਦੋਂ ਜਹਾਜ਼ ਬੇ ਨੰਬਰ 6 ’ਤੇ ਖੜ੍ਹਾ ਸੀ। ਜਹਾਜ਼ ਵਿੱਚ ਸਵਾਰ ਸਾਰੇ 200 ਯਾਤਰੀ ਅਤੇ ਚਾਲਕ ਦਲ ਦੇ ਮੈਂਬਰ ਸੁਰੱਖਿਅਤ ਹਨ; ਕੋਈ ਵੀ ਜ਼ਖਮੀ ਨਹੀਂ ਹੋਇਆ ਹੈ। ਘਟਨਾ ਤੋਂ ਬਾਅਦ, ਯਾਤਰੀਆਂ ਅਤੇ ਚਾਲਕ ਦਲ ਨੂੰ ਮੈਨੂਅਲ ਏਅਰਕ੍ਰਾਫਟ ਪੌੜੀਆਂ ਦੀ ਵਰਤੋਂ ਕਰਕੇ ਸੁਰੱਖਿਅਤ ਉਤਾਰਿਆ ਗਿਆ। ਹਾਦਸੇ ਦੇ ਕਾਰਨ ਦਾ ਪਤਾ ਲਗਾਉਣ ਲਈ ਜਾਂਚ ਕੀਤੀ ਜਾ ਰਹੀ ਹੈ। ਸ਼੍ਰੀਨਗਰ ਹਵਾਈ ਅੱਡੇ ’ਤੇ ਸੰਚਾਲਨ ਆਮ ਵਾਂਗ ਰਹਿੰਦਾ ਹੈ, ਅਤੇ ਸਾਰੀਆਂ ਉਡਾਣਾਂ (ਬਾਕੀ ਸਫ਼ਾ 2 ’ਤੇ)



ਪੰਜਾਬੀ ਮੂਲ ਦਾ ਪੁਲੀਸ ਅਧਿਕਾਰੀ ਅਤੇ ਚੈਰਿਟੀ ਮੁਖੀ ਕੈਲ ਦੋਸਾਂਝ ਧੋਖਾਧੜੀ ਦੇ ਦੋਸ਼ ਹੇਠ ਗ੍ਰਿਫ਼ਤਾਰ

ਵੈਨਕੂਵਰ/ਚੰਡੀਗੜ੍ਹ, 4 ਸਤੰਬਰ (ਪੈ.ਗਾਮ-ਏ-ਜਗਤ)



ਵੈਨਕੂਵਰ ਪੁਲੀਸ ਨੇ ਪੰਜਾਬੀ ਮੂਲ ਦੇ ਆਪਣੇ ਹੀ ਇੱਕ ਪੁਲੀਸ ਅਧਿਕਾਰੀ ਅਤੇ ਨੌਜਵਾਨਾਂ ਦੀ ਇੱਕ ਚੈਰਿਟੀ ਸੰਸਥਾ ਦੇ ਬਾਨੀ ਖ਼ਿਲਾਫ਼ ਲੰਮੀ ਗੁਪਤ ਜਾਂਚ ਤੋਂ ਬਾਅਦ ਧੋਖਾਧੜੀ, ਚੋਰੀ ਅਤੇ ਭਰੋਸੇ ਦੀ ਉਲੰਘਣਾ ਦੇ ਕਈ ਦੋਸ਼ ਲਾਏ ਗਏ ਹਨ।

ਮੁਲਾਜ਼ਮ ਕੁਲਵਿੰਦਰ ਸਿੰਘ ਉਰਫ ਕੈਲ ਦੋਸਾਂਝ ਦੇ ਸਰੀ ਦੀ 129 ਸਟਰੀਟ ਅਤੇ 59 ਐਵੇਨਿਊ ਸਥਿਤ ਘਰ ਨੂੰ ਅੱਜ ਵੱਡੀ ਗਿਣਤੀ ਪੁਲੀਸ ਨੇ ਬਾਅਦ ਦੁਪਹਿਰ ਘੇਰਾ ਪਾਕੇ ਉਥੋਂ ਕੈਲ ਦੋਸਾਂਝ ਅਤੇ ਉਸਦੇ ਸਾਥੀ ਸਰਬਜੀਤ ਸਿੰਘ ਗਿੱਲ ਨੂੰ ਗ੍ਰਿਫਤਾਰ ਕਰ ਲਿਆ ਹੈ। ਉਸਦੇ ਘਰ ਦੀ ਤਲਾਸ਼ੀ ਦੌਰਾਨ ਪੁਲੀਸ ਉਥੋਂ ਦਸਤਾਵੇਜ਼ਾਂ ਦੇ ਬੰਡਲ ਬਕਸਿਆਂ ਵਿੱਚ ਪਾਕੇ ਲਿਜਾਂਦੀ ਵੇਖੀ ਗਈ ਹੈ। ਵੈਨਕੂਵਰ ਪੁਲੀਸ ਵਿਭਾਗ ਦੇ ਤਜਰਬੇਕਾਰ ਕਾਂਸਟੇਬਲ ਅਤੇ ਸਰੀ-ਸਥਿਤ ’ਕਿਡਜ਼ਪਲੇ ਫਾਊਂਡੇਸ਼ਨ’ ਦੇ ਸੀ.ਈ.ਓ. ਕਲਵਿੰਦਰ ‘ਕੈਲ’ ਦੋਸਾਂਝ ਨੂੰ ਨੌਂ ਦੋਸ਼ਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ— ਜਿਨ੍ਹਾਂ ਵਿੱਚ 5,000 ਡਾਲਰ ਤੋਂ ਵੱਧ ਦੀ ਧੋਖਾਧੜੀ ਦੇ ਚਾਰ ਮਾਮਲੇ, 5,000 ਡਾਲਰ ਤੋਂ ਵੱਧ ਦੀ ਚੋਰੀ ਦੇ ਚਾਰ ਮਾਮਲੇ ਅਤੇ ਇੱਕ ਜਨਤਕ ਅਧਿਕਾਰੀ ਵੱਲੋਂ ਭਰੋਸੇ ਦੀ ਉਲੰਘਣਾ ਦਾ ਇੱਕ ਮਾਮਲਾ ਸ਼ਾਮਲ ਹੈ।

ਬੀ.ਸੀ. ਪ੍ਰੌਸੀਕਿਊਸ਼ਨ ਸਰਵਿਸ ਨੇ ਇਨ੍ਹਾਂ ਦੋਸ਼ਾਂ ਦੀ ਪੁਸ਼ਟੀ ਕੀਤੀ ਹੈ। ਰਿਪੋਰਟ ਮੁਤਾਬਕ 50 ਸਾਲਾ ਦੋਸਾਂਝ ਦੇ ਨਾਲ ਉਨ੍ਹਾਂ ਦੇ ਇੱਕ ਸਹਿ-ਦੋਸ਼ੀ 51 ਸਾਲਾ ਸਰਬਜੀਤ ਸਿੰਘ ਗਿੱਲ ਵੀ ਹਨ, ਜਿਨ੍ਹਾਂ ’ਤੇ ਧੋਖਾਧੜੀ ਅਤੇ ਚੋਰੀ ਦੇ ਛੇ ਦੋਸ਼ ਲੱਗੇ ਹਨ। ਕਥਿਤ ਅਪਰਾਧ 8 ਦਸੰਬਰ 2017 ਤੋਂ 25 ਜੁਲਾਈ 2025 ਤੱਕ ਦੇ ਸਮੇਂ ਦੌਰਾਨ ਵੈਨਕੂਵਰ, ਸਰੀ ਅਤੇ ਬ੍ਰਿਟਿਸ਼ ਕੋਲੰਬੀਆ ਦੇ ਹੋਰ ਸਥਾਨਾਂ ’ਤੇ ਜਾਂ ਉਨ੍ਹਾਂ ਦੇ ਆਸ-ਪਾਸ ਹੋਏ ਦੱਸੇ ਜਾਂਦੇ ਹਨ।

ਫਗਵਾੜਾ ਨੇੜਲੇ ਪਿੰਡ ਦਾ ਮੂਲ ਨਿਵਾਸੀ ਕੁਲਵਿੰਦਰ ਸਿੰਘ ਉਰਫ ਕੈਲ ਦੋਸਾਂਝ ਕਰੀਬ 20 ਸਾਲ ਤੋਂ ਵੈਨਕੂਵਰ ਪੁਲੀਸ ਵਿੱਚ ਸੇਵਾਵਾਂ ਨਿਭਾ ਰਹੇ ਸਨ ਅਤੇ ਨਾਲ ਹੀ ਉਹ ਨੌਜਵਾਨਾਂ ਨੂੰ ਜੁਰਮ ਤੋਂ ਬਚਾਉਣ ਵਾਲੇ ਸੰਗਠਨ ਦਾ ਕਰਤਾ ਧਰਤਾ ਵਜੋਂ (ਬਾਕੀ ਸਫ਼ਾ 2 ’ਤੇ)

ਬਲੋਚਿਸਤਾਨ ਵਿੱਚ ਪਾਕਿਸਤਾਨੀ ਫੌਜ ਦੇ ਕਾਫਲੇ ’ਤੇ ਹਮਲਾ; 25 ਸੈਨਿਕ ਮਾਰੇ ਗਏ

ਇਸਲਾਮਾਬਾਦ, 4 ਸਤੰਬਰ (ਪੈ.ਗਾਮ-ਏ-ਜਗਤ)

ਅਸਥਿਰ ਬਲੋਚਿਸਤਾਨ ਸੂਬੇ ਵਿੱਚ ਪਾਕਿਸਤਾਨੀ ਫ਼ੌਜ ਨੂੰ ਵੱਡਾ ਝਟਕਾ ਲੱਗਾ ਹੈ। ਬਲੋਚਿਸਤਾਨ ਲਿਬਰੇਸ਼ਨ ਆਰਮੀ (ਬੀਐਲਏ) ਦੇ ਲੜਾਕਿਆਂ ਨੇ, ਜੋ ਉਡੀਕ ਵਿੱਚ ਸਨ, ਨੇ ਇੱਕ ਵੱਡੇ ਫੌਜੀ ਕਾਫਲੇ ’ਤੇ ਭਿਆਨਕ ਹਮਲਾ ਕੀਤਾ। ਦਾਅਵਾ ਕੀਤਾ ਜਾ ਰਿਹਾ ਹੈ ਕਿ ਇਸ ਭਿਆਨਕ ਹਮਲੇ ਵਿੱਚ 25 ਪਾਕਿਸਤਾਨੀ ਸੈਨਿਕ ਮਾਰੇ ਗਏ, ਜਦੋਂ ਕਿ ਦੋ ਫੌਜੀ ਵਾਹਨ ਪੂਰੀ ਤਰ੍ਹਾਂ ਸੜ ਕੇ ਸੁਆਹ ਹੋ ਗਏ।

ਖੂਨੀ ਘਟਨਾ ਦੀ ਪੂਰੀ ਜ਼ਿੰਮੇਵਾਰੀ ਲੈਂਦੇ ਹੋਏ, ਬੀਐਲਏ ਨੇ ਘਟਨਾ ਸਥਾਨ ਤੋਂ ਸਨਸਨੀਖੇਜ਼ ਵੀਡੀਓ ਫੁਟੇਜ ਵੀ ਜਾਰੀ ਕੀਤੀ। ‘ਦ ਬਲੋਚਿਸਤਾਨ ਪੋਸਟ’ ਦੀ ਇੱਕ ਰਿਪੋਰਟ ਦੇ ਅਨੁਸਾਰ, ਬੀਐਲਏ ਦੇ ਇੱਕ ਬੁਲਾਰੇ ਨੇ ਕਿਹਾ ਕਿ ਉਨ੍ਹਾਂ ਦੇ ਲੜਾਕਿਆਂ ਨੇ ਜ਼ੀਰਤ ਕਰਾਸ ਦੇ ਨੇੜੇ ਲੰਘਦੇ ਸਮੇਂ ਫੌਜੀ ਕਾਫਲੇ ਨੂੰ ਘੇਰ ਲਿਆ ਅਤੇ ਨਿਸ਼ਾਨਾ ਬਣਾਇਆ। ਭਾਰੀ ਹਥਿਆਰਬੰਦ ਲੜਾਕਿਆਂ ਨੇ ਅੰਨ੍ਹੇਵਾਹ ਗੋਲੀਬਾਰੀ ਕੀਤੀ ਅਤੇ ਫੌਜ ਦੇ ਵਾਹਨਾਂ ’ਤੇ ਵਿਸਫੋਟਕਾਂ ਦੀ ਵਰਤੋਂ ਕੀਤੀ।

ਹਮਲੇ ਦੌਰਾਨ, ਇੱਕ ਭਾਰੀ ਫੌਜ ਦਾ ਟਰੱਕ ਅਤੇ ਇੱਕ ਹੋਰ ਵਾਹਨ ਅੱਗ ਦੀ ਲਪੇਟ ਵਿੱਚ ਆ ਗਏ ਅਤੇ ਪੂਰੀ ਤਰ੍ਹਾਂ ਤਬਾਹ ਹੋ ਗਏ। ਸੰਗਠਨ ਨੇ ਸ਼ੁਰੂ ਵਿੱਚ 18 ਸੈਨਿਕਾਂ ਦੀ ਮੌਤ ਦੀ ਰਿਪੋਰਟ ਦਿੱਤੀ ਸੀ ਪਰ ਬਾਅਦ ਵਿੱਚ ਇਹ ਗਿਣਤੀ 25 ਹੋਣ ਦੀ ਪੁਸ਼ਟੀ ਕੀਤੀ। ਇਸ ਦਲੇਰਾਨਾ ਹਮਲੇ ਤੋਂ ਬਾਅਦ, ਬੀਐਲਏ ਨੇ ਆਪਣੇ ਅਧਿਕਾਰਤ ਮੀਡੀਆ ਚੈਨਲ ‘ਹੱਕਲ’ ’ਤੇ (ਬਾਕੀ ਸਫ਼ਾ 2 ’ਤੇ)

ਭਾਰਤ-ਅਮਰੀਕਾ ਸਬੰਧਾਂ ਤੋਂ ਕਈ ਦੇਸ਼ ਈਰਖਾ ਕਰਦੇ ਹਨ : ਸਰਜੀਓ ਗੋਰ

- ਮੋਦੀ ਉਨ੍ਹਾਂ ਨੇਤਾਵਾਂ ਦੀ ਸੂਚੀ ਵਿੱਚ ਸਭ ਤੋਂ ਉੱਪਰ ਹਨ ਜੋ ਟਰੰਪ ਮਿਲਣਾ ਚਾਹੁੰਦੇ ਹਨ

ਨਵੀਂ ਦਿੱਲੀ, 4 ਸਤੰਬਰ (ਪੈ.ਗਾਮ-ਏ-ਜਗਤ)



ਭਾਰਤ ਵਿੱਚ ਅਮਰੀਕੀ ਰਾਜਦੂਤ ਸਰਜੀਓ ਗੋਰ ਨੇ ਭਾਰਤ-ਅਮਰੀਕਾ ਸਬੰਧਾਂ ਬਾਰੇ ਇੱਕ ਮਹੱਤਵਪੂਰਨ ਬਿਆਨ ਦਿੱਤਾ। ਉਨ੍ਹਾਂ ਟਿੱਪਣੀ ਕੀਤੀ ਕਿ ਬਹੁਤ ਸਾਰੇ ਹੋਰ ਦੇਸ਼ ਦੋਵਾਂ ਦੇਸ਼ਾਂ ਵਿਚਕਾਰ ਮਜ਼ਬੂਤ ਸਬੰਧਾਂ ਤੋਂ ‘ਈਰਖਾ’ ਕਰਦੇ ਹਨ। ਗੋਰ ਨੇ ਕਿਹਾ ਕਿ ਅਮਰੀਕੀ ਰਾਸ਼ਟਰਪਤੀ ਟਰੰਪ ਪ੍ਰਧਾਨ ਮੰਤਰੀ ਮੋਦੀ ਨੂੰ ਆਪਣਾ ਦੋਸਤ ਮੰਨਦੇ ਹਨ ਅਤੇ ਦਸੰਬਰ ਵਿੱਚ ਹੋਣ ਵਾਲੇ 720 ਸੰਮੇਲਨ ਦੌਰਾਨ ਟਰੰਪ ਜਿਨ੍ਹਾਂ ਨੇਤਾਵਾਂ ਨੂੰ ਮਿਲਣਾ ਚਾਹੁੰਦੇ ਹਨ, ਉਨ੍ਹਾਂ ਦੀ ਸੂਚੀ ਵਿੱਚ ਮੋਦੀ ਸਭ ਤੋਂ ਉੱਪਰ ਹੋਣਗੇ।

ਇੱਕ ਇੰਟਰਵਿਊ ਵਿੱਚ, ਸਰਜੀਓ ਗੋਰ ਨੇ ਟਰੰਪ ਅਤੇ ਮੋਦੀ ਵਿਚਕਾਰ ਮਜ਼ਬੂਤ ਨਿੱਜੀ ਸਬੰਧਾਂ ਦਾ ਜ਼ਿਕਰ ਕੀਤਾ। ਨਤੀਜੇ ਵਜੋਂ, ਦਸੰਬਰ ਵਿੱਚ 720 ਸੰਮੇਲਨ ਲਈ ਮੋਦੀ ਫਲੋਰੀਡਾ ਪਹੁੰਚਣ ’ਤੇ ਦੋਵਾਂ ਨੇਤਾਵਾਂ ਵਿਚਕਾਰ ਇੱਕ ਵੱਖਰੀ ਮੁਲਾਕਾਤ ਹੋ ਸਕਦੀ ਹੈ।

ਹਾਲਾਂਕਿ, ਮੋਦੀ ਅਤੇ ਟਰੰਪ ਵਿਚਕਾਰ ਇੱਕ ਵੱਖਰੀ ਦੁਵੱਲੀ ਮੁਲਾਕਾਤ ਬਾਰੇ ਅਜੇ ਤੱਕ ਕੋਈ ਅਧਿਕਾਰਤ ਐਲਾਨ ਨਹੀਂ ਕੀਤਾ ਗਿਆ ਹੈ। ਗੋਰ ਨੇ 2027 ਵਿੱਚ ਟਰੰਪ ਦੇ ਭਾਰਤ ਦੌਰੇ ਦੀ ਸੰਭਾਵਨਾ ਵੱਲ ਵੀ ਸੰਕੇਤ ਦਿੱਤਾ, ਇਹ ਨੋਟ ਕਰਦੇ ਹੋਏ ਕਿ ਟਰੰਪ ਅਜੇ ਵੀ ਦੇਸ਼ ਦੀ ਆਪਣੀ 2020 ਦੀ ਯਾਤਰਾ ਨੂੰ ਪਿਆਰ ਨਾਲ ਯਾਦ ਕਰਦੇ ਹਨ। ਅਮਰੀਕੀ ਰਾਜਦੂਤ (ਬਾਕੀ ਸਫ਼ਾ 2 ’ਤੇ)

ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਲਹਿਰਾ 'ਚ 5 ਸਤੰਬਰ ਨੂੰ ਹੋਵੇਗਾ

ਲਹਿਰਾ/ਸੰਗਰੂਰ, 4 ਸਤੰਬਰ (ਪੈ.ਗਾਮ-ਏ-ਜਗਤ)

ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਕਰਵਾਏ ਜਾ ਰਹੇ ਵਿਸ਼ੇਸ਼ ਸਮਾਗਮਾਂ ਦੀ ਲੜੀ ਤਹਿਤ ਲਹਿਰਾ ਵਿਖੇ 5 ਸਤੰਬਰ ਨੂੰ 500 ਡਰੋਨਾਂ ਦਾ ਸ਼ਾਨਦਾਰ ਸ਼ੋਅ ਕਰਵਾਇਆ ਜਾ ਰਿਹਾ ਹੈ। ਇਹ ਵਿਸ਼ੇਸ਼ ਡਰੋਨ ਸ਼ੋਅ ਅਨਾਜ ਮੰਡੀ ਲਹਿਰਾ ਵਿਖੇ ਹੋਵੇਗਾ।



ਇਸ ਸਬੰਧੀ ਜਾਣਕਾਰੀ ਦਿੰਦਿਆਂ ਐਸ.ਡੀ.ਐਮ. ਲਹਿਰਾ ਰਾਕੇਸ਼ ਪ੍ਰਕਾਸ਼ ਗਰਗ ਨੇ ਦੱਸਿਆ ਕਿ ਆਧੁਨਿਕ ਤਕਨਾਲੋਜੀ ਅਤੇ ਰੌਸ਼ਨੀਆਂ ਦੇ ਇਸ ਵਿਲੱਖਣ ਪ੍ਰਦਰਸ਼ਨ ਰਾਹੀਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਸੰਦੇਸ਼ ਅਤੇ ਮਨੁੱਖਤਾ ਪ੍ਰਤੀ ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਅਸਮਾਨ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਜਾਵੇਗਾ। ਇਹ ਸ਼ੋਅ ਧਾਰਮਿਕ ਆਸਥਾ, ਤਕਨਾਲੋਜੀ ਅਤੇ ਸੱਭਿਆਚਾਰ ਦਾ ਸੁੰਦਰ ਸੁਮੇਲ ਪੇਸ਼ ਕਰੇਗਾ। ਉਨ੍ਹਾਂ ਕਿਹਾ ਕਿ ਇਸ ਵਿਲੱਖਣ ਪ੍ਰੋਗਰਾਮ ਨੂੰ ਲੈ ਕੇ ਲੋਕਾਂ ਵਿੱਚ ਉਤਸ਼ਾਹ ਹੈ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਦਰਸ਼ਕਾਂ ਦੀ ਸਹੂਲਤ, ਸੁਰੱਖਿਆ ਅਤੇ ਸੁਚਾਰੂ ਪ੍ਰਬੰਧਾਂ ਲਈ ਲੋੜੀਂਦੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਐਸ.ਡੀ.ਐਮ. ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪਰਿਵਾਰਾਂ ਸਮੇਤ ਲਹਿਰਾ ਦੀ ਅਨਾਜ ਮੰਡੀ ਵਿਖੇ ਪਹੁੰਚ ਕੇ ਇਸ ਯਾਦਗਾਰੀ ਡਰੋਨ ਸ਼ੋਅ ਦੇ ਸ਼ਾਮਲ ਹੋ ਕੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਦੀਆਂ ਖੁਸ਼ੀਆਂ ਸਾਂਝੀਆਂ ਕਰਨ।

ਲਹਿਰਾਗਾਗਾ ਵਿੱਚ 'ਆਪ' ਦਾ ਵਧਿਆ ਸਿਆਸੀ ਕੱਦ, ਪਿੰਡ ਮਕਰੋੜ ਸਾਹਿਬ ਵਿੱਚ ਪਰਮਿੰਦਰ ਸਿੰਘ ਢੀਂਡਸਾ ਨੂੰ ਵੱਡਾ ਝਟਕਾ

ਲਹਿਰਾਗਾਗਾ, 4 ਸਤੰਬਰ (ਪੈ.ਗਾਮ-ਏ-ਜਗਤ)

ਵਿਧਾਨ ਸਭਾ ਹਲਕਾ ਲਹਿਰਾਗਾਗਾ ਵਿੱਚ ਆਮ ਆਦਮੀ ਪਾਰਟੀ ਦੀ ਸਿਆਸੀ ਪਕੜ ਉਸ ਸਮੇਂ ਹੋਰ ਮਜ਼ਬੂਤ ਹੋ ਗਈ, ਜਦੋਂ ਪਿੰਡ ਮਕਰੋੜ ਸਾਹਿਬ ਦੇ ਸ਼੍ਰੋਮਣੀ ਅਕਾਲੀ ਦਲ ਨਾਲ ਸਬੰਧਤ ਪੰਚਾਇਤ ਮੈਂਬਰਾਂ, ਧਾਰਮਿਕ ਜਥੇਬੰਦੀ ਨਾਲ

- **ਪੰਚਾਇਤ ਮੈਂਬਰਾਂ, ਧਾਰਮਿਕ ਜਥੇਬੰਦੀ ਦੇ ਮੈਂਬਰਾਂ ਸਮੇਤ ਵੱਡੀ ਗਿਣਤੀ ਪਰਿਵਾਰ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਦੀ ਅਗਵਾਈ ਹੇਠ 'ਆਪ' ਵਿੱਚ ਸ਼ਾਮਲ**



ਸਬੰਧਤ ਮੈਂਬਰਾਂ ਅਤੇ ਹੋਰ ਵੱਡੀ ਗਿਣਤੀ ਪਰਿਵਾਰਾਂ ਨੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਪਿੰਡ ਪੱਧਰ 'ਤੇ ਹੋਏ ਇਸ ਸਿਆਸੀ ਬਦਲਾਅ ਨੂੰ 'ਆਪ' ਦੀਆਂ ਵਿਕਾਸਮੁਖੀ ਅਤੇ ਲੋਕ-ਪੱਖੀ ਨੀਤੀਆਂ ਪ੍ਰਤੀ ਲੋਕਾਂ ਦੇ ਵਧ ਰਹੇ ਭਰੋਸੇ ਵਜੋਂ ਦੇਖਿਆ ਜਾ ਰਿਹਾ ਹੈ।

ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਪਿੰਡ ਦੇ ਸਰਪੰਚ ਹਰੀਸ਼ ਕੁਮਾਰ, ਪੰਚ ਗੁਰਨਾਮ ਸਿੰਘ, ਮੇਜਰ ਸਿੰਘ, ਜੈਪਾਲ ਸਿੰਘ, ਕੁਲਦੀਪ ਸਿੰਘ, ਬਲਜੀਤ ਸਿੰਘ, ਹੰਸਾ ਸਿੰਘ ਅਤੇ ਗੁਰਮੁੱਖ ਸਿੰਘ ਤੋਂ ਇਲਾਵਾ ਬਾਲਾ ਜੀ ਮੰਦਰ ਕਮੇਟੀ ਦੇ ਪ੍ਰਧਾਨ ਬਲਕਾਰ ਸਿੰਘ, ਰਿੰਕੂ ਸਿੰਘ, ਗੁਰਮੇਲ ਸਿੰਘ, ਅਮਰੀਕ ਸਿੰਘ, ਅਜਮੇਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪਰਿਵਾਰ ਸ਼ਾਮਲ ਹਨ।

ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਨਵੇਂ ਸਾਥੀਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਰਵਾਇਤੀ ਸਿਆਸਤ ਦੀ ਬਜਾਏ ਵਿਕਾਸ ਅਤੇ ਲੋਕ-ਭਲਾਈ ਨੂੰ ਆਪਣੀ ਮੁੱਖ ਤਰਜੀਹ ਬਣਾਇਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀ ਕਾਰਗੁਜ਼ਾਰੀ ਅਤੇ ਲੋਕ-ਪੱਖੀ ਫੈਸਲਿਆਂ ਦਾ ਸਿੱਧਾ ਲਾਭ ਆਮ ਲੋਕਾਂ ਤੱਕ ਪਹੁੰਚ ਰਿਹਾ ਹੈ, ਜਿਸ ਕਾਰਨ ਵੱਖ-ਵੱਖ ਸਿਆਸੀ ਪਾਰਟੀਆਂ ਨਾਲ ਜੁੜੇ ਲੋਕ ਲਗਾਤਾਰ ਆਮ ਆਦਮੀ ਪਾਰਟੀ ਨਾਲ ਜੁੜ ਰਹੇ ਹਨ।

ਗੋਇਲ ਨੇ ਕਿਹਾ ਕਿ ਹਲਕਾ ਲਹਿਰਾਗਾਗਾ ਦੇ ਪਿੰਡਾਂ ਅਤੇ ਸ਼ਹਿਰਾਂ ਦਾ ਸਰਵਪੱਖੀ ਵਿਕਾਸ ਉਨ੍ਹਾਂ ਦੀ ਮੁੱਖ ਤਰਜੀਹ ਹੈ। ਨਹਿਰੀ ਪਾਣੀ ਦੀ ਸਹੂਲਤ ਨੂੰ ਮਜ਼ਬੂਤ ਕਰਨ, ਸੜਕਾਂ ਅਤੇ ਬੁਨਿਆਦੀ ਢਾਂਚੇ ਵਿੱਚ ਸੁਧਾਰ ਕਰਨ ਸਮੇਤ ਲੋਕ-ਹਿੱਤ ਨਾਲ ਜੁੜੇ ਵਿਕਾਸ ਕਾਰਜਾਂ ਨੂੰ ਲਗਾਤਾਰ ਗਤੀ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਹਲਕੇ ਦੇ ਵਿਕਾਸ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਪਾਰਟੀ ਵਿੱਚ ਸ਼ਾਮਲ ਹੋਏ ਆਗੂਆਂ ਅਤੇ ਪਰਿਵਾਰਾਂ ਨੇ ਕਿਹਾ ਕਿ ਉਹ ਆਮ ਆਦਮੀ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਅਤੇ ਹਲਕੇ ਵਿੱਚ ਹੋ ਰਹੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹਨ। ਉਨ੍ਹਾਂ ਨੇ ਪਾਰਟੀ ਦੀ ਮਜ਼ਬੂਤੀ ਲਈ ਪੂਰੀ ਤਨਦੇਹੀ ਨਾਲ ਕੰਮ ਕਰਨ ਦਾ ਭਰੋਸਾ ਦਿੱਤਾ।ਇਸ ਮੌਕੇ ਪ੍ਰੇਮ ਕੋਹਲੀ, ਭੀਮ ਗਿਰ, ਤਰਸੇਮ ਸਿੰਘ, ਰਿੰਕੂ ਸਿੰਘ, ਬੀ.ਸੀ. ਵਿੰਗ ਦੇ ਜ਼ਿਲ੍ਹਾ ਪ੍ਰਧਾਨ ਬਾਦਲ ਸਿੰਘ, ਗੁਰਮੁੱਖ ਸਿੰਘ ਫੌਜੀ, ਪਿੰਡ ਮਕਰੋੜ ਸਾਹਿਬ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਆਗੂ ਅਤੇ ਵਰਕਰ ਹਾਜ਼ਰ ਸਨ।

ਸੀ.ਟੀ.ਐਮ. ਹਿਮਾਂਸ਼ੂ ਚੌਹਾਨ ਦੀ ਪ੍ਰਧਾਨਗੀ ਹੇਠ ਡੀ.ਐਲ.ਆਰ.ਸੀ. ਦੀ ਸਮੀਖਿਆ ਮੀਟਿੰਗ ਆਯੋਜਿਤ

ਸਰਕਾਰੀ ਯੋਜਨਾਵਾਂ ਅਤੇ ਸਾਲਾਨਾ ਕਰਜ਼ਾ ਯੋਜਨਾ ਦੀ ਪ੍ਰਗਤੀ ਦੀ ਸਮੀਖਿਆ

ਪੈ.ਗਾਮ-ਏ-ਜਗਤ ਹਾਂਸੀ (ਦਿਨਕਰ ਗਾਵੜੀ)

ਜ਼ਿਲ੍ਹਾ ਪੱਧਰੀ ਬੈਂਕਰਜ਼ ਕਮੇਟੀ (ਡੀਸੀਸੀ) ਅਤੇ ਜ਼ਿਲ੍ਹਾ ਪੱਧਰੀ ਸਮੀਖਿਆ ਕਮੇਟੀ (ਡੀਐਲਆਰਸੀ) ਦੀ ਵਿੱਤੀ ਸਾਲ 2026-27 ਦੀ ਜੂਨ ਤਿਮਾਹੀ ਦੀ ਸਮੀਖਿਆ ਮੀਟਿੰਗ ਜ਼ਿਲ੍ਹਾ ਸਕੱਤਰੇਤ ਕੰਪਲੈਕਸ ਵਿੱਚ ਸੀਟੀਐਮ ਹਿਮਾਂਸ਼ੂ ਚੌਹਾਨ ਦੀ ਪ੍ਰਧਾਨਗੀ ਹੇਠ ਆਯੋਜਿਤ ਹੋਈ। ਮੀਟਿੰਗ ਵਿੱਚ ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਪ੍ਰਤੀਨਿਧਾਂ ਅਤੇ ਮੈਂਬਰ ਬੈਂਕਾਂ ਦੇ ਜ਼ਿਲ੍ਹਾ ਤਾਲਮੇਲਕਾਰਾਂ ਨੇ ਹਿੱਸਾ ਲਿਆ।



ਮੀਟਿੰਗ ਵਿੱਚ ਵਿੱਤੀ ਸਾਲ 2026-27 ਦੀ ਪਹਿਲੀ ਤਿਮਾਹੀ ਦੌਰਾਨ ਸਰਕਾਰੀ ਸਪਾਂਸਰਡ ਯੋਜਨਾਵਾਂ ਅਤੇ ਸਾਲਾਨਾ ਕਰਜ਼ਾ ਯੋਜਨਾ ਤਹਿਤ ਹੋਈ ਪ੍ਰਗਤੀ ਦੀ ਵਿਸਥਾਰ ਨਾਲ ਸਮੀਖਿਆ ਕੀਤੀ ਗਈ। ਅਧਿਕਾਰੀਆਂ ਅਤੇ ਬੈਂਕ ਪ੍ਰਤੀਨਿਧਾਂ ਨੇ ਸਬੰਧਤ ਯੋਜਨਾਵਾਂ ਦੇ ਲਾਗੂਕਰਨ, ਯੋਗ ਲਾਭਪਾਤਰੀਆਂ ਤੱਕ ਬੈਂਕਿੰਗ ਸਹੂਲਤਾਂ ਪਹੁੰਚਾਉਣ ਅਤੇ ਕਰਜ਼ਾ ਉਪਲਬਧ ਕਰਵਾਉਣ ਨਾਲ ਜੁੜੇ ਵੱਖ-ਵੱਖ ਵਿਸ਼ਿਆਂ 'ਤੇ ਚਰਚਾ ਕੀਤੀ। ਮੀਟਿੰਗ ਵਿੱਚ ਪ੍ਰਧਾਨ ਮੰਤਰੀ ਸਵਨਿਧੀ ਯੋਜਨਾ 'ਤੇ ਵਿਸ਼ੇਸ਼ ਤੌਰ 'ਤੇ ਚਰਚਾ ਕੀਤੀ ਗਈ। ਸੀਟੀਐਮ ਹਿਮਾਂਸ਼ੂ ਚੌਹਾਨ ਨੇ ਸਬੰਧਤ ਅਧਿਕਾਰੀਆਂ ਅਤੇ ਬੈਂਕ ਪ੍ਰਤੀਨਿਧਾਂ ਨੂੰ ਨਿਰਦੇਸ਼ ਦਿੱਤੇ ਕਿ ਯੋਜਨਾ ਤਹਿਤ ਯੋਗ ਰੇਹੜੀ-ਫੜ੍ਹੀ ਵਿਕਰੇਤਾਵਾਂ ਅਤੇ ਛੋਟੇ ਕਾਰੋਬਾਰੀਆਂ ਨੂੰ ਕਰਜ਼ਾ ਸਹੂਲਤ ਉਪਲਬਧ ਕਰਵਾਉਣ ਦੀ ਪ੍ਰਕਿਰਿਆ ਨੂੰ ਸਰਲ ਅਤੇ ਸੁਗਮ ਬਣਾਇਆ ਜਾਵੇ। ਯੋਗ ਲਾਭਪਾਤਰੀਆਂ ਨੂੰ ਯੋਜਨਾ ਦਾ ਲਾਭ ਦਿਵਾਉਣ ਲਈ ਵਿਭਾਗਾਂ ਅਤੇ ਬੈਂਕਾਂ ਵਿਚਕਾਰ ਬਿਹਤਰ ਤਾਲਮੇਲ ਸਥਾਪਤ ਕਰਨ 'ਤੇ ਵੀ ਜ਼ੋਰ ਦਿੱਤਾ ਗਿਆ।

ਉਨ੍ਹਾਂ ਕਿਹਾ ਕਿ ਸਰਕਾਰੀ ਯੋਜਨਾਵਾਂ ਦਾ ਮੁੱਖ ਉਦੇਸ਼ ਯੋਗ ਅਤੇ ਲੋੜਵੰਦ ਲੋਕਾਂ ਨੂੰ ਸਮੇਂ 'ਤੇ ਆਰਥਿਕ ਸਹਾਇਤਾ ਅਤੇ ਬੈਂਕਿੰਗ ਸਹੂਲਤਾਂ ਉਪਲਬਧ ਕਰਵਾ ਕੇ ਉਨ੍ਹਾਂ ਨੂੰ ਆਤਮ-ਨਿਰਭਰ ਬਣਾਉਣਾ ਹੈ। ਅਜਿਹੇ ਵਿੱਚ ਬੈਂਕ ਅਤੇ ਸਬੰਧਤ ਵਿਭਾਗ ਆਪਸੀ ਤਾਲਮੇਲ ਨਾਲ ਕੰਮ ਕਰਨ ਅਤੇ ਲਾਭਪਾਤਰੀਆਂ ਦੀਆਂ ਅਰਜ਼ੀਆਂ ਦਾ ਨਿਰਧਾਰਤ ਸਮਾਂ ਸੀਮਾ ਵਿੱਚ ਨਿਪਟਾਰਾ ਯਕੀਨੀ ਬਣਾਉਣ।

ਮੀਟਿੰਗ ਵਿੱਚ ਆਉਣ ਵਾਲੇ ਸ਼ਹਿਰੀ ਸਥਾਨਕ ਨਿਕਾਏ ਪੱਧਰ 'ਤੇ ਆਯੋਜਿਤ ਕੀਤੇ ਜਾਣ ਵਾਲੇ ਪੀਐਮ ਸਵਨਿਧੀ ਕੈਂਪਾਂ ਨੂੰ ਲੈ ਕੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਇਨ੍ਹਾਂ ਕੈਂਪਾਂ ਦੇ ਮਾਧਿਅਮ ਨਾਲ ਯੋਗ ਲਾਭਪਾਤਰੀਆਂ ਨੂੰ ਯੋਜਨਾ ਦੀ ਜਾਣਕਾਰੀ ਦੇਣ, ਉਨ੍ਹਾਂ ਦੀਆਂ ਅਰਜ਼ੀਆਂ ਕਰਵਾਉਣ ਅਤੇ ਬੈਂਕਿੰਗ ਅਤੇ ਕਰਜ਼ੇ ਸਬੰਧੀ ਪ੍ਰਕਿਰਿਆਵਾਂ ਨੂੰ ਮੌਕੇ 'ਤੇ ਸੁਗਮ ਬਣਾਉਣ ਦੀ ਦਿਸ਼ਾ ਵਿੱਚ ਕੰਮ ਕੀਤਾ ਜਾਵੇਗਾ। ਸਬੰਧਤ ਅਧਿਕਾਰੀਆਂ ਅਤੇ ਬੈਂਕ ਪ੍ਰਤੀਨਿਧਾਂ ਨੂੰ ਕੈਂਪਾਂ ਦੇ ਸਫ਼ਲ ਆਯੋਜਨ ਲਈ ਜ਼ਰੂਰੀ ਤਿਆਰੀਆਂ ਸਮੇਂ 'ਤੇ ਪੂਰੀਆਂ ਕਰਨ ਲਈ ਕਿਹਾ ਗਿਆ।

ਮੀਟਿੰਗ ਵਿੱਚ ਸਾਲਾਨਾ ਕਰਜ਼ਾ ਯੋਜਨਾ ਤਹਿਤ ਵੱਖ-ਵੱਖ ਖੇਤਰਾਂ ਵਿੱਚ ਕਰਜ਼ਾ ਵੰਡ ਦੀ ਸਥਿਤੀ ਅਤੇ ਸਰਕਾਰੀ ਸਪਾਂਸਰਡ ਯੋਜਨਾਵਾਂ ਦੀ ਪ੍ਰਗਤੀ ਦੀ ਸਮੀਖਿਆ ਕਰਦਿਆਂ ਆਉਣ ਵਾਲੇ ਸਮੇਂ ਵਿੱਚ ਬਿਹਤਰ ਨਤੀਜੇ ਹਾਸਲ ਕਰਨ ਲਈ ਜ਼ਰੂਰੀ ਰਣਨੀਤੀ 'ਤੇ ਵੀ ਚਰਚਾ ਹੋਈ। ਮੀਟਿੰਗ ਵਿੱਚ ਐਲਡੀਐਮ ਰਾਜੇਸ਼ ਜਿੰਦਲ ਮੌਜੂਦ ਰਹੇ।

ਮੀਟਿੰਗ ਦੇ ਅੰਤ ਵਿੱਚ ਸਾਰੇ ਭਾਗੀਦਾਰਾਂ ਨੇ ਸਰਕਾਰੀ ਯੋਜਨਾਵਾਂ ਅਤੇ ਕਰਜ਼ਾ ਯੋਜਨਾਵਾਂ ਦੇ ਪ੍ਰਭਾਵੀ ਲਾਗੂਕਰਨ ਲਈ ਸਮਰਪਣ, ਬਿਹਤਰ ਤਾਲਮੇਲ ਅਤੇ ਸਕਾਰਾਤਮਕ ਦ੍ਰਿਸ਼ਟੀਕੋਣ ਨਾਲ ਕੰਮ ਜਾਰੀ ਰੱਖਣ ਦੀ ਵਚਨਬੱਧਤਾ ਵਿਅਕਤ ਕੀਤੀ, ਤਾਂ ਜੋ ਆਉਣ ਵਾਲੀ ਤਿਮਾਹੀ ਵਿੱਚ ਹੋਰ ਬਿਹਤਰ ਨਤੀਜੇ ਪ੍ਰਾਪਤ ਕੀਤੇ ਜਾ ਸਕਣ।

ਕੇ.ਵੀ.ਕੇ. ਸੰਗਰੂਰ ਵੱਲੋਂ "ਬੀਜ ਉਤਪਾਦਨ-ਇੱਕ ਉੱਦਮ ਵਜੋਂ" ਵਿਸ਼ੇ 'ਤੇ ਕਿੱਤਾ ਮੁਖੀ ਸਿਖਲਾਈ ਕੋਰਸ ਦਾ ਆਯੋਜਨ

ਸੰਗਰੂਰ, 4 ਸਤੰਬਰ (ਪੈ.ਗਾਮ-ਏ-ਜਗਤ)

ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਦੇ ਡਾਇਰੈਕਟੋਰੇਟ ਪਸਾਰ ਸਿੱਖਿਆ ਅਤੇ ਡਾਇਰੈਕਟਰ, ਆਈ.ਸੀ.ਏ.ਆਰ.-ਅਟਾਰੀ, ਜ਼ੋਨ-1, ਲੁਧਿਆਣਾ ਦੀ ਅਗਵਾਈ ਹੇਠ ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਵੱਲੋਂ ਕਿਸਾਨਾਂ ਅਤੇ ਪੇਂਡੂ ਨੌਜਵਾਨਾਂ ਲਈ "ਬੀਜ ਉਤਪਾਦਨ - ਇੱਕ ਉੱਦਮ ਵਜੋਂ" ਵਿਸ਼ੇ 'ਤੇ ਪੰਜ ਰੋਜ਼ਾ ਕਿੱਤਾ ਮੁਖੀ ਸਿਖਲਾਈ ਕੋਰਸ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ 19 ਕਿਸਾਨਾਂ ਨੇ ਭਾਗ ਲਿਆ। ਇਸ ਸਿਖਲਾਈ ਦਾ ਮੁੱਖ ਉਦੇਸ਼ ਕਿਸਾਨਾਂ ਨੂੰ ਵਾਧੂ ਆਮਦਨ ਅਤੇ ਰੁਜ਼ਗਾਰ ਦੇ ਸਾਧਨ ਮੁਹੱਈਆ ਕਰਵਾਉਣਾ ਸੀ।



ਸਿਖਲਾਈ ਦੇ ਉਦਘਾਟਨੀ ਸੈਸ਼ਨ ਦੌਰਾਨ ਡਾ. ਮਨਦੀਪ ਸਿੰਘ, ਇੰਚਾਰਜ, ਪੀ.ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਨੇ ਭਾਗ ਲੈਣ ਵਾਲੇ ਕਿਸਾਨਾਂ ਦਾ ਨਿੱਘਾ ਸਵਾਗਤ ਕੀਤਾ ਅਤੇ ਖੇਤੀਬਾੜੀ ਵਿੱਚ ਸਹਾਇਕ ਧੰਦੇ ਵਜੋਂ ਬੀਜ ਉਤਪਾਦਨ ਦੇ ਘੇਰੇ ਅਤੇ ਮਹੱਤਵ ਬਾਰੇ ਚਾਨਣਾ ਪਾਇਆ। ਉਨ੍ਹਾਂ ਕੇਂਦਰ ਵੱਲੋਂ ਸਮੇਂ-ਸਮੇਂ 'ਤੇ ਕਰਵਾਏ ਜਾਂਦੇ ਕਿੱਤਾਮੁਖੀ ਸਿਖਲਾਈ ਕੋਰਸਾਂ ਅਤੇ ਹੋਰ ਪਸਾਰ ਗਤੀਵਿਧੀਆਂ ਬਾਰੇ ਵੀ ਜਾਣਕਾਰੀ ਦਿੱਤੀ।

ਇਸ ਸਿਖਲਾਈ ਕੋਰਸ ਦੇ ਕੋਆਰਡੀਨੇਟਰ ਡਾ. ਰੁਕਿੰਦਰ ਪ੍ਰੀਤ ਸਿੰਘ ਧਾਲੀਵਾਲ, ਸਹਾਇਕ ਪ੍ਰੋਫੈਸਰ (ਐਗਰੋਨੋਮੀ) ਨੇ ਸਿਖਿਆਰਥੀਆਂ ਨੂੰ ਝੋਨਾ, ਕਣਕ, ਮੱਕੀ, ਮੂੰਗੀ ਅਤੇ ਆਲੂ ਦੀਆਂ ਫਸਲਾਂ ਦੇ ਬੀਜ ਉਤਪਾਦਨ ਲਈ ਵਿਗਿਆਨਕ ਤਕਨੀਕਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਉੱਚ ਗੁਣਵੱਤਾ ਵਾਲੇ ਬੀਜ ਉਤਪਾਦਨ ਲਈ ਚੰਗੇ ਬੀਜ ਸਰੋਤ ਦੀ ਮਹੱਤਤਾ, ਫ਼ਸਲਾਂ ਅਤੇ ਕਿਸਮਾਂ ਦੀ ਆਪਸੀ ਦੂਰੀ, ਨਦੀਨਾਂ ਅਤੇ ਰੋਗੀ ਬੂਟਿਆਂ ਦੀ ਰੋਗਿੰਗ ਅਤੇ ਵੱਖ-ਵੱਖ ਫਸਲਾਂ ਦੇ ਬੀਜਾਂ ਦੀ ਸੰਭਾਲ ਬਾਰੇ ਵਿਸਥਾਰਪੂਰਵਕ ਚਰਚਾ ਕੀਤੀ। ਬੀਜਾਂ ਤੋਂ ਪੈਦਾ ਹੋਣ ਵਾਲੀਆਂ ਬਿਮਾਰੀਆਂ ਦੇ ਪ੍ਰਬੰਧਨ ਬਾਰੇ ਵੀ ਕਿਸਾਨਾਂ ਨਾਲ ਵਿਸਥਾਰ ਨਾਲ ਵਿਚਾਰ ਕੀਤਾ ਗਿਆ। ਡਾ. ਰਵਿੰਦਰ ਕੌਰ, ਐਸੋਸੀਏਟ ਪ੍ਰੋਫੈਸਰ (ਸਬਜ਼ੀ ਵਿਗਿਆਨ) ਨੇ ਸਬਜ਼ੀਆਂ ਦੇ ਬੀਜ ਉਤਪਾਦਨ ਦੀਆਂ ਤਕਨੀਕਾਂ ਬਾਰੇ ਚਰਚਾ ਕੀਤੀ ਅਤੇ ਸਬਜ਼ੀਆਂ ਦੇ ਬੀਜ ਉਤਪਾਦਨ ਦੀ ਆਰਥਿਕਤਾ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ।

ਦਮਨਪ੍ਰੀਤ ਸਿੰਘ, ਖੇਤੀਬਾੜੀ ਵਿਕਾਸ ਅਫਸਰ (ਬੀਜ), ਸੰਗਰੂਰ ਨੇ ਕਿਸਾਨਾਂ ਨੂੰ "ਬੀਜ ਐਕਟ 1966"ਦੀਆਂ ਵਿਵਸਥਾਵਾਂ ਤੋਂ ਜਾਣੂ ਕਰਵਾਇਆ ਅਤੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਤੋਂ ਬੀਜ ਉਤਪਾਦਕ ਅਤੇ ਬੀਜ ਵਿਕਰੇਤਾ ਦਾ ਲਾਇਸੈਂਸ ਪ੍ਰਾਪਤ ਕਰਨ ਦੀ ਜਾਣਕਾਰੀ ਅਤੇ ਵਿਧੀ ਸਾਂਝੀ ਕੀਤੀ ਡਾ. ਬੂਟਾ ਸਿੰਘ ਰੋਮਾਣਾ, ਡਾਇਰੈਕਟਰ, ਅਕਾਲ ਸੀਡ ਫਾਰਮ, ਮਸਤੂਆਣਾ ਸਾਹਿਬ ਨੇ ਬੀਜ ਉਤਪਾਦਨ ਦੇ ਆਪਣੇ ਵਿਸ਼ਾਲ ਤਜ਼ਰਬੇ ਨੂੰ ਭਾਗ ਲੈਣ ਵਾਲੇ ਕਿਸਾਨਾਂ ਨਾਲ ਸਾਂਝਾ ਕੀਤਾ। ਉਨ੍ਹਾਂ ਗੁਣਵੱਤਾ ਭਰਪੂਰ ਬੀਜ ਉਤਪਾਦਨ ਕਰਨ ਲਈ ਬੀਜ ਗ੍ਰੇਡਿੰਗ ਦੀ ਮਹੱਤਤਾ ਅਤੇ ਬੀਜ ਗ੍ਰੇਡਿੰਗ ਦੇ ਵੱਖ-ਵੱਖ ਪੜਾਵਾਂ ਬਾਰੇ ਵੀ ਜਾਣਕਾਰੀ ਦਿੱਤੀ। ਸਿਖਿਆਰਥੀਆਂ ਦਾ ਅਕਾਲ ਸੀਡ ਫਾਰਮ, ਮਸਤੂਆਣਾ ਸਾਹਿਬ ਅਤੇ ਖੇਤਰੀ ਖੋਜ ਕੇਂਦਰ, ਖੇੜੀ ਦਾ ਵਿੱਦਿਅਕ ਦੌਰਾ ਵੀ ਕਰਵਾਇਆ ਗਿਆ, ਜਿੱਥੇ ਉਨ੍ਹਾਂ ਨੇ ਬੀਜ ਉਤਪਾਦਨ ਦੇ ਵਿਹਾਰਕ ਅਤੇ ਵਿਗਿਆਨਕ ਪੱਖਾਂ ਬਾਰੇ ਪ੍ਰੈਕਟਿਕਲ ਗਿਆਨ ਹਾਸਲ ਕੀਤਾ।

ਲਹਿਰਾਗਾਗਾ ਸ਼ਹਿਰ ਨੂੰ ਹਰਿਆ-ਭਰਿਆ ਤੇ ਸੁੰਦਰ ਬਣਾਉਣ ਵੱਲ ਪਹਿਲਾ ਕਦਮ

ਲਹਿਰਾਗਾਗਾ/ਸੰਗਰੂਰ, 4 ਸਤੰਬਰ (ਪੈ.ਗਾਮ-ਏ-ਜਗਤ)

ਲਹਿਰਾਗਾਗਾ ਸ਼ਹਿਰ ਨੂੰ ਹਰਿਆ-ਭਰਿਆ, ਸੁੰਦਰ ਅਤੇ ਵਾਤਾਵਰਨ ਪੱਖੋਂ ਸਾਫ਼-ਸੁਥਰਾ ਬਣਾਉਣ ਦੇ ਉਦੇਸ਼ ਨਾਲ ਪ੍ਰਸ਼ਾਸਨ ਵੱਲੋਂ ਵਿਸ਼ੇਸ਼ ਉਪਰਾਲਾ ਕੀਤਾ ਗਿਆ। ਇਸ ਤਹਿਤ ਐੱਸ.ਡੀ.ਐੱਮ. ਰਾਜੇਸ਼ ਪ੍ਰਕਾਸ਼ ਗਰਗ ਦੀ ਅਗਵਾਈ ਹੇਠ ਥਾਣਾ ਰੋਡ, ਲਹਿਰਾਗਾਗਾ ਵਿਖੇ 100 ਪਾਮ ਦੇ ਬੂਟੇ ਲਗਾਏ ਗਏ।

- **ਐੱਸ.ਡੀ.ਐੱਮ. ਰਾਜੇਸ਼ ਪ੍ਰਕਾਸ਼ ਗਰਗ ਵੱਲੋਂ ਥਾਣਾ ਰੋਡ 'ਤੇ 100 ਪਾਮ ਦੇ ਬੂਟੇ ਲਗਾਏ**
- **ਹਰਿਆਲੀ ਵਧਾਉਣ ਦੇ ਨਾਲ-ਨਾਲ ਕੁਦਰਤੀ ਸਰੋਤਾਂ ਦੀ ਸੰਭਾਲ ਲਈ ਸਾਂਝੇ ਯਤਨਾਂ ਦੀ ਅਪੀਲ**



ਇਸ ਮੌਕੇ ਐੱਸ.ਡੀ.ਐੱਮ. ਰਾਜੇਸ਼ ਪ੍ਰਕਾਸ਼ ਗਰਗ ਨੇ ਕਿਹਾ ਕਿ ਸ਼ਹਿਰ ਨੂੰ ਸੁੰਦਰ ਬਣਾਉਣ ਦੇ ਨਾਲ-ਨਾਲ ਵਾਤਾਵਰਣ ਦੀ ਸੁਰੱਖਿਆ ਕਰਨਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਕਿਹਾ ਕਿ ਵੱਧ ਤੋਂ ਵੱਧ ਰੁੱਖ ਲਗਾਉਣਾ ਅਤੇ ਲਗਾਏ ਗਏ ਬੂਟਿਆਂ ਦੀ ਸੰਭਾਲ ਕਰਨਾ ਸਿਰਫ਼ ਪ੍ਰਸ਼ਾਸਨ ਦੀ ਹੀ ਨਹੀਂ, ਸਗੋਂ ਹਰ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ।

ਉਨ੍ਹਾਂ ਕਿਹਾ ਕਿ ਰੁੱਖ ਸਾਨੂੰ ਸਾਫ਼ ਹਵਾ, ਛਾਂ ਅਤੇ ਵਾਤਾਵਰਣ ਦਾ ਸੰਤੁਲਨ ਪ੍ਰਦਾਨ ਕਰਦੇ ਹਨ। ਇਸ ਲਈ ਸ਼ਹਿਰ ਵਿੱਚ ਹਰਿਆਲੀ ਵਧਾਉਣ ਦੇ ਨਾਲ-ਨਾਲ ਪਾਣੀ, ਹਵਾ, ਮਿੱਟੀ ਅਤੇ ਹੋਰ ਕੁਦਰਤੀ ਸਰੋਤਾਂ ਦੀ ਸੰਭਾਲ ਵੱਲ ਵੀ ਵਿਸ਼ੇਸ਼ ਧਿਆਨ ਦੇਣ ਦੀ ਲੋੜ ਹੈ।

ਐੱਸ.ਡੀ.ਐੱਮ. ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਘਰਾਂ, ਦੁਕਾਨਾਂ, ਖਾਲੀ ਥਾਵਾਂ ਅਤੇ ਜਨਤਕ ਸਥਾਨਾਂ ਨੇੜੇ ਵੱਧ ਤੋਂ ਵੱਧ ਬੂਟੇ ਲਗਾਉਣ ਅਤੇ ਉਨ੍ਹਾਂ ਦੀ ਨਿਯਮਤ ਦੇਖਭਾਲ ਕਰਨ। ਉਨ੍ਹਾਂ ਕਿਹਾ ਕਿ ਸਿਰਫ਼ ਬੂਟੇ ਲਗਾਉਣਾ ਹੀ ਕਾਫ਼ੀ ਨਹੀਂ, ਸਗੋਂ ਉਨ੍ਹਾਂ ਨੂੰ ਪੌਦੇ ਤੋਂ ਰੁੱਖ ਬਣਾਉਣ ਤੱਕ ਸੰਭਾਲਣਾ ਵੀ ਸਾਡਾ ਫਰਜ਼ ਹੈ।

ਉਨ੍ਹਾਂ ਆਓ, ਮਿਲ ਕੇ ਲਹਿਰਾਗਾਗਾ ਨੂੰ ਹਰਿਆ-ਭਰਿਆ, ਸੁੰਦਰ ਅਤੇ ਵਾਤਾਵਰਣ ਪੱਖੋਂ ਸਾਫ਼-ਸੁਥਰਾ ਸ਼ਹਿਰ ਬਣਾਈਏ। ਦਾ ਹੋਕਾ ਦਿੰਦਿਆ ਕੁਦਰਤੀ ਸਰੋਤਾਂ ਦੀ ਸੰਭਾਲ ਲਈ ਪਾਣੀ ਦੀ ਬੱਚਤ ਕਰਨ, ਪਲਾਸਟਿਕ ਦੀ ਵਰਤੋਂ ਘਟਾਉਣ, ਕੂੜਾ-ਕਰਕਟ ਇੱਧਰ-ਉੱਧਰ ਨਾ ਸੁੱਟਣ ਅਤੇ ਵਾਤਾਵਰਣ ਨੂੰ ਪ੍ਰਦੂਸ਼ਣ ਤੋਂ ਬਚਾਉਣ ਲਈ ਵੀ ਲੋਕਾਂ ਨੂੰ ਸਰਗਰਮ ਸਹਿਯੋਗ ਦੇਣ ਦੀ ਅਪੀਲ ਵੀ ਕੀਤੀ।

ਗਲੋਬਲ ਸਟਾਰ ਲਾਇਬ੍ਰੇਰੀ ਰਤੀਆ ਵਿੱਚ ਪ੍ਰਸਿੱਧ ਫ਼ਿਲਮੀ ਅਦਾਕਾਰ ਦੀਪਕ ਕੰਬੋਜ ਦਾ ਰੂਬਰੂ ਅਤੇ ਸਨਮਾਨ

ਪੈਗਾਮ-ਏ-ਜਗਤ/ਰਤੀਆ 4 ਸਤੰਬਰ (ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ)

ਲੋਕ ਚੇਤਨਾ ਮੰਚ ਹਰਿਆਣਾ ਵੱਲੋਂ ਗਲੋਬਲ ਸਟਾਰ ਲਾਇਬ੍ਰੇਰੀ, ਰਤੀਆ ਵਿੱਚ ਪ੍ਰਸਿੱਧ ਫ਼?ਲਮੀ ਅਦਾਕਾਰ ਦੀਪਕ ਕੰਬੋਜ ਦੇ ਰੂਬਰੂ ਅਤੇ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਪ੍ਰੋਗਰਾਮ ਦੀ ਪ੍ਰਧਾਨਗੀ ਲੋਕ ਚੇਤਨਾ ਮੰਚ ਹਰਿਆਣਾ ਦੇ ਚੇਅਰਮੈਨ ਡਾ. ਨੈਬ ਸਿੰਘ ਮੰਡੇਰ ਨੇ ਕੀਤੀ।



ਪ੍ਰੋਗਰਾਮ ਵਿੱਚ ਮੰਚ ਦੇ ਜਨਰਲ ਸਕੱਤਰ ਕ੍ਰਿਸ਼ਨ ਚਿੱਤਰਕਾਰ ਨੇ ਮਹਿਮਾਨਾਂ ਅਤੇ ਹਾਜ਼ਰ ਮੈਂਬਰਾਂ ਦਾ ਸਵਾਗਤ ਕਰਦਿਆਂ ਲੋਕ ਚੇਤਨਾ ਮੰਚ ਵੱਲੋਂ ਸਾਹਿਤ, ਕਲਾ, ਸੱਭਿਆਚਾਰ ਅਤੇ ਸਮਾਜਿਕ ਸਰੋਕਾਰਾਂ ਦੇ ਖੇਤਰ ਵਿੱਚ ਕੀਤੀਆਂ ਜਾ ਰਹੀਆਂ ਵੱਖ-ਵੱਖ ਗਤੀਵਿਧੀਆਂ ਦੀ ਜਾਣਕਾਰੀ ਦਿੱਤੀ। ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ ਨੇ ਫ਼?ਲਮੀ ਅਦਾਕਾਰ ਦੀਪਕ ਕੰਬੋਜ ਦੇ ਜੀਵਨ, ਸੰਘਰਸ਼ ਅਤੇ ਕਲਾ-ਸਫ਼ਰ ਦੀ ਵਿਸਥਾਰਪੂਰਵਕ ਜਾਣ-ਪਛਾਣ ਪੇਸ਼ ਕੀਤੀ। ਰੁਬਰੂ ਪ੍ਰੋਗਰਾਮ ਦੌਰਾਨ ਦੀਪਕ ਕੰਬੋਜ ਨੇ ਆਪਣੇ ਜੀਵਨ ਅਤੇ ਅਦਾਕਾਰੀ ਯਾਤਰਾ ਦੇ ਤਜਰਬੇ ਸਾਂਝੇ ਕਰਦਿਆਂ ਦੱਸਿਆ ਕਿ ਬਚਪਨ ਤੋਂ ਹੀ ਉਨ੍ਹਾਂ ਨੂੰ ਥੀਏਟਰ ਅਤੇ ਕੁਦਰਤ ਦੇ ਰੰਗਾਂ ਪ੍ਰਤੀ ਵਿਸ਼ੇਸ਼ ਰੁਚੀ ਰਹੀ ਹੈ। ਉਨ੍ਹਾਂ ਨੇ ਥਾਪਰ ਯੂਨੀਵਰਸਿਟੀ ਤੋਂ ਸਿਵਲ ਇੰਜੀਨੀਅਰਿੰਗ ਦੀ ਸਿੱਖਿਆ ਪ੍ਰਾਪਤ ਕਰਨ ਤੋਂ ਬਾਅਦ ਵੱਖ-ਵੱਖ ਸੰਸਥਾਵਾਂ ਵਿੱਚ ਨੌਕਰੀ ਕੀਤੀ। ਅਦਾਕਾਰੀ ਅਤੇ ਥੀਏਟਰ ਪ੍ਰਤੀ ਡੂੰਘੀ ਰੁਚੀ ਕਾਰਨ ਉਨ੍ਹਾਂ ਨੇ ਆਈਕਿਊ ਹਸਪਤਾਲ ਦੀ ਨੌਕਰੀ ਛੱਡ ਕੇ ਚੰਡੀਗੜ੍ਹ ਦੇ ਟੀਐਫਟੀ ਥੀਏਟਰ ਵਿੱਚ ਆਪਣੀ ਅਦਾਕਾਰੀ ਸਫ਼ਰ ਦੀ ਸ਼ੁਰੂਆਤ ਕੀਤੀ।

ਉਨ੍ਹਾਂ ਦੱਸਿਆ ਕਿ ਮੁੰਬਈ ਵਿੱਚ ਫ਼ਿਲਮ '21 ਸਰਫ਼ਰੋਸ਼ਃ ਸਾਰਾਗੜ੍ਹੀ 1897' ਵਿੱਚ ਜੂਨੀਅਰ ਆਰਟਿਸਟ ਵਜੋਂ ਉਨ੍ਹਾਂ ਨੇ ਫ਼ਿਲਮੀ ਦੁਨੀਆ ਵਿੱਚ ਕਦਮ ਰੱਖਿਆ। ਇਸ ਤੋਂ ਬਾਅਦ 'ਦਸਤਾਰ' ਫ਼ਿਲਮ ਵਿੱਚ ਤਰਸੇਮ ਜੱਸੜ ਦੇ ਨਾਲ 'ਵਿੰਦਰ' ਦੀ ਭੂਮਿਕਾ ਨਿਭਾ ਕੇ ਉਨ੍ਹਾਂ ਨੂੰ ਪਛਾਣ ਮਿਲੀ। ਉਨ੍ਹਾਂ ਦੱਸਿਆ ਕਿ ਨੈੱਟਫਲਿਕਸ ਦੀ 'ਸਾਰੇ ਜਹਾਂ ਸੇ ਅੱਛਾ', ਜਿਓ ਹਾਟਸਟਾਰ ਦੀ 'ਬੈਡ ਕਾਪ', ਜ਼ੀ ਪੰਜਾਬੀ ਦੀ 'ਹੀਰ ਰਾਂਝਾ', 'ਮਾਵਾਂ ਠੰਢੀਆਂ ਛਾਵਾਂ' ਅਤੇ 'ਜਿਗਰੀ ਯਾਰ' ਅਤੇ 'ਕਸੂਤੀ ਡਿਗਰੀ' ਵਰਗੇ ਪ੍ਰੋਜੈਕਟਾਂ ਵਿੱਚ ਉਨ੍ਹਾਂ ਦੀ ਅਦਾਕਾਰੀ ਨੂੰ ਦਰਸ਼ਕਾਂ ਦਾ ਭਰਪੂਰ ਪਿਆਰ ਮਿਲਿਆ। ਦੀਪਕ ਕੰਬੋਜ ਨੇ ਦੱਸਿਆ ਕਿ ਆਉਣ ਵਾਲੀ 13 ਸਤੰਬਰ ਨੂੰ 'ਮਿੱਟੀ ਦਾ ਪੁੱਤਰ' ਫ਼?ਲਮ ਦੇ ਪ੍ਰਮੋਸ਼ਨ ਲਈ ਆਯੋਜਿਤ ਰੈਲੀ ਵਿੱਚ ਫ਼ਿਲਮ ਜਗਤ ਦੇ ਕਈ ਵੱਡੇ ਕਲਾਕਾਰ ਵੀ ਸ਼ਾਮਲ ਹੋਣਗੇ। ਪ੍ਰੋਗਰਾਮ ਦੌਰਾਨ ਲੋਕ ਚੇਤਨਾ ਮੰਚ ਹਰਿਆਣਾ ਵੱਲੋਂ ਫ਼?ਲਮੀ ਅਦਾਕਾਰ ਦੀਪਕ ਕੰਬੋਜ ਨੂੰ 'ਉੱਤਮ ਸੇਵਾ ਸਨਮਾਨ' ਪ੍ਰਦਾਨ ਕਰਕੇ ਸਨਮਾਨਿਤ ਕੀਤਾ ਗਿਆ। ਸਨਮਾਨ ਪ੍ਰਾਪਤ ਕਰਦਿਆਂ ਉਨ੍ਹਾਂ ਨੇ ਲੋਕ ਚੇਤਨਾ ਮੰਚ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਕਲਾਕਾਰਾਂ ਨੂੰ ਉਤਸ਼ਾਹਿਤ ਕਰਨ ਵਾਲੇ ਅਜਿਹੇ ਆਯੋਜਨ ਕਲਾ ਅਤੇ ਸੱਭਿਆਚਾਰ ਨੂੰ ਅੱਗੇ ਵਧਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਇਸ ਮੌਕੇ 'ਤੇ ਸਮਾਜ ਸੇਵੀ ਤੇਜਿੰਦਰ ਸਿੰਘ ਔਜਲਾ, ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ, ਬਿਕਰਮ ਕੰਬੋਜ, ਮਾਤਾ ਬਲਦੇਵ ਕੌਰ, ਬੇਅੰਤ ਕੌਰ, ਮਨਜੀਤ ਸਿੰਘ, ਗੁਰਪ੍ਰੀਤ ਸਿੰਘ, ਕੁਸ਼ਬ ਗੋਇਲ, ਦਿਲਪ੍ਰੀਤ, ਨਰਿੰਦਰ, ਲਵਪ੍ਰੀਤ, ਕੇਸ਼ਵ, ਅਸਮੀਤ, ਗੁਰਸੇਵਕ, ਮਨਦੀਪ, ਗੁਰਦਿੱਤਾ ਸਮੇਤ ਲੋਕ ਚੇਤਨਾ ਮੰਚ ਦੇ ਕਈ ਮੈਂਬਰ ਅਤੇ ਵੱਡੀ ਗਿਣਤੀ ਵਿੱਚ ਪ੍ਰਸ਼ੰਸਕ ਹਾਜ਼ਰ ਰਹੇ।

ਸ.ਫ਼ਾ 1 ਦਾ ਬਾਕੀ...

ਜੁਲਾਈ 2020 ਤੋਂ...

ਅਮਨ ਅਰੋੜਾ ਨੇ ਕਿਹਾ,"ਪਰ 2020 ਤੋਂ ਬਾਅਦ ਦੇ ਤਨਖਾਹ ਢਾਂਚੇ ਅਧੀਨ ਭਰਤੀ ਕੀਤੇ ਗਏ ਮੁਲਾਜ਼ਮਾਂ ਲਈ ਸਥਿਤੀ ਵੱਖਰੀ ਹੈ ਕਿਉਂਕਿ ਉਹਨਾਂ ਨੂੰ ਪੁਰਾਣੇ ਤਨਖਾਹ ਪੈਟਰਨ ਦੀ ਤਰਜ਼ 'ਤੇ ਉੱਚ ਪੰਜਾਬ ਐਂਟਰੀ ਤਨਖਾਹ ਸਕੇਲ ਨਹੀਂ ਮਿਲਦਾ। ਇਸ ਲਈ ਇਹ ਦਲੀਲ ਕਿ ਘੱਟ ਡੀਏ ਦੀ ਭਰਪਾਈ ਵੱਧ ਬੇਸਿਕ ਪੇਅ ਰਾਹੀਂ ਹੋ ਸਕਦੀ ਹੈ, ਇਸ ਸ਼?ਰੇਣੀ 'ਤੇ ਬਹੁਤ ਘੱਟ ਲਾਗੂ ਹੁੰਦੀ ਹੈ।"

ਅਮਨ ਅਰੋੜਾ ਨੇ ਜ਼ੋਰ ਦਿੰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ 'ਆਪ' ਸਰਕਾਰ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਹੈ ਕਿ ਪੰਜਾਬ ਸਰਕਾਰ ਦੇ ਕਿਸੇ ਵੀ ਕਰਮਚਾਰੀ ਨੂੰ ਕੇਂਦਰ ਸਰਕਾਰ ਦੇ ਹਮਰੁਤਬਾ ਮੁਲਾਜ਼ਮ ਨਾਲੋਂ ਘੱਟ ਤਨਖਾਹ ਨਾ ਮਿਲੇ। ਉਨ੍ਹਾਂ ਕਿਹਾ ਕਿ ਸਰਕਾਰ ਨੇ ਹਾਲ ਹੀ ਦੇ ਸਾਲਾਂ ਵਿੱਚ ਵੱਡੇ ਪੱਧਰ 'ਤੇ ਭਰਤੀ ਕੀਤੀ ਹੈ, ਜਿਸ ਨਾਲ ਸੂਬੇ ਦੇ ਨੌਜਵਾਨਾਂ ਨੂੰ ਰੁਜ਼ਗਾਰ ਦੇ ਮੌਕੇ ਮਿਲ ਰਹੇ ਹਨ। ਅਮਨ ਅਰੋੜਾ ਨੇ ਕਿਹਾ,"ਸਾਡੀ ਸਰਕਾਰ ਨੇ ਇਹ ਸਪੱਸ਼ਟ ਕਰ ਦਿੱਤਾ ਹੈ ਕਿ ਪੰਜਾਬ ਦੇ ਮੁਲਾਜ਼ਮਾਂ ਦਾ ਉਨ੍ਹਾਂ ਦੇ ਕੇਂਦਰ ਸਰਕਾਰ ਦੇ ਹਮਰੁਤਬਾ ਦੇ ਮੁਕਾਬਲੇ ਨੁਕਸਾਨ ਨਹੀਂ ਹੋਣ ਦਿੱਤਾ ਜਾਵੇਗਾ। ਸਾਲ 2020 ਤੋਂ ਬਾਅਦ ਦੇ ਕਰਮਚਾਰੀਆਂ ਲਈ ਡੀਏ ਵਿੱਚ ਵਾਧਾ ਉਸੇ ਨਾ-ਬਰਾਬਰੀ ਨੂੰ ਦੂਰ ਕਰਨ ਵੱਲ ਇੱਕ ਸੁਹਿਰਦ ਕਦਮ ਹੈ"।

'ਆਪ' ਪੰਜਾਬ ਪ੍ਰਧਾਨ ਨੇ ਕਿਹਾ, "ਪੰਜਾਬ ਸਰਕਾਰ ਨੇ 2020 ਤੋਂ ਬਾਅਦ ਭਰਤੀ ਹੋਏ ਕਰਮਚਾਰੀਆਂ ਦੇ ਡੀਏ ਬਾਰੇ ਆਪਣਾ ਪੱਖ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਅਤੇ ਬਾਅਦ ਵਿੱਚ ਸੁਪਰੀਮ ਕੋਰਟ ਵਿੱਚ ਸੂਬੇ ਵੱਲੋਂ ਦਾਇਰ ਵਿਸ਼ੇਸ਼ ਲੀਵ ਪਟੀਸ਼ਨ ਰਾਹੀਂ ਪੇਸ਼ ਕੀਤਾ ਹੈ। ਇਸ ਮੁੱਦੇ ਨੂੰ ਕੈਬਨਿਟ ਮੰਤਰੀਆਂ ਨੇ 3 ਸਤੰਬਰ, 2026 ਦੀ ਪ੍ਰੈਸ ਕਾਨਫਰੰਸ ਦੌਰਾਨ ਜਨਤਕ ਤੌਰ 'ਤੇ ਵੀ ਦੁਹਰਾਇਆ ਸੀ।"

ਵਿਰੋਧੀ ਧਿਰ 'ਤੇ ਤਿੱਖਾ ਹਮਲਾ ਕਰਦਿਆਂ ਅਮਨ ਅਰੋੜਾ ਨੇ ਕਾਂਗਰਸ ਅਤੇ ਭਾਜਪਾ, ਜੋ ਪੰਜਾਬ ਸਰਕਾਰ ਦੇ ਕਰਮਚਾਰੀਆਂ ਲਈ ਤਨਖਾਹ ਬਰਾਬਰੀ ਦੀ ਮੰਗ ਕਰਨ ਲਈ ਸੰਵਿਧਾਨ ਦੀ ਧਾਰਾ 14 ਦੀ ਵਰਤੋਂ ਕਰਨ ਦਾ ਹਵਾਲਾ ਦੇ ਰਹੀਆਂ ਹਨ, ਨੂੰ ਚੁਣੌਤੀ ਦਿੱਤੀ ਅਤੇ ਕਿਹਾ,"ਜੇਕਰ ਉਹ ਸੱਚਮੁੱਚ ਧਾਰਾ 14 ਵਿੱਚ ਵਿਸ਼ਵਾਸ ਰੱਖਦੇ ਹਨ ਤਾਂ ਪੰਜਾਬ ਦੇ ਮਾਮਲਿਆਂ 'ਚ ਦਖਲ ਦੇਣ ਤੋਂ ਪਹਿਲਾਂ ਉਹ ਆਪਣੀਆਂ ਪਾਰਟੀਆਂ ਦੇ ਸ਼ਾਸਨ ਵਾਲੇ ਰਾਜਾਂ ਦੇ ਕਰਮਚਾਰੀਆਂ ਦੀ ਤਨਖਾਹ ਅਤੇ ਭੱਤਿਆਂ ਨੂੰ ਕੇਂਦਰ ਸਰਕਾਰ ਦੇ ਬਰਾਬਰ ਲਿਆਉਣ ਲਈ ਕਹਿਣ।"

ਏਅਰ ਇੰਡੀਆ ਦੀ...

ਇਸ ਘਟਨਾ 'ਚ ਘੱਟੋ-ਘੱਟ 17 ਯਾਤਰੀਆਂ ਅਤੇ ਕਰੂ ਮੈਂਬਰਾਂ ਨੂੰ ਸੱਟਾਂ ਲੱਗੀਆਂ, ਜਿਨ੍ਹਾਂ 'ਚੋਂ ਕੁਝ ਦੀ ਰੀੜ੍ਹ ਦੀ ਹੱਡੀ ਅਤੇ ਧੌਣ 'ਤੇ ਵੀ ਸੱਟਾਂ ਆਈਆਂ। ਏਅਰਲਾਈਨ ਨੇ ਦੱਸਿਆ ਸੀ ਕਿ ਕੋਈ ਗੰਭੀਰ ਸੱਟ ਨਹੀਂ ਲੱਗੀ ਅਤੇ ਲੋੜਵੰਦਾਂ ਦੀ ਹਵਾਈ ਅੱਡੇ 'ਤੇ ਡਾਕਟਰੀ ਜਾਂਚ ਕਰਵਾਈ ਗਈ ਸੀ। ਜਹਾਜ਼ ਸੁਰੱਖਿਅਤ ਢੰਗ ਨਾਲ ਦਿੱਲੀ ਪਹੁੰਚ ਗਿਆ ਸੀ। ਇਸ ਘਟਨਾ ਨੂੰ ਏ.ਏ.ਆਈ.ਬੀ. ਨੇ ਗੰਭੀਰ ਘਟਨਾ (ਸੰਭਾਵੀ ਹਾਦਸਾ) ਵਜੋਂ ਸ਼੍ਰੇਣੀਬੱਧ ਕੀਤਾ ਹੈ। ਪਹਿਲਾਂ ਕੁਝ ਰਿਪੋਰਟਾਂ ਵਿੱਚ ਖ਼ਰਾਬ ਮੌਸਮ/ਝਟਕਿਆਂ ਦਾ ਜ਼ਿਕਰ ਸੀ ਪਰ ਬਾਅਦ ਦੀ ਜਾਂਚ ਵਿੱਚ ਤਕਨੀਕੀ ਖ਼ਰਾਬੀ ਅਤੇ ਹੁਣ ਪਾਇਲਟ ਦੇ ਟੈਸਟ ਨਤੀਜਿਆਂ 'ਤੇ ਵੀ ਧਿਆਨ ਕੇਂਦਰਿਤ ਕੀਤਾ ਜਾ ਰਿਹਾ ਹੈ। ਏ.ਏ.ਆਈ.ਬੀ. ਦੀ ਵਿਸਤ੍ਰਿਤ ਜਾਂਚ ਰਿਪੋਰਟ ਆਉਣੀ ਅਜੇ ਬਾਕੀ ਹੈ।

ਇੰਦਰਾ ਗਾਂਧੀ ਇੰਟਰਨੈਸ਼ਨਲ...

ਭਵਿੱਖ ਵਿੱਚ ਅਜਿਹੀ ਸਥਿਤੀ ਨੂੰ ਰੋਕਣ ਲਈ ਠੋਸ ਕਦਮ ਚੁੱਕਣ ਦੀ ਮੰਗ ਕੀਤੀ।

ਮੌਸਮ ਵਿਭਾਗ ਨੇ ਦਿੱਲੀ-ਐਨਸੀਆਰ ਲਈ ਔਰੇਂਜ ਅਲਰਟ ਜਾਰੀ ਕੀਤਾ ਹੈ। ਦਿੱਲੀ, ਨੋਇਡਾ, ਗਾਜ਼ੀਆਬਾਦ, ਗੁਰੂਗ੍ਰਾਮ ਅਤੇ ਫਰੀਦਾਬਾਦ ਵਿੱਚ ਬਾਰਿਸ਼ ਦੇ ਨਾਲ ਗਰਜ-ਚਮਕ ਹੋਣ ਦੀ ਸੰਭਾਵਨਾ ਹੈ। ਅਗਲੇ ਤਿੰਨ ਘੰਟਿਆਂ ਦੌਰਾਨ ਦਿੱਲੀ ਦੇ ਜ਼ਿਆਦਾਤਰ ਇਲਾਕਿਆਂ ਵਿੱਚ ਦਰਮਿਆਨੀ ਬਾਰਿਸ਼ ਅਤੇ ਕੁਝ ਥਾਵਾਂ 'ਤੇ 50 ਤੋਂ 100 ਮਿਲੀਮੀਟਰ ਤੱਕ ਭਾਰੀ ਬਾਰਿਸ਼ ਹੋਣ ਦਾ ਅਨੁਮਾਨ ਹੈ। ਇਸ ਦੌਰਾਨ ਬਿਜਲੀ ਕੜਕਣ ਅਤੇ 60 ਕਿਲੋਮੀਟਰ ਪ੍ਰਤੀ ਘੰਟੇ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ ਚੱਲਣ ਦੀ ਵੀ ਸੰਭਾਵਨਾ ਹੈ।

ਸੀਜੇਪੀ ਕਾਰਕੁਨ ਦੇ...

ਘੰਟੇ ਦਾ ਵਿਰੋਧ ਪ੍ਰਦਰਸ਼ਨ ਕੀਤਾ ਸੀ, ਜਿਸ ਵਿੱਚ ਸਵਤੰਤਰ ਦੀ ਗ੍ਰਿਫ਼ਤਾਰੀ ਦੀ ਮੰਗ ਕੀਤੀ ਗਈ ਸੀ। ਪੁਲਿਸ ਵੱਲੋਂ ਦਿੱਤੇ ਭਰੋਸੇ ਤੋਂ ਬਾਅਦ ਧਰਨਾ ਖਤਮ ਕਰ ਦਿੱਤਾ ਗਿਆ। ਨੀਸ਼ੂ ਨੇ ਦੋਸ਼ ਲਗਾਇਆ ਸੀ ਕਿ 23 ਜੂਨ ਨੂੰ ਜੰਤਰ-ਮੰਤਰ 'ਤੇ ਇੱਕ ਵਿਰੋਧ ਪ੍ਰਦਰਸ਼ਨ ਦੌਰਾਨ ਉਸਦੇ ਪਿਤਾ ਸੰਜੇ 'ਤੇ ਹਮਲਾ ਕੀਤਾ ਗਿਆ ਸੀ।

ਜ਼ਹਿਰੀਲੀ ਗੈਸ ਚੜ੍ਹਨ...

ਤੇਲ ਦੀ ਚੋਰੀ ਅਤੇ ਪਾਈਪਲਾਈਨ 'ਚ ਤੋੜ-ਭੰਨ ਦੀ ਗੰਭੀਰ ਅਤੇ ਲਗਾਤਾਰ ਬਣੀ ਹੋਈ ਸਮੱਸਿਆ ਨੂੰ ਦਰਸਾਉਂਦੀ ਹੈ।

ਅਕਤੂਬਰ 2023 ਤੋਂ ਬਾਅਦ ਇਹ ਇਸ ਤਰ੍ਹਾਂ ਦੀ ਸਭ ਤੋਂ ਵੱਡੀ ਘਟਨਾ ਹੈ, ਜਿਸ 'ਚ ਇੰਨੀ ਵੱਡੀ ਗਿਣਤੀ 'ਚ ਲੋਕਾਂ ਦੀ ਜਾਨ ਜਾਣ ਦਾ ਦਾਅਵਾ ਕੀਤਾ ਗਿਆ ਹੈ। ਇਸ ਖੇਤਰ ਵਿੱਚ ਗ਼ੈਰ-ਕਾਨੂੰਨੀ ਤਰੀਕੇ ਨਾਲ ਤੇਲ ਕੱਢਣ ਦੀਆਂ ਘਟਨਾਵਾਂ ਕਾਰਨ ਅਕਸਰ ਜਾਨਲੇਵਾ ਹਾਦਸੇ ਅਤੇ ਭਾਰੀ ਪ੍ਰਦੂਸ਼ਣ ਹੁੰਦਾ ਹੈ, ਜਿਸ ਨਾਲ ਨਾਈਜੀਰੀਆ ਦੇ ਤੇਲ ਉਦਯੋਗ ਨੂੰ ਵੀ ਭਾਰੀ ਨੁਕਸਾਨ ਪਹੁੰਚ ਰਿਹਾ ਹੈ।

ਸ਼੍ਰੀਨਗਰ ਹਵਾਈ ਅੱਡੇ...

ਸਮਾਂ-ਸਾਰਣੀ ਅਨੁਸਾਰ ਚੱਲ ਰਹੀਆਂ ਹਨ। ਜਹਾਜ਼ ਦੁਆਰਾ ਟਕਰਾਇਆ ਗਿਆ ਖੰਭਾ ਵਿਜ਼ੂਅਲ ਡੌਕਿੰਗ ਗਾਈਡੈਂਸ ਸਿਸਟਮ ਦਾ ਹਿੱਸਾ ਹੈ, ਜੋ ਪਾਰਕਿੰਗ ਬੇ ਦੇ ਅੰਦਰ ਜਹਾਜ਼ ਨੂੰ ਸਹੀ ਢੰਗ ਨਾਲ ਸਥਿਤੀ ਵਿੱਚ ਰੱਖਣ ਅਤੇ ਸੁਰੱਖਿਅਤ ਪਾਰਕਿੰਗ ਨੂੰ ਯਕੀਨੀ ਬਣਾਉਣ ਵਿੱਚ ਸਹਾਇਤਾ ਕਰਦਾ ਹੈ।

ਪੰਜਾਬੀ ਮੂਲ ਦਾ...

ਕਾਰਜਸ਼ੀਲ ਸੀ। ਉਸ ਨੂੰ ਸਰੀ ਦੇ ਪਤਵੰਤੇ ਵਿਅਕਤੀ ਵਜੋਂ ਸਤਿਕਾਰਿਆ ਜਾਂਦਾ ਸੀ। ਮਾਮਲਾ ਕਿਸੇ ਸ਼ਿਕਾਇਤ ਨਾਲ ਸਬੰਧਤ ਦੱਸਿਆ ਜਾ ਰਿਹਾ ਹੈ, ਜਿਸ 'ਚ ਢਾਈ ਕਰੋੜ ਡਾਲਰ ਦੇ ਘਪਲੇ ਦੀ ਚਰਚਾ ਹੈ। ਵੈਨਕੂਵਰ ਪੁਲੀਸ ਮੁਖੀ ਨੇ ਹਾਲ ਦੀ ਘੜੀ ਇਸ ਬਾਰੇ ਕੁਝ ਵੀ ਦੱਸਣ ਤੋਂ ਇਨਕਾਰ ਕਰਦਿਆਂ ਕਿਹਾ ਕਿ ਉਹ ਸ਼ੁੱਕਰਵਾਰ ਦੁਪਹਿਰ ਨੂੰ ਪੱਤਰਕਾਰ ਸੰਮੇਲਨ ਵਿੱਚ ਸਾਰੀ ਜਾਣਕਾਰੀ ਦੇਣਗੇ।

ਇਸ ਬਾਰੇ ਮਿਲੀ ਭਰੋਸੇਯੋਗ ਜਾਣਕਾਰੀ ਅਨੁਸਾਰ ਕੁਲਵਿੰਦਰ ਸਿੰਘ ਉਰਫ ਕੈਲ ਦੋਸਾਂਝ ਨੇ ਪੁਲੀਸ ਨੌਕਰੀ ਦੇ ਨਾਲ ਯੂਥ ਚੈਰਿਟੀ ਚਲਾਉਂਦੇ ਹੋਏ ਲੋਕਾਂ ਦਾ ਭਰੋਸਾ ਜਿੱਤ ਲਿਆ ਤੇ ਉਨ੍ਹਾਂ ਨੂੰ ਵੱਧ ਕਮਾਈ ਦਾ ਲਾਲਚ ਦੇ ਕੇ ਸੈਂਕੜੇ ਲੋਕਾਂ ਤੋਂ ਕਰੀਬ ਢਾਈ ਕਰੋੜ ਡਾਲਰ ਲੈ ਕੇ ਕੇ ਤੇਜੀ ਦੇ ਦੌਰ ਵਿੱਚ ਕੁਝ ਜਾਇਦਾਦਾਂ ਖਰੀਦੀਆਂ ਤੇ ਕਿਹਾ ਗਿਆ ਕਿ ਵੱਧ ਰੇਟ ਤੇ ਵੇਚ ਕੇ ਮੁਨਾਫਾ ਵੰਡਿਆ ਜਾਏਗਾ।

ਨਕਦ ਲਈਆਂ ਉਨ੍ਹਾਂ ਜਾਇਦਾਦਾਂ ਨੂੰ ਬੈਂਕ ਕੋਲ ਗਹਿਣੇ ਕਰਕੇ ਇਸ ਨੇ ਕਰੀਬ ਦੋ ਕਰੋੜ ਡਾਲਰ ਦੀਆਂ ਜਾਇਦਾਦਾਂ ਆਪਣੇ ਨਾਂਅ ਤੇ ਖਰੀਦ ਲਈਆਂ। ਉਸ ਤੋਂ ਤੁਰੰਤ ਬਾਅ ਮੰਦੀ ਦਾ ਦੌਰ ਸ਼ੁਰੂ ਹੋ ਗਿਆ ਤੇ ਬੈਂਕ ਨੇ ਗਹਿਣੇ ਪਈਆਂ ਜਾਇਦਾਦਾਂ ਕੁਰਕ ਕਰ ਲਈਆਂ। ਪੈਸਾ ਲਾਉਣ ਵਾਲੇ ਰਕਮਾਂ ਵਾਪਸ ਮੰਗਣ ਲੱਗੇ, ਜੋ ਦੇਣ ਤੋਂ ਕੈਲ ਅਸਮਰਥ ਸੀ। ਪੁਲੀਸ ਨੂੰ ਹੋਈਆਂ ਸ਼ਿਕਾਇਤਾਂ ਦੀ ਜਾਂਚ ਪੂਰੀ ਹੋਣ ਤੇ ਢਾਈ ਸਾਲ ਲੱਗੇ, ਜਿਸ ਤੋਂ ਬਾਅਦ ਪੁਲੀਸ ਵੱਲੋਂ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ।

ਬਲੋਚਿਸਤਾਨ ਵਿੱਚ ਪਾਕਿਸਤਾਨੀ...

ਘਟਨਾ ਦਾ 1 ਮਿੰਟ 11 ਸਕਿੰਟ ਦਾ ਵੀਡੀਓ ਟ੍ਰੇਲਰ ਜਾਰੀ ਕੀਤਾ। ਜਾਰੀ ਕੀਤੀ ਗਈ ਫੁਟੇਜ ਵਿੱਚ ਹਥਿਆਰਬੰਦ ਲੜਾਕਿਆਂ ਨੂੰ ਬਲਦੇ ਪਾਕਿਸਤਾਨੀ ਫੌਜੀ ਵਾਹਨਾਂ ਦੇ ਆਲੇ-ਦੁਆਲੇ ਘੁੰਮਦੇ ਦਿਖਾਇਆ ਗਿਆ ਹੈ। ਵੀਡੀਓ ਵਿੱਚ ਸੈਨਿਕਾਂ ਦੀਆਂ ਲਾਸ਼ਾਂ ਨੂੰ ਇਲਾਕੇ ਵਿੱਚ ਖਿੰਡੇ ਹੋਏ ਦਿਖਾਇਆ ਗਿਆ ਹੈ, ਅਤੇ ਲੜਾਕਿਆਂ ਨੂੰ ਆਧੁਨਿਕ ਫੌਜ ਦੇ ਹਥਿਆਰ ਅਤੇ ਗੋਲਾ ਬਾਰੂਦ ਜ਼ਬਤ ਕਰਦੇ ਦੇਖਿਆ ਗਿਆ ਹੈ। ਸੰਗਠਨ ਨੇ ਚੇਤਾਵਨੀ ਦਿੱਤੀ ਹੈ ਕਿ ਪੂਰੀ ਕਾਰਵਾਈ ਦਾ ਇੱਕ ਵਿਸਤ੍ਰਿਤ ਵੀਡੀਓ ਵੀ ਜਲਦੀ ਹੀ ਜਾਰੀ ਕੀਤਾ ਜਾਵੇਗਾ।

ਭਾਰਤ-ਅਮਰੀਕਾ ਸਬੰਧਾਂ...

ਦੇ ਅਨੁਸਾਰ, ਜਦੋਂ ਵੀ ਟਰੰਪ ਭਾਰਤ ਦੀ ਗੱਲ ਕਰਦੇ ਹਨ, ਤਾਂ ਉਨ੍ਹਾਂ ਨੂੰ ਲੋਕਾਂ ਨਾਲ ਮੁਲਾਕਾਤ ਅਤੇ ਪ੍ਰਧਾਨ ਮੰਤਰੀ ਮੋਦੀ ਨਾਲ ਆਪਣੇ ਸਬੰਧ ਯਾਦ ਆਉਂਦੇ ਹਨ। ਗੋਰ ਨੇ ਟਿੱਪਣੀ ਕੀਤੀ ਕਿ ਆਉਣ ਵਾਲਾ ਸਾਲ ਬਹੁਤ ਦੂਰ ਨਹੀਂ ਹੈ, ਹਾਲਾਂਕਿ ਉਨ੍ਹਾਂ ਨੇ ਟਰੰਪ ਦੇ ਸੰਭਾਵੀ ਭਾਰਤ ਦੌਰੇ ਲਈ ਕੋਈ ਤਾਰੀਖ਼ਾਂ ਜਾਂ ਅਧਿਕਾਰਤ ਯਾਤਰਾ ਪ੍ਰੋਗਰਾਮ ਨਹੀਂ ਦੱਸਿਆ।

ਭਾਰਤ ਅਤੇ ਅਮਰੀਕਾ ਵਿਚਕਾਰ ਪ੍ਰਸਤਾਵਿਤ ਵਪਾਰ ਸਮਝੌਤੇ ਬਾਰੇ, ਗੋਰ ਨੇ ਕਿਹਾ ਕਿ ਦੋਵੇਂ ਦੇਸ਼ ਇੱਕ ਸਮਝੌਤੇ ਦੇ ਬਹੁਤ ਨੇੜੇ ਹਨ। ਅਮਰੀਕੀ ਸੁਪਰੀਮ ਕੋਰਟ ਦੇ ਫੈਸਲੇ ਤੋਂ ਬਾਅਦ ਸੌਦੇ ਨਾਲ ਸਬੰਧਤ ਮੁੱਦਿਆਂ 'ਤੇ ਕੰਮ ਦੁਬਾਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਉਮੀਦ ਪ੍ਰਗਟਾਈ ਕਿ ਦੋਵੇਂ ਦੇਸ਼ ਅਗਲੇ ਕੁਝ ਮਹੀਨਿਆਂ ਵਿੱਚ ਸਮਝੌਤੇ ਨੂੰ ਅੰਤਿਮ ਰੂਪ ਦੇ ਸਕਦੇ ਹਨ।

ਸੰਪਾਦਕ-ਦਵਿੰਦਰ ਕੁਮਾਰ ਨੇ ਪ੍ਰਿੰਟਰ, ਇੰਪ੍ਰੈਸ਼ਨ ਪ੍ਰਿੰਟਿਗ ਅਤੇ ਪੈਕਿੰਗ ਲਿਮਿਟਿਡ, ਪਲਾਟ 22 ਅਤੇ 49 ਜੀਐਫ਼, ਇੰਡਸਟਰੀ ਏਰੀਆ, ਫ਼ੇਸ-2 ਪੰਚਕੂਲਾ (ਹਰਿਆਣਾ) ਤੋਂ ਪ੍ਰਕਾਸ਼ਿਤ Title code : CHAMUL00914
Editor-Davinder Kumar printed at Impression Printing & Packaging Ltd.Plot 22 & 49GF, Industrial Area, Phase-2 Panchkula(Haryana)-134115

ਸੂਬਾਈ ਪਛਾਣ ਬਣਿਆਂ ਅਧਿਆਪਕਾਂ ਦਾ ਸਾਹਿਤਕ ਉਪਰਾਲਾ

ਪੈ.ਗਾਮ-ਏ-ਜਗਤ
ਨਵਾਂਸ਼ਹਿਰ (ਦੇਸ ਰਾਜ ਬਾਲੀ)

ਅਧਿਆਪਕ ਵਰਗ ਨੇ ਸਾਹਿਤਕ ਲਹਿਰ ਸਿਰਜਦਿਆਂ ਕਸਬਾ ਔੜ 'ਚ ਨਵਜੋਤ ਸਾਹਿਤ ਸੰਸਥਾ ਰਾਹੀਂ ਆਪਣੇ 44 ਵਰ੍ਹਿਆਂ ਦੌਰਾਨ 44 ਕਿਤਾਬਾਂ ਦਾ ਪ੍ਰਕਾਸ਼ਨ ਕਰਕੇ ਸੂਬਾਈ ਪਛਾਣ

• 44 ਕਿਤਾਬਾਂ ਦਾ ਪ੍ਰਕਾਸ਼ਨ ਤੇ ਪੇਂਡੂ ਖੇਤਰ ਸਾਹਿਤਕ ਲਹਿਰ ਖੜ੍ਹੀ ਕੀਤੀ

ਬਣਾਈ ਹੈ। ਇਸ ਸੰਸਥਾ ਦੀ ਸਥਾਪਨਾ ਅਧਿਆਪਕ ਗੁਰਦਿਆਲ ਰੌਸ਼ਨ ਵਲੋਂ 1984 ਨੂੰ ਕੀਤੀ ਗਈ ਸੀ। ਇਸ ਵਿਚ ਪ੍ਰੋ. ਸੰਧੂ ਵਰਿਆਣਵੀ ਦਾ ਜਨਰਲ ਸਕੱਤਰ ਵਜੋਂ ਵੱਡਾ ਯੋਗਦਾਨ ਰਿਹਾ।

ਹੁਣ ਤੱਕ ਇਸ ਸੰਸਥਾ ਨਾਲ 25 ਅਧਿਆਪਕਾਂ ਦੀਆਂ ਸੇਵਾਵਾਂ ਜੁੜ ਚੁੱਕੀਆਂ ਹਨ। ਇਸ ਸੰਸਥਾ ਦੇ ਪ੍ਰਧਾਨ ਗੁਰਦਿਆਲ ਰੌਸ਼ਨ ਦੀਆਂ ਆਪਣੀਆਂ ਪੰਜਾਹ ਕਾਵਿ ਕਿਤਾਬਾਂ



ਪ੍ਰਕਾਸ਼ਿਤ ਹੋਈਆਂ ਹਨ।

ਇਸ ਸੰਸਥਾ ਦੀ ਪ੍ਰਧਾਨਗੀ ਕਰਨ ਵਾਲੇ ਅਧਿਆਪਕਾਂ ਵਿੱਚ ਗੁਰਦਿਆਲ ਰੌਸ਼ਨ ਤੋਂ ਇਲਾਵਾ ਸਤਪਾਲ ਸਾਹਲੋਂ, ਰਜਨੀ ਸ਼ਰਮਾ ਅਤੇ ਦਵਿੰਦਰ ਸਕੋਹਪੁਰੀ ਪ੍ਰਮੁੱਖ ਤੌਰ 'ਤੇ ਸ਼ਾਮਲ ਹਨ। ਇਵੇਂ ਇਸ ਸੰਸਥਾ 'ਚ ਸਰਗਰਮ ਅਧਿਆਪਕਾਂ ਵਿਚ ਚਮਨ ਮੱਲਪੁਰੀ, ਸੁੱਚਾ ਰਾਮ ਜਾਡਲਾ, ਰਾਮ ਨਾਥ ਕਟਾਰੀਆ, ਡਾ. ਕੇਵਲ ਰਾਮ ਨਵਾਂ ਸ਼ਹਿਰ, ਮੱਖਣ ਬਖਲੌਰ, ਵਿਨੇ ਸ਼ਰਮਾ, ਰਾਜਿੰਦਰ ਜੱਸਲ, ਦੇਸ ਰਾਜ ਬਾਲੀ ਆਦਿ ਸ਼ਾਮਲ ਹਨ ਜਦੋਂ ਕਿ ਮਹਿਲਾ ਅਧਿਆਪਕਾਂ ਨੀਰੂ ਜੱਸਲ, ਅਮਰਜੀਤ ਕੌਰ ਜਿੰਦ, ਹਰਬੰਸ ਕੌਰ ਕਰਿਆਮ, ਰਾਜਵਿੰਦਰ ਕੌਰ ਨਾਗਰਾ, ਸ਼ੈਲੀ ਜੈਰਥ, ਮਨਪ੍ਰੀਤ ਕੌਰ ਸੋਢੀਆਂ ਦੀ ਸਾਹਿਤਕ ਭੂਮਿਕਾ ਵੀ ਬੇਹੱਦ ਸ਼ਲਾਘਾਯੋਗ ਰਹੀ। ਅਧਿਆਪਕਾਂ ਦੇ ਇਸ ਕਦਰ ਸਾਹਿਤਕ ਉਪਰਾਲਿਆਂ ਵਿਚ ਮਹੀਨਾਵਾਰ ਸਮਾਗਮ 'ਲੇਖਕ ਦੇ ਵਿਹੜੇ', 'ਸਾਹਿਤਕ ਸਾਂਝ', 'ਸਾਹਿਤ ਉਚਾਰਨ ਮੁਕਾਬਲੇ' ਬਹੁਤ ਚਰਚਾ ਵਿੱਚ ਹਨ। ਇਸ ਵਕਤ ਵੀ ਇਸ ਸੰਸਥਾ ਦੇ ਤਿੰਨ ਪ੍ਰਮੁੱਖ ਅਹੁਦੇ ਅਧਿਆਪਕਾਂ ਕੋਲ ਹਨ। ਇਹਨਾਂ ਵਿੱਚ ਪ੍ਰਧਾਨ, ਸਕੱਤਰ ਤੇ ਖਜ਼ਾਨਚੀ ਦੇ ਅਹੁਦੇ ਲਈ ਕ੍ਰਮਵਾਰ ਅਧਿਆਪਕ ਦਵਿੰਦਰ ਸਕੋਹਪੁਰੀ, ਕੇਵਲ ਰਾਮ ਤੇ ਰਾਜਵਿੰਦਰ ਕੌਰ ਨਾਗਰਾ ਸੇਵਾਵਾਂ ਨਿਭਾ ਰਹੇ ਹਨ।

ਹਲਕਾ ਕਪੂਰਥਲਾ ਵਿੱਚ 'ਆਪ' ਦਾ ਬੂਟਾ ਲਾਉਣ ਵਾਲੇ ਕੰਵਰ ਇਕਬਾਲ ਸਿੰਘ ਨੇ ਪੇਸ਼ ਕੀਤੀ ਆਪਣੀਂ ਮਜ਼ਬੂਤ ਦਾਅਵੇਦਾਰੀ

ਕਪੂਰਥਲਾ, 4 ਸਤੰਬਰ
(ਪੈ.ਗਾਮ-ਏ-ਜਗਤ)

ਆਮ ਆਦਮੀ ਪਾਰਟੀ ਕਪੂਰਥਲਾ ਦੇ ਮੁੱਢਲੇ ਮੈਂਬਰ ਤਕਰੀਬਨ 13 ਸਾਲਾਂ ਤੋਂ ਪਾਰਟੀ ਨੂੰ ਸੇਵਾਵਾਂ ਦੇ ਰਹੇ ਅੰਤਰਰਾਸ਼ਟਰੀ ਪੰਜਾਬੀ ਸ਼ਾਇਰ ਕੰਵਰ ਇਕਬਾਲ ਸਿੰਘ ਨੇ ਹਲਕਾ ਕਪੂਰਥਲਾ ਤੋਂ ਵਿਧਾਨ ਸਭਾ ਚੋਣਾਂ ਮੌਕੇ ਉਮੀਦਵਾਰ ਵਜੋਂ ਪੇਸ਼ ਕੀਤੀ ਆਪਣੀਂ ਮਜ਼ਬੂਤ ਦਾਅਵੇਦਾਰੀ!

ਜ਼ਿਕਰਯੋਗ ਹੈ ਕਿ ਸਾਲ 2013 ਤੋਂ ਆਮ ਆਦਮੀ ਪਾਰਟੀ ਨਾਲ ਜੁੜੇ ਕੰਵਰ ਇਕਬਾਲ ਸਿੰਘ ਨੇ ਦਿਨ ਰਾਤ ਇੱਕ ਕਰਕੇ ਹਲਕਾ ਕਪੂਰਥਲਾ ਵਿੱਚ ਪਾਰਟੀ ਨੂੰ ਮਜ਼ਬੂਤ ਕੀਤਾ !

2014 ਵਿੱਚ ਹੋਈਆਂ ਲੋਕ ਸਭਾ ਚੋਣਾਂ ਮੌਕੇ ਹਲਕਾ ਖਡੂਰ ਸਾਹਿਬ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਭਾਈ ਬਲਦੀਪ ਸਿੰਘ ਦੀ ਰੱਜ ਕੇ ਸਪੋਰਟ ਕੀਤੀ, ਪਾਰਟੀ ਹਾਈ ਕਮਾਂਡ ਵੱਲੋ 2015 ਵਿੱਚ ਇਨ੍ਹਾਂ ਨੂੰ ਪੰਜਾਬ ਦੀ ਪੰਜ ਮੈਂਬਰੀ ਸੱਭਿਆਚਾਰਕ ਕਮੇਟੀ ਦਾ ਮੈਂਬਰ ਨਿਯੁਕਤ ਕੀਤਾ ਗਿਆ! ਗੁਜਰਾਤ,ਦਿੱਲੀ, ਹਰਿਆਣਾ ਅਤੇ ਹੋਰ ਸੂਬਿਆਂ ਵਿੱਚ ਸਮੇਂ-ਸਮੇਂ ਹੋਈਆਂ ਚੋਣਾਂ ਵਿੱਚ ਇਨ੍ਹਾਂ ਨੂੰ ਅਰਵਿੰਦ ਕੇਜਰੀਵਾਲ ਜੀ ਵੱਲੋਂ ਅਬਜ਼ਰਵਰ ਨਿਯੁਕਤ ਕਰਕੇ ਵੱਖ-ਵੱਖ ਸਟੇਟਾਂ ਵਿੱਚ ਸਟਾਰ ਪ੍ਰਚਾਰਕ ਵਜੋਂ ਭੇਜਿਆ ਗਿਆ! ਪੰਜਾਬ ਵਿੱਚ ਹੋਈਆਂ ਜਿਮਨੀ ਚੋਣਾਂ ਮੌਕੇ ਵੀ ਇਕਬਾਲ ਜੀ ਨੇ ਦਿਨ ਰਾਤ ਪੂਰੀ ਮਿਹਨਤ ਨਾਲ ਵੱਖ-ਵੱਖ ਹਲਕਿਆਂ ਵਿੱਚ ਕੰਮ ਕੀਤਾ! ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਸਾਰੇ ਹੀ ਪੰਜਾਬ ਦੇ ਸਕੂਲਾਂ ਕਾਲਜਾਂ ਟੈਕਨੀਕਲ ਯੂਨੀਵਰਸਿਟੀਆਂ ਅਤੇ ਸਾਇੰਸ ਸਿਟੀ ਆਦਿ ਵਰਗੇ ਸਿੱਖਿਆ ਦੇ ਵੱਡੇ ਅਦਾਰਿਆਂ ਨੂੰ ਚਲਾਉਣ ਵਾਲੇ (ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨਾਲੋਜੀ ਡਿਪਾਰਟਮੈਂਟ ਪੰਜਾਬ) ਵਿੱਚ ਜਿੱਥੇ ਸੂਬੇ ਦੇ ਵਜੀਰਾਂ ਨੂੰ ਮੈਂਬਰ ਲਿਆ ਗਿਆ ਹੈ ਉੱਥੇ ਹੀ ਕੰਵਰ ਇਕਬਾਲ ਸਿੰਘ ਜੀ ਵੀ



ਪੰਜਾਬ ਸਟੇਟ ਕੌਂਸਲ ਦੀ ਸਟੇਟ ਕੈਬਨਿਟ ਕਮੇਟੀ ਦੇ ਮੈਂਬਰ ਹੈ ! ਉੱਘੇ ਕਾਰੋਬਾਰੀ ਕੰਵਰ ਇਕਬਾਲ ਜੀ ਨੂੰ ਪਾਰਟੀ ਨੇ ਟਰੇਡ ਵਿੰਗ ਦਾ ਜਿਲ੍ਹਾ ਇੰਚਾਰਜ ਲਾ ਕੇ ਟ੍ਰੇਡਰਜ਼ ਕਮਿਸ਼ਨ ਦੀ ਜਿਲ੍ਹਾ ਚੇਅਰਮੈਨੀ ਨਾਲ ਵੀ ਨਿਵਾਜਿਆ ਹੋਇਆ ਹੈ ! ਸਾਹਿਤ ਦੇ ਖੇਤਰ ਵਿੱਚ ਵਿਸ਼ਵ ਪ੍ਰਸਿੱਧ ਸ਼ਾਇਰ ਵਜੋਂ ਜਾਣੇ ਜਾਂਦੇ ਇਕਬਾਲ ਜੀ ਨੂੰ ਦਿੱਲੀ ਸਰਕਾਰ ਵੱਲੋਂ ਹਰ 26 ਜਨਵਰੀ ਅਤੇ 15 ਅਗਸਤ ਨੂੰ ਦਿੱਲੀ ਦੇ ਲਾਲ ਕਿਲੇ ਤੇ ਭਾਰਤ ਦੇ 24 ਪੰਜਾਬੀ ਕਵੀਆਂ ਵਿੱਚ ਕਵਿਤਾ ਪੇਸ਼ ਕਰਨ ਵਾਸਤੇ ਬੁਲਾਇਆ ਜਾਂਦਾ ਹੈ।

ਦੇਸ਼ ਵਿਦੇਸ਼ ਵਿੱਚ ਆਪਣੀ ਕਾਬਲੀਅਤ ਅਤੇ ਸਾਫ-ਸੁਥਰੀ ਛਵੀ ਦੀ ਛਾਪ ਛੱਡਣ ਵਾਲੇ ਇੱਕਬਾਲ ਜੀ ਹਲਕਾ ਕਪੂਰਥਲਾ ਵਿੱਚ 'ਆਪ' ਦੇ ਸਾਰੇ ਹੀ ਦਾਅਵੇਦਾਰਾਂ ਤੋਂ ਮਜਬੂਤ ਦਾਅਵੇਦਾਰ ਮੰਨੇ ਜਾ ਰਹੇ ਹਨ।

ਜੈਨ ਸਥਾਨਕ, ਨਵਾਂਸ਼ਹਿਰ ਵਿਖੇ ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ

ਪੈ.ਗਾਮ-ਏ-ਜਗਤ
ਨਵਾਂਸ਼ਹਿਰ (ਦੇਸ ਰਾਜ ਬਾਲੀ)

ਐਸ.ਐਸ. ਜੈਨ ਸਭਾ ਦੇ ਜਨਰਲ ਸਕੱਤਰ ਰਤਨ ਕੁਮਾਰ ਜੈਨ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਪਾਵਨ ਤਿਉਹਾਰ ਜੈਨ ਸਥਾਨਕ ਨਵਾਂਸ਼ਹਿਰ ਵਿਖੇ ਮਹਾਸਾਧਵੀ ਸ੍ਰੀ ਸਵਾਤੀ ਜੀ ਮਹਾਰਾਜ, ਸ੍ਰੀ ਸੁਪ੍ਰਗਿਆ ਜੀ, ਸ੍ਰੀ ਸੁਦੀਪਤੀ ਜੀ ਅਤੇ ਸ੍ਰੀ ਸੁਵਿਧੀ ਮਹਾਰਾਜ ਦੀ ਅਗਵਾਈ ਹੇਠ ਜੈਨ ਸਥਾਨਕ ਵਿਖੇ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ।

ਮਹਾਸਾਧਵੀ ਸ਼੍ਰੀ ਸਵਾਤੀ ਜੀ ਅਤੇ ਮਹਾਸਾਧਵੀ ਸ਼੍ਰੀ ਸੁਪ੍ਰਗਿਆ ਜੀ ਮਹਾਰਾਜ ਨੇ ਭਗਵਾਨ ਸ਼੍ਰੀ ਕ੍ਰਿਸ਼ਨ ਦੇ ਜੀਵਨ ਬਾਰੇ ਦੱਸਦੇ ਹੋਏ ਕਿਹਾ ਕਿ ਸ਼੍ਰੀ ਕ੍ਰਿਸ਼ਨ ਜੈਨ ਧਰਮ ਦੇ 22ਵੇਂ ਤੀਰਥੰਕਰ ਭਗਵਾਨ ਸ਼੍ਰੀ ਅਰਿਸ਼ਟ ਨੇਮੀ ਦੇ ਚਚੇਰੇ ਭਰਾ ਸਨ। ਉਨ੍ਹਾਂ ਨੇ ਸ਼੍ਰੀ ਕ੍ਰਿਸ਼ਨ ਜੀ ਦੇ ਜੀਵਨ



ਦੀਆਂ ਵੱਖ-ਵੱਖ ਘਟਨਾਵਾਂ ਨੂੰ ਅਧਿਆਤਮਿਕਤਾ ਨਾਲ ਜੋੜਦੇ ਹੋਏ ਦੱਸਿਆ।

ਸਾਧਵੀ ਸ਼੍ਰੀ ਸੁਦੀਪਤੀ ਜੀ ਅਤੇ ਸੁਵਿਧੀ ਜੀ ਨੇ ਭਜਨਾਂ ਰਾਹੀਂ ਸ਼੍ਰੀ ਕ੍ਰਿਸ਼ਨ ਦਾ ਗੁਣਗਾਨ ਕੀਤਾ। ਮਹਾਸਾਧਵੀ ਸ਼੍ਰੀ ਸਵਾਤੀ ਜੀ ਮਹਾਰਾਜ ਨੇ ਮੰਗਲਪਾਠ ਦਾ ਪਾਠ ਸੁਣਾ ਕੇ ਸਾਰਿਆਂ ਨੂੰ ਆਸ਼ੀਰਵਾਦ ਦਿੱਤਾ। ਸ਼੍ਰੀ ਰਮਣੀਕ ਬਾਲ ਕਲਾ ਮੰਡਲ ਦੇ ਡਾਇਰੈਕਟਰ ਮੀਨਾਕਸ਼ੀ ਜੈਨ, ਦੀਪਿਕਾ ਜੈਨ, ਗੀਤੂ ਜੈਨ ਦੀ ਮਦਦ ਨਾਲ, ਜੈਨ ਭਾਈਚਾਰੇ ਦੇ ਬੱਚਿਆਂ ਹੀਰਕ, ਚਿਰਾਂਸ਼ੀ, ਨਿਵਾਨ, ਅਵਧ, ਲਾਘਵ, ਸੁਹਾਨਿਆ ਨੇ ਭਗਵਾਨ ਸ਼੍ਰੀ ਕ੍ਰਿਸ਼ਨ ਦੇ ਜੀਵਨ 'ਤੇ ਆਧਾਰਿਤ ਇੱਕ ਬਹੁਤ ਹੀ ਸੁੰਦਰ ਨਾਚ ਪੇਸ਼ ਕੀਤਾ! ਅੱਜ ਛੋਟੇ ਬੱਚੇ ਸ਼੍ਰੀ ਕ੍ਰਿਸ਼ਨ ਅਤੇ ਰਾਧਾ ਦੇ ਬਹੁਤ ਹੀ ਸੁੰਦਰ ਪਹਿਰਾਵੇ ਵਿੱਚ ਸਜੇ ਹੋਏ ਆਏ! ਉਨ੍ਹਾਂ ਨੂੰ ਦੇਖ ਕੇ ਸਾਰਿਆਂ ਦਾ ਦਿਲ ਖੁਸ਼ੀ ਨਾਲ ਭਰ ਗਿਆ! ਗੁਰੂਨੀ ਜੀ ਮਹਾਰਾਜ ਅਤੇ ਜੈਨ ਸਭਾ ਦੇ ਮੁਖੀ ਮੁਨੀਸ਼ ਜੈਨ ਨੇ ਅੱਜ ਨਾਟਕ ਵਿੱਚ ਹਿੱਸਾ ਲੈਣ ਵਾਲੇ ਸਾਰੇ ਬੱਚਿਆਂ ਨੂੰ ਤੋਹਫ਼ੇ ਦੇ ਕੇ ਸਨਮਾਨਿਤ ਕੀਤਾ! ਇਸ ਮੌਕੇ ਐਸਐਸ ਜੈਨ ਸਭਾ, ਸ਼੍ਰੀ ਮਹਾਵੀਰ ਜੈਨ ਯੁਵਕ ਮੰਡਲ, ਸ਼੍ਰੀ ਵਰਧਮਾਨ ਜੈਨ ਸੇਵਾ ਸੰਘ, ਪ੍ਰਯਾਸ ਸੁਸਾਇਟੀ, ਜੈਨ ਮਹਿਲਾ ਮੰਡਲ, ਸ਼੍ਰੀ ਚੰਦਨਬਾਲਾ ਜੈਨ ਯੁਵਤੀ ਮੰਡਲ ਅਤੇ ਸ਼੍ਰੀ ਰਮਣੀਕ ਬਾਲ ਕਲਾ ਮੰਡਲ ਦੇ ਮੈਂਬਰ ਮੌਜੂਦ ਸਨ।

ਮਹੰਤ ਪਵਨ ਕੁਮਾਰ ਦਾਸ ਜੀ ਵੱਲੋਂ ਭਗਤ ਜਨਾਂ ਨੂੰ ਸਨਮਾਨਿਤ ਕੀਤਾ ਗਿਆ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਪ੍ਰਾਚੀਨ ਠਾਕੁਰ ਦੁਆਰਾ ਪੱਟੀ ਵਿੱਚ ਸ੍ਰੀ ਕ੍ਰਿਸ਼ਨ ਜਨਮਾਸ਼ਟਮੀ ਦੇ ਮੌਕੇ 'ਤੇ 1008 ਮਹੰਤ ਪਵਨ ਕੁਮਾਰ ਦਾਸ ਜੀ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਆਯੋਜਿਤ ਪ੍ਰੋਗਰਾਮ ਵਿੱਚ ਸ਼ਾਮਲ ਹੋਈਆਂ ਸੰਗਤਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ 'ਤੇ ਮਹੰਤ ਪਵਨ ਕੁਮਾਰ ਦਾਸ ਜੀ ਨੇ ਦੱਸਿਆ ਕਿ ਅੱਜ ਰਾਤ ਨੂੰ ਸ੍ਰੀ ਕ੍ਰਿਸ਼ਨ ਜਨਮਾਸ਼ਟਮੀ ਦੇ ਮੌਕੇ 'ਤੇ ਸਮਾਗਮ ਆਯੋਜਿਤ ਕੀਤਾ ਜਾਵੇਗਾ ਜਿਸ ਵਿੱਚ ਸੰਗਤਾਂ ਭਗਵਾਨ ਦੀ ਮਹਿਮਾ ਦਾ ਗੁਣਗਾਨ ਕਰਨਗੀਆਂ ਅਤੇ ਵਿਸ਼ੇਸ਼ ਤੌਰ 'ਤੇ ਸਮਾਗਮ





ਵਿੱਚ ਪਹੁੰਚੇ ਮੁਕੇਰੀਆਂ ਦੇ ਕਥਾ ਵਾਚਕ ਸੰਗਤਾਂ ਨੂੰ ਕਥਾ ਰਾਹੀਂ ਨਿਹਾਲ ਕਰਨਗੇ ਅਤੇ ਇਸ ਮੌਕੇ 'ਤੇ ਸੰਗਤਾਂ ਨੂੰ ਭਗਵਾਨ ਦਾ ਭੰਡਾਰਾ ਅਤੇ ਪ੍ਰਸਾਦ ਨਿਰੰਤਰ ਵੰਡਿਆ ਜਾਵੇਗਾ।

ਸੇਵਾ ਸੰਕਲਪ ਅਭਿਆਨ ਮੋਦੀ ਦੀ 25 ਸਾਲਾਂ ਦੀ ਸੇਵਾ ਨੂੰ ਹਰੇਕ ਵਿਅਕਤੀ ਤੱਕ ਪਹੁੰਚਾਏਗਾ-ਡਾ. ਅਰਚਨਾ ਗੁਪਤਾ

ਪੈ.ਗਾਮ-ਏ-ਜਗਤ
ਅੰਬਾਲਾ, 4 ਸਤੰਬਰ (ਆਰ.ਸਿੰਘ)

ਸ਼ੁੱਕਰਵਾਰ ਨੂੰ ਮੁਲਾਣਾ ਵਿੱਚ ਸੇਵਾ ਸੰਕਲਪ ਅਭਿਆਨ 'ਤੇ ਜ਼ਿਲ੍ਹਾ ਪੱਧਰੀ ਵਰਕਸ਼ਾਪ ਵਿੱਚ ਮੁੱਖ ਬੁਲਾਰੇ ਵਜੋਂ ਪਹੁੰਚੀ ਭਾਜਪਾ ਦੀ ਸੂਬਾ ਪ੍ਰਧਾਨ ਡਾ. ਅਰਚਨਾ ਗੁਪਤਾ ਨੇ ਪਾਰਟੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਜਨਤਕ ਜੀਵਨ ਵਿੱਚ 25 ਸਾਲਾਂ ਦੀ ਸੇਵਾ ਅਤੇ ਸਮਰਪਣ ਦੀ ਯਾਦ ਵਿੱਚ ਭਾਰਤੀ ਜਨਤਾ ਪਾਰਟੀ 17 ਸਤੰਬਰ ਤੋਂ 17 ਅਕਤੂਬਰ ਤੱਕ ÷ਸੇਵਾ ਸੰਕਲਪ ਅਭਿਆਨ÷ ਸ਼ੁਰੂ ਕਰੇਗੀ। ਮੁਹਿੰਮ ਦੇ ਤਹਿਤ ਹਰਿਆਣਾ ਵਿੱਚ ਸੇਵਾ, ਸਮਾਜਿਕ ਸਰੋਕਾਰਾਂ, ਜਨ ਸੰਪਰਕ, ਨੌਜਵਾਨਾਂ ਦੀ ਭਾਗੀਦਾਰੀ ਅਤੇ ਵਿਕਸਤ ਭਾਰਤ ਪ੍ਰਤੀ ਵਚਨਬੱਧਤਾ ਨਾਲ ਸਬੰਧਿਤ ਪ੍ਰੋਗਰਾਮਾਂ ਦੀ ਇੱਕ ਲੜੀ ਦਾ ਆਯੋਜਨ ਕੀਤਾ ਜਾਵੇਗਾ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਭਾਜਪਾ ਵਰਕਰ ਸੂਬੇ ਦੇ ਹਰ ਲਾਭਪਾਤਰੀ ਅਤੇ ਆਮ ਆਦਮੀ ਤੱਕ ਪਹੁੰਚ ਕਰਨਗੇ।

ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ 25 ਸਾਲ ਦਾ ਜਨਤਕ ਜੀਵਨ ਸੱਤਾ ਤੱਕ ਦੀ ਯਾਤਰਾ ਨਹੀਂ ਸਗੋਂ ਸੇਵਾ, ਸਮਰਪਣ ਅਤੇ ਰਾਸ਼ਟਰ ਨਿਰਮਾਣ ਦੀ ਯਾਤਰਾ ਰਿਹਾ ਹੈ। ਸਮਾਜ ਦੇ ਹਰ ਵਰਗ ਵਿੱਚ ਸੇਵਾ ਦੀ ਇਸ ਭਾਵਨਾ ਨੂੰ ਫੈਲਾਉਣ ਅਤੇ ਜਨਤਾ ਨੂੰ ਵਿਕਸਤ ਭਾਰਤ ਦੇ ਸੰਕਲਪ ਨਾਲ ਜੋੜਨ ਲਈ ਇਹ ਅਭਿਆਨ ਮਾਧਿਅਮ ਵਜੋਂ ਕੰਮ ਕਰੇਗਾ। ਮਹੀਨਾ ਚੱਲਣ ਵਾਲੀ ਇਹ ਮੁਹਿੰਮ 17 ਸਤੰਬਰ ਨੂੰ 'ਅਸ਼ੀਰਵਾਦ ਕਾ ਦੀਆ' ਪ੍ਰੋਗਰਾਮ ਨਾਲ ਸ਼ੁਰੂ ਹੋਵੇਗੀ। ਬੂਥ ਪੱਧਰ 'ਤੇ ਭਾਜਪਾ ਵਰਕਰ ਆਪਣੇ ਪਰਿਵਾਰਾਂ ਨਾਲ ਦੀਵੇ ਜਗਾਉਣਗੇ ਅਤੇ ਇਸ ਮੁਹਿੰਮ ਵਿੱਚ ਕੇਂਦਰ ਅਤੇ ਰਾਜ ਸਰਕਾਰ ਦੀਆਂ ਵੱਖ-ਵੱਖ ਭਲਾਈ ਯੋਜਨਾਵਾਂ ਦੇ ਲਾਭਪਾਤਰੀ ਪਰਿਵਾਰਾਂ ਨੂੰ ਵੀ ਸ਼ਾਮਲ ਕਰਨਗੇ। ਇਸ ਉਦੇਸ਼ ਲਈ ਹਰੇਕ ਬੂਥ 'ਤੇ ਪ੍ਰਭਾਵਸ਼ਾਲੀ ਭਾਗੀਦਾਰੀ ਨੂੰ ਯਕੀਨੀ ਬਣਾਉਣ ਲਈ ਜ਼ਿਲ੍ਹਾ ਇੰਚਾਰਜ ਤੋਂ ਲੈ ਕੇ ਬੂਥ ਇੰਚਾਰਜ ਤੱਕ ਵਰਕਰਾਂ ਨੂੰ ਜ਼ਿੰਮੇਵਾਰੀਆਂ ਸੌਂਪੀਆਂ ਜਾਣਗੀਆਂ।

ਭਾਜਪਾ ਦੀ ਸੂਬਾ ਪ੍ਰਧਾਨ ਡਾ. ਅਰਚਨਾ ਗੁਪਤਾ ਨੇ ਕਿਹਾ ਕਿ 'ਬੱਚਿਆਂ ਦੇ ਸੁਪਨਿਆਂ ਦਾ ਭਾਰਤ' ਪ੍ਰੋਗਰਾਮ ਤਹਿਤ ਸਕੂਲ ਪੱਧਰ 'ਤੇ ਡਰਾਇੰਗ ਅਤੇ ਭਾਸ਼ਣ ਮੁਕਾਬਲੇ ਕਰਵਾਏ ਜਾਣਗੇ। ਬੱਚੇ ਅਤੇ ਨੌਜਵਾਨ ਆਪਣੇ ਸੁਪਨਿਆਂ ਦੇ ਭਾਰਤ ਦੀਆਂ ਤਸਵੀਰਾਂ ਅਤੇ ਵਿਚਾਰ ਪੇਸ਼ ਕਰਨਗੇ। ਇਸ ਦੌਰਾਨ ਨੁੱਕੜ ਨਾਟਕਾਂ ਰਾਹੀਂ, 'ਨਮੋ



ਸੇਵਾ ਗਾਥਾ', ਪ੍ਰਧਾਨ ਮੰਤਰੀ ਮੋਦੀ ਦੀ 25 ਸਾਲਾਂ ਦੀ ਸੇਵਾ, ਲੋਕ ਭਲਾਈ ਯੋਜਨਾਵਾਂ ਅਤੇ ਦੇਸ਼ ਵਿੱਚ ਲਿਆਂਦੀਆਂ ਗਈਆਂ ਤਬਦੀਲੀਆਂ ਨੂੰ ਜਨਤਾ ਤੱਕ ਪਹੁੰਚਾਇਆ ਜਾਵੇਗਾ। ਔਰਤਾਂ ਦੀ ਸਿਹਤ ਅਤੇ ਪੋਸ਼ਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣ ਵਾਲੀਆਂ ਆਂਗਣਵਾੜੀ ਵਰਕਰਾਂ, ਸਹਾਇਕਾਂ ਅਤੇ ਆਸ਼ਾ ਵਰਕਰਾਂ ਨੂੰ ਸਨਮਾਨਿਤ ਕਰਨ ਲਈ ਇੱਕ ਆਂਗਣ ਕਾ ਉਤਸਵ ਪ੍ਰੋਗਰਾਮ ਆਯੋਜਿਤ ਕੀਤਾ ਜਾਵੇਗਾ। ਇਹ ਤਿੰਨ ਦਿਨਾਂ ਪ੍ਰੋਗਰਾਮ ਸਮਾਜ ਦੇ ਆਖ਼ਰੀ ਕਿਨਾਰੇ ਤੱਕ ਸਿਹਤ, ਪੋਸ਼ਣ ਅਤੇ ਸਰਕਾਰੀ ਲਾਭ ਪਹੁੰਚਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣ ਵਾਲੀਆਂ ਔਰਤਾਂ ਦੇ ਯੋਗਦਾਨ ਦਾ ਸਨਮਾਨ ਕਰੇਗਾ।

ਉਨ੍ਹਾਂ ਦੱਸਿਆ ਕਿ 'ਕਹਾਣੀ ਬਦਲਾਵ ਕੀ' ਮੁਹਿੰਮ ਰਾਹੀਂ ਮੋਦੀ ਸਰਕਾਰ ਦੀਆਂ ਯੋਜਨਾਵਾਂ ਤੋਂ ਲਾਭ ਉਠਾਉਣ ਵਾਲੇ ਲੋਕਾਂ ਦੀਆਂ ਅਸਲ ਜੀਵਨ ਕਹਾਣੀਆਂ ਨੂੰ ਵੀਡੀਓ ਰਾਹੀਂ ਪ੍ਰਦਰਸ਼ਿਤ ਕੀਤਾ ਜਾਵੇਗਾ। 'ਵਿਕਸਿਤ ਭਾਰਤ ਸੰਕਲਪ ਯਾਤਰਾ' ਵਿੱਚ ਪ੍ਰਮੁੱਖ ਪ੍ਰਭਾਵਕ ਅਤੇ ਡਿਜੀਟਲ ਸਮਗਰੀ ਨਿਰਮਾਤਾ ਦੇਸ਼ ਵਿੱਚ ਕੀਤੇ ਗਏ ਵਿਕਾਸ ਕਾਰਜਾਂ ਦਾ ਖ਼ੁਦ ਅਨੁਭਵ ਕਰਨਗੇ ਅਤੇ ਇਸ ਜਾਣਕਾਰੀ ਨੂੰ ਜਨਤਾ ਨਾਲ ਸਾਂਝਾ ਕਰਨਗੇ। 'ਜਯੋਤੀ ਸੇਵਾ ਯਾਤਰਾ' ਹਰ ਪਿੰਡ ਤੱਕ ਪਹੁੰਚੇਗੀ ਜਿੱਥੇ ਪ੍ਰਧਾਨ ਮੰਤਰੀ ਮੋਦੀ ਦੀ 25 ਸਾਲਾਂ ਦੀ ਸੇਵਾ ਅਤੇ ਸਮਰਪਣ ਲਈ ਸ਼ੁਕਰਗੁਜ਼ਾਰੀ ਪ੍ਰਗਟ ਕਰਨ ਦੇ ਨਾਲ-ਨਾਲ ਵਿਕਸਤ ਭਾਰਤ ਲਈ ਪ੍ਰਣ ਲਿਆ ਜਾਵੇਗਾ। 'ਸੇਵਾ ਮੇਰਾ ਅਭਿਆਨ' ਮੁਹਿੰਮ ਦੇ ਤਹਿਤ ਨਾਗਰਿਕ ਆਪਣੇ ਘਰਾਂ, ਆਂਢ-ਗੁਆਂਢ, ਪਿੰਡਾਂ, ਸਕੂਲਾਂ ਅਤੇ ਜਨਤਕ ਥਾਵਾਂ 'ਤੇ ਮਹੀਨੇ ਭਰ 25 ਗਤੀਵਿਧੀਆਂ ਵਿੱਚ ਕਾਰਕੁਨਾਂ ਦੇ ਨਾਲ-ਨਾਲ ਹਿੱਸਾ ਲੈ ਸਕਣਗੇ।

ਡਾ. ਗੁਪਤਾ ਨੇ ਕਿਹਾ ਕਿ 'ਸੇਵਾ ਸੇਤੂ' ਮੁਹਿੰਮ ਦੇ ਤਹਿਤ ਯੋਗ ਲੋਕਾਂ ਨੂੰ ਵੱਖ-ਵੱਖ ਸਰਕਾਰੀ ਯੋਜਨਾਵਾਂ ਬਾਰੇ ਜਾਣਕਾਰੀ ਦੇਣ ਅਤੇ ਇਨ੍ਹਾਂ ਯੋਜਨਾਵਾਂ ਦੇ ਲਾਭਾਂ ਤੱਕ ਪਹੁੰਚਣ ਵਿੱਚ ਸਹਾਇਤਾ ਕਰਨ ਲਈ ਬਲਾਕ ਪੱਧਰ 'ਤੇ ਕੈਂਪ ਲਗਾਏ ਜਾਣਗੇ। ਰਾਸ਼ਟਰਵਾਦ ਨੂੰ ਰਾਸ਼ਟਰ ਦੇ ਨਾਮ 'ਤੇ ਰੰਗੋਲੀ ਰਾਹੀਂ ਰਚਨਾਤਮਿਕ ਤੌਰ 'ਤੇ ਪ੍ਰਗਟ ਕੀਤਾ ਜਾਵੇਗਾ ਜਦੋਂ ਕਿ ÷ਰਾਸ਼ਟਰੀ ਨਵੀਨਤਾ ਚੁਨੌਤੀ÷ ਵਿੱਚ ਵਿਦਿਆਰਥੀ, ਨੌਜਵਾਨ, ਸਟਾਰਟਅੱਪ, ਪੇਸ਼ਾਵਰ ਅਤੇ ਨਵੀਨਤਾਕਾਰੀ ਸਥਾਨਕ ਸਮੱਸਿਆਵਾਂ ਨੂੰ ਹੱਲ ਕਰਨ ਲਈ ਨਵੀਆਂ ਕਾਢਾਂ ਪੇਸ਼ ਕਰਨਗੇ। ਇਹ ਮੁਹਿੰਮ 17 ਅਕਤੂਬਰ ਨੂੰ ÷ਜਨਸੇਵਕ ਮਹਾਕੁੰਭ÷ ਨਾਲ ਸਮਾਪਤ ਹੋਵੇਗੀ ਜਿਸ ਵਿੱਚ ਪੰਚਾਇਤ ਤੋਂ ਲੈ ਕੇ ਸੰਸਦ ਤੱਕ ਜਨਤਕ ਸੇਵਾ ਵਿੱਚ ਸ਼ਾਮਲ ਪ੍ਰਤੀਨਿਧੀ ਸ਼ਾਮਲ ਹੋਣਗੇ।

ਸੂਬਾ ਪ੍ਰਧਾਨ ਨੇ ਕਾਰਕੁਨਾਂ ਨੂੰ ਅਪੀਲ ਕੀਤੀ ਕਿ ਉਹ ÷ਸੇਵਾ ਸੰਕਲਪ ਅਭਿਆਨ÷ ਨੂੰ ਸਿਰਫ਼ ਸਮਾਗਮਾਂ ਤੱਕ ਸੀਮਤ ਨਾ ਰੱਖਣ ਸਗੋਂ ਇਸ ਨੂੰ ਹਰ ਪਰਿਵਾਰ ਨਾਲ ਸੰਚਾਰ ਕਰਨ, ਹਰ ਯੋਗ ਵਿਅਕਤੀ ਤੱਕ ਇੱਕ ਯੋਜਨਾ ਨਾਲ ਪਹੁੰਚਣ ਅਤੇ ਹਰ ਨਾਗਰਿਕ ਨੂੰ ਵਿਕਸਤ ਭਾਰਤ ਦੇ ਸੰਕਲਪ ਨਾਲ ਜੋੜਨ ਦੀ ਮੁਹਿੰਮ ਵਿੱਚ ਬਦਲਣ। ਸਾਨੂੰ ਸਮੂਹਿਕ ਤੌਰ 'ਤੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਰਾਜ ਵਿੱਚ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਰਾਹੀਂ ਪ੍ਰਧਾਨ ਮੰਤਰੀ ਮੋਦੀ ਜੀ ਦੀ 25 ਸਾਲਾਂ ਦੀ ਸੇਵਾ ਯਾਤਰਾ ਤੋਂ ਪ੍ਰੇਰਨਾ ਲੈ ਕੇ ਸਮਾਜ ਅਤੇ ਦੇਸ਼ ਦੀ ਸੇਵਾ ਵਿੱਚ ਆਪਣੀ ਭੂਮਿਕਾ ਨੂੰ ਯਕੀਨੀ ਬਣਾਉਣਾ ਚਾਹੀਦਾ ਹੈ।

ਇਸ ਮੌਕੇ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਮਨਦੀਪ ਰਾਣਾ, ਜ਼ਿਲ੍ਹਾ ਇੰਚਾਰਜ ਮਦਨ ਚੌਹਾਨ, ਸਾਬਕਾ ਮੰਤਰੀ ਅਸੀਮ ਗੋਇਲ ਅਤੇ ਸੰਤੋਸ਼ ਸਾਰਵਾਨ, ਸਾਬਕਾ ਵਿਧਾਇਕ ਪਵਨ ਸੈਣੀ ਅਤੇ ਰਾਜਬੀਰ ਬਰਾੜਾ, ਨਗਰ ਨਿਗਮ ਅੰਬਾਲਾ ਦੀ ਮੇਅਰ ਅਕਸ਼ਿਤਾ ਸੈਣੀ, ਜ਼ਿਲ੍ਹਾ ਪ੍ਰੀਸ਼ਦ ਅੰਬਾਲਾ ਦੇ ਚੇਅਰਮੈਨ ਮੱਖਣ ਸਿੰਘ ਲਬਾਣਾ, ਭਾਜਪਾ ਦੇ ਸੂਬਾ ਮੁੱਖ ਬੁਲਾਰੇ ਡਾ. ਸੰਜੇ ਸ਼ਰਮਾ, ਸੂਬਾ ਸਕੱਤਰ ਗੁਰਪ੍ਰੀਤ ਕੌਰ, ਨਗਰ ਪ੍ਰੀਸ਼ਦ ਅੰਬਾਲਾ ਛਾਉਣੀ ਦੀ ਪ੍ਰਧਾਨ ਸਵਰਨ ਕੌਰ, ਜਗਮੋਹਨ ਲਾਲ ਕੁਮਾਰ, ਰਾਜੇਸ਼ ਬਟੋਰਾ ਆਦਿ ਮੌਜੂਦ ਸਨ।

ਵਿਕਸਿਤ ਭਾਰਤ ਦਾ ਸੁਪਨਾ ਤੇਜ਼ੀ ਨਾਲ ਹੋ ਰਿਹਾ ਹੈ ਸਾਕਾਰ : ਤੀਕਸ਼ਣ ਸੂਦ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਅੱਜ ਜਦੋਂ ਵਿਸ਼ਵ ਦੇ ਕਈ ਵਿਕਸਿਤ ਅਤੇ ਵਿਕਾਸਸ਼ੀਲ ਦੇਸ਼ ਆਰਥਿਕ ਮੰਦੀ, ਮਹਿੰਗਾਈ, ਬੇਰੁਜ਼ਗਾਰੀ ਅਤੇ ਵਿਸ਼ਵ ਵਪਾਰ ਵਿੱਚ ਗਿਰਾਵਟ ਵਰਗੀਆਂ ਚੁਣੌਤੀਆਂ ਦਾ ਸਾਹਮਣਾ ਕਰ ਰਹੇ ਹਨ, ਅਜਿਹੇ ਸਮੇਂ ਵਿੱਚ ਭਾਰਤ ਦੀ ਅਰਥਵਿਵਸਥਾ ਲਗਾਤਾਰ ਮਜ਼ਬੂਤੀ ਨਾਲ ਅੱਗੇ ਵਧ ਰਹੀ ਹੈ। ਭਾਰਤ ਦੀ ਵਧਦੀ ਜੀਡੀਪੀ ਇਹ ਸਪੱਸ਼ਟ ਕਰਦੀ ਹੈ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਕੇਂਦਰ ਸਰਕਾਰ ਵੱਲੋਂ ਅਪਣਾਈਆਂ ਗਈਆਂ ਦੂਰਅੰਦੇਸ਼ੀ ਅਤੇ ਮਜ਼ਬੂਤ ਆਰਥਿਕ ਨੀਤੀਆਂ ਨੇ ਦੇਸ਼ ਦੀ ਅਰਥਵਿਵਸਥਾ ਨੂੰ ਨਵੀਆਂ ਉਚਾਈਆਂ 'ਤੇ ਪਹੁੰਚਾਇਆ ਹੈ।

ਸਾਬਕਾ ਕੈਬਨਿਟ ਮੰਤਰੀ ਅਤੇ ਸੀਨੀਅਰ ਭਾਜਪਾ ਆਗੂ ਤੀਕਸ਼ਣ ਸੂਦ ਨੇ ਭਾਰਤ ਦੀ ਮੌਜੂਦਾ ਆਰਥਿਕ ਸਥਿਤੀ 'ਤੇ ਸੰਤੋਸ਼ ਪ੍ਰਗਟ ਕਰਦਿਆਂ ਕਿਹਾ ਕਿ ਭਾਰਤ ਦੀ ਆਰਥਿਕ ਮਜ਼ਬੂਤੀ ਪਿੱਛੇ ਕੇਂਦਰ ਸਰਕਾਰ ਦੀਆਂ ਕਈ ਮਹੱਤਵਪੂਰਨ ਨੀਤੀਆਂ ਅਤੇ ਯੋਜਨਾਵਾਂ ਮੁੱਖ ਤੌਰ 'ਤੇ ਜ਼ਿੰਮੇਵਾਰ ਹਨ। ਸਰਕਾਰ ਵੱਲੋਂ ਦੇਸ਼ ਵਿੱਚ ਮਜ਼ਬੂਤ ਬੁਨਿਆਦੀ ਢਾਂਚੇ ਦਾ ਨਿਰਮਾਣ, ਐਕਸਪ੍ਰੈਸ-ਵੇ, ਰੇਲਵੇ, ਏਅਰਪੋਰਟ, ਬੰਦਰਗਾਹ

• ਕਿਹਾ: ਵਿਸ਼ਵ ਆਰਥਿਕ ਮੰਦੀ ਦੇ ਬਾਵਜੂਦ ਭਾਰਤ ਦੀ ਮਜ਼ਬੂਤ ਜੀਡੀਪੀ ਵਾਧਾ ਮੋਦੀ ਸਰਕਾਰ ਦੀਆਂ ਸਫਲ ਆਰਥਿਕ ਨੀਤੀਆਂ ਦਾ ਨਤੀਜਾ



ਅਤੇ ਡਿਜੀਟਲ ਕਨੈਕਟੀਵਿਟੀ 'ਤੇ ਰਿਕਾਰਡ ਨਿਵੇਸ਼ ਕੀਤਾ ਗਿਆ ਹੈ। ਇਸ ਨਾਲ ਰੁਜ਼ਗਾਰ ਦੇ ਮੌਕੇ ਵਧਾਉਣ ਦੇ ਨਾਲ-ਨਾਲ ਵਪਾਰ ਅਤੇ ਉਦਯੋਗ ਨੂੰ ਵੀ ਨਵੀਂ ਗਤੀ ਮਿਲੀ ਹੈ।

ਮੇਕ ਇਨ ਇੰਡੀਆ, ਆਤਮਨਿਰਭਰ ਭਾਰਤ, ਸਟਾਰਟਅੱਪ ਇੰਡੀਆ, ਡਿਜੀਟਲ ਇੰਡੀਆ ਅਤੇ ਉਤਪਾਦਨ ਅਧਾਰਤ ਪ੍ਰੋਤਸਾਹਨ ਯੋਜਨਾ (ਪੀਐਲਆਈ) ਵਰਗੀਆਂ ਯੋਜਨਾਵਾਂ ਨੇ ਭਾਰਤ ਨੂੰ ਇੱਕ ਮਜ਼ਬੂਤ ਨਿਰਮਾਣ ਅਤੇ ਨਿਵੇਸ਼ ਕੇਂਦਰ ਵਜੋਂ ਸਥਾਪਿਤ ਕੀਤਾ ਹੈ। ਯੂਪੀਆਈ, ਡਿਜੀਟਲ ਭੁਗਤਾਨ ਅਤੇ ਸਿੱਧਾ ਲਾਭ ਅੰਤਰਣ ਵਰਗੀ ਵਿਵਸਥਾ ਨੇ ਭ੍ਰਿਸ਼ਟਾਚਾਰ ਅਤੇ ਵਿਚੋਲਿਆਂ ਦੀ ਭੂਮਿਕਾ ਨੂੰ ਘਟਾਇਆ ਹੈ ਅਤੇ ਸਰਕਾਰੀ ਯੋਜਨਾਵਾਂ ਦਾ ਲਾਭ ਸਿੱਧੇ ਆਮ ਨਾਗਰਿਕਾਂ ਤੱਕ ਪਹੁੰਚਾਇਆ ਹੈ।

ਵਸਤੂ ਅਤੇ ਸੇਵਾ ਕਰ ਦੇ ਮਾਧਿਅਮ ਨਾਲ ਦੇਸ਼ ਵਿੱਚ ਏਕੀਕ੍ਰਿਤ ਵਿਵਸਥਾ ਸਥਾਪਿਤ ਹੋਈ ਹੈ, ਜਿਸ ਨਾਲ ਵਪਾਰ ਨੂੰ ਸਰਲ ਬਣਾਉਣ ਅਤੇ ਕਰ ਸੰਗ੍ਰਹਿ ਵਧਾਉਣ ਵਿੱਚ ਸਹਾਇਤਾ ਮਿਲੀ ਹੈ। ਖੇਤੀਬਾੜੀ, ਛੋਟੇ ਉਦਯੋਗਾਂ ਅਤੇ ਮੱਧ ਵਰਗ ਨੂੰ ਮਜ਼ਬੂਤ ਕਰਨ ਲਈ ਵੀ ਕੇਂਦਰ ਸਰਕਾਰ ਨੇ ਕਈ ਯੋਜਨਾਵਾਂ ਲਾਗੂ ਕੀਤੀਆਂ ਹਨ। ਮੁਦਰਾ ਯੋਜਨਾ, ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ, ਸਟਾਰਟਅੱਪ ਪ੍ਰੋਤਸਾਹਨ ਅਤੇ ਛੋਟੇ ਵਪਾਰੀਆਂ ਲਈ ਵਿੱਤੀ ਸਹਾਇਤਾ ਨੇ ਦੇਸ਼ ਦੀ ਘਰੇਲੂ ਅਰਥਵਿਵਸਥਾ ਨੂੰ ਮਜ਼ਬੂਤੀ ਪ੍ਰਦਾਨ ਕੀਤੀ ਹੈ। ਭਾਰਤ ਹੁਣ ਵਿਸ਼ਵ ਦੀ ਆਰਥਿਕ ਸ਼ਕਤੀ ਵਜੋਂ ਉੱਭਰ ਰਿਹਾ ਹੈ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਭਾਰਤ ਨੇ ਇਹ ਸਿੱਧ ਕਰ ਦਿੱਤਾ ਹੈ ਕਿ ਸਹੀ ਅਗਵਾਈ, ਮਜ਼ਬੂਤ ਨੀਤੀਆਂ, ਪਾਰਦਰਸ਼ੀ ਸ਼ਾਸਨ ਅਤੇ ਦੂਰਅੰਦੇਸ਼ੀ ਆਰਥਿਕ ਸੋਚ ਦੇ ਮਾਧਿਅਮ ਨਾਲ ਵਿਸ਼ਵ ਚੁਣੌਤੀਆਂ ਨੂੰ ਮੌਕਿਆਂ ਵਿੱਚ ਬਦਲਿਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਵਿਕਸਿਤ ਭਾਰਤ ਦਾ ਸੰਕਲਪ ਹੁਣ ਸਾਕਾਰ ਹੋਣ ਲੱਗਾ ਹੈ।

ਆਤਮਸੁਖ ਆਤਮਦੇਵ ਆਸ਼ਰਮ ਵਿੱਚ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਈ ਗਈ ਸ਼੍ਰੀ ਕ੍ਰਿਸ਼ਨ ਜਨਮਾਸ਼ਟਮੀ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਆਤਮਸੁਖ ਆਤਮਦੇਵ ਆਸ਼ਰਮ, ਓਲਡ ਕਣਕ ਮੰਡੀ, ਹੁਸ਼ਿਆਰਪੁਰ ਵਿੱਚ ਸ਼੍ਰੀ ਕ੍ਰਿਸ਼ਨ ਜਨਮਾਸ਼ਟਮੀ ਦਾ ਪਵਿੱਤਰ ਤਿਉਹਾਰ ਬੜੀ ਸ਼ਰਧਾ, ਭਗਤੀ ਅਤੇ ਉਤਸ਼ਾਹ ਨਾਲ ਮਨਾਇਆ ਗਿਆ।

ਇਸ ਮੌਕੇ ਆਸ਼ਰਮ ਨੂੰ ਫੁੱਲਾਂ ਨਾਲ ਸੁੰਦਰ ਢੰਗ ਨਾਲ ਸਜਾਇਆ ਗਿਆ ਅਤੇ ਭਗਵਾਨ ਸ਼੍ਰੀ ਕ੍ਰਿਸ਼ਨ ਦੀ ਵਿਸ਼ੇਸ਼ ਪੂਜਾ-ਅਰਚਨਾ ਅਤੇ ਆਰਤੀ ਕੀਤੀ ਗਈ। ਆਸ਼ਰਮ ਦੇ ਵਿਸ਼ੇਸ਼ ਬੱਚਿਆਂ ਨੇ ਪੂਰੇ ਉਤਸ਼ਾਹ ਨਾਲ ਸਮਾਗਮ ਵਿੱਚ ਭਾਗ ਲਿਆ। ਬੱਚਿਆਂ ਨੇ ਸ਼੍ਰੀ ਕ੍ਰਿਸ਼ਨ ਦੇ ਭਜਨ ਗਾਏ ਅਤੇ ਭਗਤੀ ਸੰਗੀਤ 'ਤੇ ਭਾਵ-ਵਿਭੋਰ ਹੋ ਕੇ ਨਾਚ ਕੀਤਾ, ਜਿਸ ਨਾਲ ਸਾਰਾ ਮਾਹੌਲ ਕ੍ਰਿਸ਼ਨਮਈ ਹੋ ਗਿਆ। ਕੁਝ ਬੱਚਿਆਂ ਨੇ ਰਵਾਇਤੀ ਪਹਿਰਾਵੇ ਪਾ ਕੇ ਜਨਮਾਸ਼ਟਮੀ ਸਮਾਗਮ ਦੀ ਰੌਣਕ ਹੋਰ ਵਧਾ ਦਿੱਤੀ। ਬੱਚਿਆਂ ਦੇ ਚਿਹਰਿਆਂ 'ਤੇ ਦਿਖ ਰਹੀ ਖੁਸ਼ੀ ਅਤੇ

ਭਜਨਾਂ 'ਤੇ ਝੂਮੇ ਵਿਸ਼ੇਸ਼ ਬੱਚੇ, ਨੱਚ ਕੇ ਖੁਸ਼ੀਆਂ ਬਿਖੇਰੀਆਂ



ਉਤਸ਼ਾਹ ਨੇ ਹਾਜ਼ਰ ਸਭ ਲੋਕਾਂ ਨੂੰ ਭਾਵੁਕ ਕਰ ਦਿੱਤਾ। ਇਸ ਮੌਕੇ ਆਸ਼ਰਮ ਦੇ ਪ੍ਰਧਾਨ ਸ਼੍ਰੀ ਨਵਦੀਪ ਸੂਦ ਵੀ ਹਾਜ਼ਰ ਰਹੇ ਅਤੇ ਉਨ੍ਹਾਂ ਨੇ ਬੱਚਿਆਂ ਨਾਲ ਪੂਜਾ-ਅਰਚਨਾ, ਆਰਤੀ ਅਤੇ ਜਨਮਾਸ਼ਟਮੀ ਸਮਾਗਮ ਵਿੱਚ ਭਾਗ ਲਿਆ। ਉਨ੍ਹਾਂ ਕਿਹਾ ਕਿ ਅਜਿਹੇ ਧਾਰਮਿਕ ਅਤੇ ਸੱਭਿਆਚਾਰਕ ਸਮਾਗਮ ਵਿਸ਼ੇਸ਼ ਬੱਚਿਆਂ ਵਿੱਚ ਖੁਸ਼ੀ, ਆਤਮ-ਵਿਸ਼ਵਾਸ, ਸਮਾਜਿਕ ਭਾਗੀਦਾਰੀ ਅਤੇ ਸੰਸਕਾਰਾਂ ਦੀ ਭਾਵਨਾ ਨੂੰ ਪ੍ਰੋਤਸਾਹਿਤ ਕਰਦੇ ਹਨ। ਸਮਾਗਮ ਦਾ ਸਮਾਪਨ ਭਗਵਾਨ ਸ਼੍ਰੀ ਕ੍ਰਿਸ਼ਨ ਦੀ ਆਰਤੀ ਅਤੇ ਪ੍ਰਸਾਦ ਵੰਡ ਨਾਲ ਹੋਇਆ।

ਮੁਫ਼ਤ ਹਰਬਲ ਅਤੇ ਸਜਾਵਟੀ ਪੌਦੇ ਵੰਡ ਸਮਾਰੋਹ ਦਾ ਆਯੋਜਨ ਕੀਤਾ

ਐਸ.ਏ.ਐਸ. ਨਗਰ, 4 ਸਤੰਬਰ
(ਪੈ.ਗਾਮ-ਏ-ਜਗਤ)

ਭਾਰਤ ਵਿਕਾਸ ਪ੍ਰੀਸ਼ਦ ਮੁਹਾਲੀ ਦੀਆਂ ਸ਼ਾਖਾਵਾਂ ਵਲੋਂ ਆਪਣੇ ਵਿਸ਼ੇਸ਼ ਪ੍ਰੋਜੈਕਟ 'ਸੰਸਕ੍ਰਿਤੀ ਸਪਤਾਹ' ਦੇ ਆਰੰਭ ਮੌਕੇ ਵਾਤਾਵਰਣ ਦੀ ਸੰਭਾਲ ਅਤੇ ਆਪਣੇ ਆਲੇ-ਦੁਆਲੇ ਨੂੰ ਸਾਫ਼-ਸੁਥਰਾ ਤੇ ਹਰਿਆ-ਭਰਿਆ ਰੱਖਣ ਲਈ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ ਸ਼ਿਵ ਮੰਦਰ, ਫੇਜ਼-9, ਮੁਹਾਲੀ ਵਿਖੇ ਮੁਫ਼ਤ ਹਰਬਲ ਅਤੇ ਸਜਾਵਟੀ ਪੌਦੇ ਵੰਡ ਸਮਾਰੋਹ ਦਾ ਆਯੋਜਨ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁਹਾਲੀ ਸ਼ਾਖਾ ਦੇ ਪ੍ਰਧਾਨ ਸ਼?ਰੀ ਅਸ਼ੋਕ ਪਵਾਰ ਨੇ ਦੱਸਿਆ ਕਿ ਇਸ ਸਮਾਗਮ ਦੌਰਾਨ ਤੁਲਸੀ ਦੇ 40 ਅਤੇ ਐਲੋਵੀਰਾ, ਪੱਤਾ ਅਜਵਾਇਨ, ਕੜ੍ਹੀ ਪੱਤਾ, ਸਿੰਗੋਨੀਆ, ਸਨੇਕ ਪਲਾਂਟ ਅਤੇ ਪਰਪਲ ਹਾਰਟ ਆਦਿ ਦੇ 50 ਹੋਰ ਹਰਬਲ ਅਤੇ ਸਜਾਵਟੀ ਪੌਦੇ ਗਮਲਿਆਂ ਸਮੇਤ ਮੁਫ਼ਤ ਵੰਡੇ ਗਏ।

ਇਸਤੋਂ ਪਹਿਲਾਂ ਐਸ.ਏ.ਐਸ. ਮੁਹਾਲੀ ਸ਼ਾਖਾ ਦੇ ਪ੍ਰਧਾਨ ਡਾ. ਰੋਜ਼ੀ ਵੈਦ ਵੱਲੋਂ ਹਾਜ਼ਰ ਮਹਿਮਾਨਾਂ ਦਾ ਸਵਾਗਤ ਕੀਤਾ ਗਿਆ। ਸੰਸਥਾ ਦੇ ਸੂਬਾਈ ਸਰਪ੍ਰਸਤ ਸ੍ਰ. ਗੁਰਦੀਪ ਸਿੰਘ ਵੱਲੋਂ ਭਾਰਤ ਵਿਕਾਸ ਪਰਿਸ਼ਦ ਦੇ ਉਦੇਸ਼ਾਂ, ਕਾਰਜਪ੍ਰਣਾਲੀ ਅਤੇ ਸਮਾਜ ਸੇਵਾ ਦੇ ਵੱਖ-ਵੱਖ ਪ੍ਰਕਲਪਾਂ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਅਖੀਰ ਵਿੱਚ ਸੰਸਥਾ ਦੇ ਚੰਡੀਗੜ੍ਹ ਦੇ ਸੂਬਾ ਮੀਤ ਪ੍ਰਧਾਨ ਸੁਧੀਰ ਗੁਲਾਟੀ ਵੱਲੋਂ ਹਾਜ਼ਰ ਮੈਂਬਰਾਂ, ਮਹਿਮਾਨਾਂ ਅਤੇ ਸਮੁੱਚੇ ਮੰਦਰ ਕਮੇਟੀ ਦਾ ਧੰਨਵਾਦ ਕੀਤਾ ਗਿਆ।

ਇਸ ਮੌਕੇ ਮੰਦਰ ਕਮੇਟੀ ਦੇ ਚਅਰਮੈਨ ਰਮੇਸ਼ ਵਰਮਾ, ਪ੍ਰਧਾਨ ਜਤਿੰਦਰ ਗੋਇਲ, ਜਨਰਲ ਸਕੱਤਰ ਦਿਨੇਸ਼ ਜੋਤੀ, ਖਜਾਂਚੀ ਰਾਜਿੰਦਰ ਸ਼ਰਮਾ, ਕੀਰਤਨ ਮੰਡਲੀ ਦੀ ਪ੍ਰਧਾਨ ਸ਼ਕੁੰਤਲਾ, ਭਾਜਪਾ ਮਹਿਲਾ ਮੋਰਚਾ ਜਿਲ੍ਹਾ ਮੁਹਾਲੀ ਦੀ ਪ੍ਰਧਾਨ ਮਿਲੀ ਗਰਗ, ਭਾਰਤ ਵਿਕਾਸ ਪਰਿਸ਼ਦ ਵੱਲੋਂ ਸਤੀਸ਼ ਵਿਜ, ਬਲਦੇਵ ਰਾਮ, ਚਿਮਨ ਲਾਲ ਮੁਟਨੇਜਾ, ਜੀ. ਡੀ. ਧੀਮਾਨ, ਦਿਨੇਸ਼ ਗੁਪਤਾ, ਮਧੂਕਰ ਕੌੜਾ, ਗੁਰਿੰਦਰ ਸਿੰਘ, ਅਸ਼ੋਕ ਕੁਮਾਰ, ਠਾਕੁਰ ਅਵਤਾਰ ਸਿੰਘ, ਵਿਕਰਮਜੀਤ ਗਰੋਵਰ, ਸ਼ੀਰੀ ਰਾਮ ਸੈਣੀ, ਰਾਜਿੰਦਰ ਸ਼ਰਮਾ, ਅਸ਼ਵਨੀ ਮਿੱਤਲ, ਮਧੂ ਮੁਟਨੇਜਾ ਸਮੇਤ ਹੋਰ ਮੈਂਬਰ ਹਾਜ਼ਰ ਸਨ।

ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਮਾਤਾ ਗੁਜਰੀ ਕਾਲਜ ਵਚਨਬੱਧ : ਅਵਤਾਰ ਸਿੰਘ ਰਿਆ

ਪੈ.ਗਾਮ-ਏ-ਜਗਤ/ਫ਼ਤਿਹਗੜ੍ਹ ਸਾਹਿਬ
(ਦਲਜੀਤ ਅਜਨੋਹਾ)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਜੂਨੀਅਰ ਮੀਤ ਪ੍ਰਧਾਨ ਸ੍ਰ. ਅਵਤਾਰ ਸਿੰਘ ਰਿਆ ਨੇ ਮਾਤਾ ਗੁਜਰੀ ਕਾਲਜ ਦਾ ਵਿਸ਼ੇਸ਼ ਦੌਰਾ ਕੀਤਾ। ਇਸ ਦੌਰਾਨ ਉਨ੍ਹਾਂ ਨੇ ਵਿਦਿਆਰਥੀਆਂ ਲਈ ਕਾਲਜ ਵਿਖੇ ਉਪਲੱਬਧ ਵਿੱਦਿਅਕ ਅਤੇ ਹੋਰ ਸਹੂਲਤਾਂ ਦਾ ਜਾਇਜ਼ਾ ਲਿਆ ਅਤੇ ਨਵੇਂ ਅਕਾਦਮਿਕ ਸੈਸ਼ਨ ਲਈ ਕੀਤੇ ਗਏ ਸੁਚੱਜੇ ਪ੍ਰਬੰਧਾਂ ਦੀ ਭਰਪੂਰ ਸ਼ਲਾਘਾ ਕੀਤੀ। ਸ੍ਰ. ਰਿਆ ਨੇ ਵਿੱਦਿਅਕ ਸੈਸ਼ਨ 2026-27 ਵਿੱਚ ਉਮੀਦ ਨਾਲੋਂ ਵੱਧ ਦਾਖਲੇ ਹੋਣ 'ਤੇ ਖੁਸ਼ੀ ਦਾ



ਪ੍ਰਗਟਾਵਾ ਕਰਦਿਆਂ ਸਮੂਹ ਸਟਾਫ਼ ਅਤੇ ਪ੍ਰਿੰਸੀਪਲ ਨੂੰ ਵਧਾਈ ਦਿੱਤੀ ਅਤੇ ਆਪਣੇ ਵੱਲੋਂ ਪੂਰਨ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਉਨ੍ਹਾਂ ਨੇ ਕਾਲਜ ਦੀਆਂ ਸ਼ਾਨਦਾਰ ਉਪਲਬਧੀਆਂ 'ਤੇ ਤਸੱਲੀ ਪ੍ਰਗਟ ਕਰਦਿਆਂ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਕੀਤੇ ਜਾ ਰਹੇ ਨਿਰੰਤਰ ਅਤੇ ਪ੍ਰਭਾਵਸ਼ਾਲੀ ਯਤਨਾਂ ਦੀ ਵੀ ਸ਼ਲਾਘਾ ਕੀਤੀ।

ਸ੍ਰ. ਅਵਤਾਰ ਸਿੰਘ ਰਿਆ ਨੂੰ ਕਾਲਜ ਦੇ ਵਿੱਦਿਅਕ ਮਾਮਲਿਆਂ ਵਿੱਚ ਅਹਿਮ ਯੋਗਦਾਨ ਪਾਉਣ ਕਾਰਨ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।

ਕਾਲਜ ਦੇ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਜਥੇਦਾਰ ਅਵਤਾਰ ਸਿੰਘ ਰਿਆ ਦਾ ਭਰਵਾਂ ਸਵਾਗਤ ਕਰਦਿਆਂ ਕਾਲਜ ਦੀਆਂ ਅਕਾਦਮਿਕ, ਧਾਰਮਿਕ, ਸਹਿ ਵਿੱਦਿਅਕ, ਸੱਭਿਆਚਾਰਕ ਅਤੇ ਖੇਡਾਂ ਦੇ ਖੇਤਰ ਵਿੱਚ ਕੀਤੀਆਂ ਸ਼ਾਨਦਾਰ ਪ੍ਰਾਪਤੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਸ੍ਰ. ਜਸਵੰਤ ਸਿੰਘ, ਡਾ. ਗਗਨਦੀਪ ਸਿੰਘ, ਸ੍ਰ. ਮਨਜਿੰਦਰ ਸਿੰਘ ਅਤੇ ਹੋਰ ਸਟਾਫ਼ ਮੈਂਬਰ ਵੀ ਮੌਜੂਦ ਸਨ।

'ਪੈਗਾਮ-ਏ-ਜਗਤ' 'ਚ ਪ੍ਰਕਾਸ਼ਿਤ ਸਮੱਗਰੀ ਅਤੇ ਹੋਰ ਵਾਦ-ਵਿਵਾਦ ਸੰਬੰਧੀ ਕੇਸਾਂ ਦਾ ਨਿਪਟਾਰਾ ਸਿਰਫ਼ ਮੁਹਾਲੀ (ਚੰਡੀਗੜ੍ਹ) ਕੋਰਟ ਵਿੱਚ ਹੀ ਹੋਵੇਗਾ। ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ। -ਸੰਪਾਦਕ, ਪੈਗਾਮ-ਏ-ਜਗਤ

ਨਗਰ ਕੌਂਸਲ ਫਿਰੋਜ਼ਪੁਰ ਵੱਲੋਂ ਸਪੈਸ਼ਲ ਸਫਾਈ ਮੁਹਿੰਮ ਦੇ ਛੇਵੇਂ ਦਿਨ ਮੱਖੂ ਗੇਟ ਲਿੰਕ ਸੜਕ ਦੀ ਕਰਵਾਈ ਗਈ ਸਫਾਈ

• ਸਫਲਤਾ ਪੂਰਵਕ ਚੱਲ ਰਹੀ ਸਪੈਸ਼ਲ ਸਫਾਈ ਮੁਹਿੰਮ ਦੀ ਛੇਵੇਂ ਦਿਨ ਲਿੰਕ ਸੜਕ ਮੱਖੂ ਗੇਟ ਤੋਂ ਸ਼ਹਿਰ ਦੀ ਹਦੂਦ ਤੱਕ ਦੀ ਹੋਈ ਮੁਕੰਮਲ ਸਫਾਈ : ਈ.ਓ. ਨਰਿੰਦਰ ਕੁਮਾਰ



ਪੈ.ਗਾਮ-ਏ-ਜਗਤ/ਫਿਰੋਜ਼ਪੁਰ 4 ਸਤੰਬਰ (ਗੁਰਮੇਜ ਸਿੰਘ)

ਫਿਰੋਜ਼ਪੁਰ ਦੇ ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਵੱਲੋਂ ਜਾਰੀ ਕੀਤੀਆਂ ਹਿਦਾਇਤਾਂ ਅਤੇ ਵਧੀਕ ਡਿਪਟੀ ਕਮਿਸ਼ਨਰ ਡਾ. ਅਮਨਦੀਪ ਕੌਰ ਦੀ ਅਗਵਾਈ ਹੇਠ ਨਗਰ ਕੌਂਸਲ ਫਿਰੋਜ਼ਪੁਰ ਵੱਲੋਂ ਲਗਾਤਾਰ ਇੱਕ ਵਿਸ਼ੇਸ਼ ਸਫਾਈ ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਤਹਿਤ ਬਣਾਏ ਗਏ ਸ਼ਡਿਊਲ ਅਨੁਸਾਰ ਰੋਜਾਨਾ ਇੱਕ ਏਰੀਏ ਦੀ ਚੋਣ ਕਰਨ ਉਪਰੰਤ ਉਸ ਏਰੀਏ ਨੂੰ ਮੁਕੰਮਲ ਰੂਪ ਵਿੱਚ ਸਾਫ ਕਰਵਾਇਆ ਜਾਂਦਾ ਹੈ ਇਸ ਦੇ ਚਲਦੇ ਹੋਏ ਕਾਰਜ ਸਾਧਕ ਅਫਸਰ ਸ਼੍ਰੀ ਨਰਿੰਦਰ ਕੁਮਾਰ ਨੇ ਦੱਸਿਆ ਕਿ ਅੱਜ ਇਸ ਮੁਹਿਮ ਦੇ ਛੇਵੇਂ ਦਿਨ ਨਗਰ ਕੌਂਸਲ ਫਿਰੋਜ਼ਪੁਰ ਵੱਲੋਂ ਲਿੰਕ ਸੜਕ ਮੱਖੂ ਗੇਟ ਤੋਂ ਸ਼ਹਿਰ ਦੀ ਹਦੂਦ ਤੱਕ ਦੀ ਸਫਾਈ ਕਰਵਾਈ ਜਾ ਰਹੀ ਹੈ ਅਤੇ ਇਹ ਮੁਹਿੰਮ ਅਗਲੇ ਲਗਾਤਾਰ ਚਾਰ ਦਿਨ ਹੋਰ ਚੱਲੇਗੀ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਨਗਰ ਕੌਂਸਲ ਫਿਰੋਜਪੁਰ ਦੇ ਸੁਪਰਡੈਂਟ ਸੁਖਪਾਲ ਸਿੰਘ ਵੱਲੋਂ ਦੱਸਿਆ ਗਿਆ ਕਿ ਅੱਜ ਮੱਖੂ ਗੇਟ ਤੋਂ ਲੈ ਕੇ ਸ਼ਹਿਰ ਦੀ ਹਦੂਦ ਤੱਕ ਆਉਣ ਵਾਲੇ ਸਾਰੇ ਏਰੀਏ ਦੀ ਮੁਕੰਮਲ ਰੂਪ ਵਿੱਚ ਸਫਾਈ, ਗਾਰਬੇਜ਼ ਦੀ ਲਿਫਟਿੰਗ, ਕੱਚਰੇ ਮਲਬੇ ਦੀ ਕੁਲੈਕਸ਼ਨ ਅਤੇ ਲਿਫਟਿੰਗ, ਇਸ ਏਰੀਏ ਅੰਦਰ ਆ ਰਹੀਆਂ ਝਾੜੀ, ਬੂਟੀਆਂ ਨੂੰ ਹਟਾਉਣਾ ਡਿਵਾਈਡਰਾਂ ਦੀ ਸਫਾਈ ਲੋਕਾਂ ਨੂੰ ਜਾਗਰੂਕ ਕਰਨਾ, ਇਸ ਏਰੀਏ ਅੰਦਰ ਮੱਛਰ ਮਾਰਨ ਵਾਲੇ ਦਵਾਈ ਫੋਗਿੰਗ ਆਦਿ ਦੀ ਸਪਰੇਅ ਦਾ ਮੁਕੰਮਲ ਕੰਮ ਕਰਵਾਇਆ ਗਿਆ। ਉਨ੍ਹਾਂ ਨੇ ਦੱਸਿਆ ਕਿ ਇਸ ਵਿਸ਼ੇਸ਼ ਮੁਹਿੰਮ ਤਹਿਤ ਵੱਖ-ਵੱਖ ਟੀਮਾਂ ਦਾ ਗਠਨ ਕੀਤਾ ਗਿਆ ਹੈ ਅਤੇ ਅਲੱਗ ਅਲੱਗ ਕੰਮ ਸੌਂਪਿਆ ਗਿਆ ਹੈ ਇਸ ਸਬੰਧੀ ਉਹਨਾਂ ਦੱਸਿਆ ਕਿ ਜਿਸ ਏਰੀਏ ਦੀ ਸਫਾਈ ਕਰਵਾਈ ਜਾਂਦੀ ਹੈ ਉਸ ਏਰੀਏ ਦੇ ਲੋਕਾਂ ਨੂੰ ਸਵੱਛਤਾ ਪ੍ਰਤੀ ਜਾਗਰੂਕ ਕਰਨ ਲਈ ਇੱਕ ਵਿਸ਼ੇਸ਼ ਟੀਮ ਜਿਸ ਵਿੱਚ ਪ੍ਰੋਗਰਾਮ ਕੋਆਰਡੀਨੇਟਰ ਅਤੇ ਮੋਟੀਵੇਟਰ ਸ਼ਾਮਿਲ ਹਨ ਉਹਨਾਂ ਵੱਲੋਂ ਸ਼ਹਿਰ ਵਾਸੀਆਂ ਨੂੰ ਸਵੱਛਤਾ ਅਤੇ ਸੋਲਿਡ ਵੇਸਟ ਮੈਨੇਜਮੈਂਟ ਸਬੰਧੀ ਜਾਗਰੂਕ ਵੀ ਕੀਤਾ ਜਾ ਰਿਹਾ ਹੈ।

ਇਸ ਮੌਕੇ ਤੇ ਸੁਪਰਡੈਂਟ ਸੁਖਪਾਲ ਸਿੰਘ ਵੱਲੋਂ ਅਤੇ ਸੈਨਟਰੀ ਇੰਸਪੈਕਟਰ ਰੁਸਤਮ ਸ਼ੇਰ ਸੋਡੀ ਵੱਲੋਂ ਸਾਂਝੇ ਤੌਰ ਤੇ ਦੱਸਿਆ ਗਿਆ ਕਿ ਸ਼ਹਿਰ ਵਾਸੀ ਨੂੰ ਅਪੀਲ ਹੈ ਕਿ ਉਹ ਇਸ ਮੁਹਿੰਮ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਅਤੇ ਨਗਰ ਕੌਂਸਲ ਨੂੰ ਬਣਦਾ ਸਹਿਯੋਗ ਕਰਨ ਤਾਂ ਜੋ ਸ਼ਹਿਰ ਨੂੰ ਹੋਰ ਵਧੇਰੇ ਸਾਫ ਸੁਥਰਾ ਰੱਖਿਆ ਜਾ ਸਕੇ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਸੈਂਟਰੀ ਮੇਟ ਰਾਜ ਕੁਮਾਰ, ਅਮਰ ਭੱਟੀ, ਰਜੇਸ਼ ਕੁਮਾਰ, ਰਾਮ ਚਰਨ, ਪ੍ਰੀਤ, ਰਾਜਾ, ਅਕਬਰ, ਮਹਿੰਦਰ ਸਿੰਘ, ਪ੍ਰੋਗਰਾਮ ਕੋਆਰਡੀਨੇਟਰ ਗੁਰਦੇਵ ਸਿੰਘ, ਸੁਮਨ ਰਾਣੀ, ਸਿਮਰਨਜੀਤ ਸਿੰਘ, ਅਤੇ ਮੋਟੀਵੇਟਰ ਸ਼ੈਲੀ ਚਾਵਲਾ, ਆਂਚਲ, ਸੰਦੀਪ ਕੌਰ,ਅਮਨਦੀਪ ਕੌਰ, ਸ਼ਿਵਮ, ਹਰਜੀਤ ਆਦਿ ਮੌਜੂਦ ਸਨ।

ਪੀ.ਆਰ.ਟੀ.ਸੀ. ਜਹਾਨ ਖੇਲਾਂ ਵਿਖੇ ਵਣ ਮਹਾਂ ਉਤਸਵ ਮੌਕੇ ਲਗਾਏ ਗਏ ਦਰੱਖ਼ਤ



ਪੈ.ਗਾਮ-ਏ-ਜਗਤ/ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਵਨ ਮਹਾਂ ਉਤਸਵ ਦੇ ਮੌਕੇ 'ਤੇ ਪੀ.ਆਰ.ਟੀ.ਸੀ. ਜਹਾਨ ਖੇਲਾ ਵਿਖੇ ਕਮਾਂਡੈਂਟ ਮਨਦੀਪ ਸਿੰਘ ਗਿੱਲ ਦੀ ਅਗਵਾਈ ਹੇਠ ਸਮੂਹ ਸਟਾਫ ਮੈਂਬਰਾਂ ਵੱਲੋਂ ਵੱਖ-ਵੱਖ ਕਿਸਮਾਂ ਦੇ ਦਰੱਖ਼ਤ ਲਗਾਏ ਗਏ, ਜਿਨ੍ਹਾਂ ਵਿੱਚ ਫਲਦਾਰ ਅਤੇ ਛਾਂਦਾਰ ਪੌਦੇ ਸ਼ਾਮਲ ਸਨ।

ਇਸ ਮੌਕੇ ਕਮਾਂਡੈਂਟ ਮਨਦੀਪ ਸਿੰਘ ਗਿੱਲ ਨੇ ਕਿਹਾ ਕਿ ਹਰੇਕ ਵਿਅਕਤੀ ਨੂੰ ਆਪਣੇ ਜੀਵਨ ਵਿੱਚ ਘੱਟੋ-ਘੱਟ ਇੱਕ ਦਰੱਖ਼ਤ ਜ਼ਰੂਰ ਲਗਾਉਣਾ ਚਾਹੀਦਾ ਹੈ, ਕਿਉਂਕਿ ਇਸ ਨਾਲ ਨਾ ਸਿਰਫ਼ ਵਾਤਾਵਰਣ ਦੀ ਸ਼ੁੱਧਤਾ ਹੁੰਦੀ ਹੈ, ਸਗੋਂ ਇਸਦਾ ਅਧਿਆਤਮਿਕ ਮਹੱਤਵ ਵੀ ਹੈ। ਇਸ ਮੌਕੇ ਅਮਨਦੀਪ ਕੌਰ ਪੀ.ਪੀ.ਐਸ., ਜਸਬੀਰ ਸਿੰਘ ਐਸ.ਪੀ., ਜਸਵੀਰ ਸਿੰਘ, ਰਵਿੰਦਰ ਕੁਮਾਰ ਏ.ਐਸ.ਆਈ. ਸਮੇਤ ਹੋਰ ਵੀ ਕਈ ਹਾਜ਼ਰ ਸਨ।

ਹਿਊਮਨ ਸਰਵਿਸ ਸੋਸਾਇਟੀ ਟੀਮ ਵਲੋਂ ਸਿਟੀ–1 ਟਰੈਫਿਕ ਇੰਨਚਾਰਜ ਪਟਿਆਲਾ ਲੱਗਣ ਤੇ ਤਰਸੇਮ ਕੁਮਾਰ ਨੂੰ ਸਨਮਾਨਿਤ ਕੀਤਾ ਗਿਆ

ਚੰਡੀਗੜ੍ਹ, 4 ਸਤੰਬਰ (ਪੈ.ਗਾਮ-ਏ-ਜਗਤ)

ਪੰਜਾਬ ਪ੍ਰਧਾਨ ਹਿਊਮਨ ਸਰਵਿਸ ਸੋਸਾਇਟੀ ਦੀ ਟੀਮ ਵਲੋਂ ਇਨਚਾਰਜ ਤਰਸੇਮ ਕੁਮਾਰ ਨੂੰ ਸਰੋਪਾ ਤੇ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ। ਜਤਿੰਦਰ ਸ਼ਰਮਾ ਨੇ ਦੱਸਿਆ ਕਿ ਇਕ ਬਹੁਤ ਹੀ ਇਮਾਨਦਾਰ ਤੇ ਦਲੇਰ ਅਫਸਰ ਹਨ। ਉਨ੍ਹਾਂ ਨੇ ਚੰਗੇ ਕੰਮਾਂ ਨੂੰ ਦੇਖਦੇ ਹੋਏ ਉਨ੍ਹਾਂ ਨੂੰ ਡੀ.ਜੀ.ਪੀ. ਡਿਸਕ ਨਾਲ ਸਰਕਾਰ ਵਲੋਂ ਦਲੇਰੀ ਦੇ ਐਵਾਰਡ ਨਾਲ ਸਨਮਾਨ ਵੀ ਮਿਲ ਚੁੱਕਾ ਹੈ। ਜਿਸ ਥਾਣੇ ਵਿੱਚ ਉਨ੍ਹਾਂ ਨੇ ਸੇਵਾ ਨਿਭਾਈ ਹੈ। ਅੱਜ ਵੀ ਲੋਕ ਉਨ੍ਹਾਂ ਦੀ ਦਿਲ ਤੋਂ ਇੱਜਤ ਕਰਦੇ ਹਨ। ਸ਼ਹਿਰ ਵਾਸੀ ਉਨ੍ਹਾਂ ਦੇ ਟਰੈਫਿਕ ਇੰਨਚਾਰਜ ਸਿਟੀ–1 ਲੱਗਣ ਤੇ ਬਹੁਤ ਖੁਸ਼ ਹਨ। ਉਹ ਸਾਡੀ ਟੀਮ ਨਾਲ ਮਿਲ ਕੇ ਸਮਾਜ ਸੇਵਾ ਦਾ ਕੰਮ ਵੀ ਕਾਫੀ ਲੰਬੇ ਸਮੇਂ ਤੋਂ ਕਰ ਰਹੇ ਹਨ ਉਹ ਇੱਕ ਵਧੀਆ ਸਮਾਜ ਸੇਵੀ ਵੀ ਹਨ। ਇਸ ਮੌਕੇ ਤੇ ਵਿਸ਼ੇਸ਼ ਤੌਰ ਤੇ ਪੰਜਾਬ ਪ੍ਰਧਾਨ ਜਤਿੰਦਰ ਸ਼ਰਮਾ ਪੰਜਾਬ ਚੇਅਰਪ੍ਰਸਨ ਵਰਸ਼ਾ ਗੋਇਲ, ਪ੍ਰਧਾਨ ਗੁਰਮੇਲ ਸਿੰਘ ਤੇ ਹੋਰ ਟੀਮ ਮੈਂਬਰ ਮੌਜੂਦ ਰਹੇ।



ਇਲੈਕਟ੍ਰਿਕ ਸਕੂਟੀ 'ਤੇ ਵੀ ਹੋਵੇ ਬਾਈਕ ਵਾਂਗ ਚਲਾਨ: ਸਰਦਾਰ ਕ੍ਰਿਸ਼ਨ ਇਲਾਵਾਦੀ

• ਨਾਬਾਲਗ ਬੱਚਿਆਂ ਵੱਲੋਂ ਤਿੰਨ-ਤਿੰਨ ਸਵਾਰੀਆਂ ਬਿਠਾ ਕੇ ਸਕੂਟੀ ਚਲਾਉਣ 'ਤੇ ਜਤਾਈ ਚਿੰਤਾ, ਮਾਪਿਆਂ 'ਤੇ ਕਾਰਵਾਈ ਦੀ ਮੰਗ



ਪੈ.ਗਾਮ-ਏ-ਜਗਤ ਹਾਂਸੀ (ਦਿਨਕਰ ਗਾਵੜੀ)

ਸ਼ਹਿਰ ਦੀਆਂ ਸੜਕਾਂ 'ਤੇ ਘੱਟ ਉਮਰ ਦੇ ਬੱਚਿਆਂ ਵੱਲੋਂ ਇਲੈਕਟ੍ਰਿਕ ਸਕੂਟੀ ਚਲਾਉਣ ਅਤੇ ਇੱਕੋ ਸਕੂਟੀ 'ਤੇ ਤਿੰਨ-ਤਿੰਨ ਸਵਾਰੀਆਂ ਬਿਠਾ ਕੇ ਘੁੰਮਣ ਦੇ ਵਧਦੇ ਰੁਝਾਨ 'ਤੇ ਸ਼ਹੀਦ ਭਗਤ ਸਿੰਘ ਸੰਗਠਨ ਸੰਮਤੀ ਦੇ ਪ੍ਰਧਾਨ ਸਰਦਾਰ ਕ੍ਰਿਸ਼ਨ ਇਲਾਵਾਦੀ ਨੇ ਚਿੰਤਾ ਜਤਾਈ ਹੈ। ਉਨ੍ਹਾਂ ਨੇ ਪ੍ਰਸ਼ਾਸਨ ਅਤੇ ਟ੍ਰੈਫਿਕ ਪੁਲਿਸ ਤੋਂ ਇਲੈਕਟ੍ਰਿਕ ਸਕੂਟੀਆਂ 'ਤੇ ਵੀ ਬਾਈਕ ਵਾਂਗ ਟ੍ਰੈਫਿਕ ਨਿਯਮਾਂ ਦੀ ਉਲੰਘਣਾ 'ਤੇ ਚਲਾਨ ਦੀ ਕਾਰਵਾਈ ਕਰਨ ਦੀ ਮੰਗ ਕੀਤੀ ਹੈ।

ਸਰਦਾਰ ਕ੍ਰਿਸ਼ਨ ਇਲਾਵਾਦੀ ਨੇ ਕਿਹਾ ਕਿ ਦਸ-ਦਸ ਸਾਲ ਦੀ ਉਮਰ ਦੇ ਬੱਚੇ ਤੱਕ ਇਲੈਕਟ੍ਰਿਕ ਸਕੂਟੀ ਲੈ ਕੇ ਸੜਕਾਂ 'ਤੇ ਘੁੰਮਦੇ ਦਿਖਾਈ ਦੇ ਰਹੇ ਹਨ। ਕਈ ਵਾਰ ਇਨ੍ਹਾਂ ਸਕੂਟੀਆਂ 'ਤੇ ਦੋ ਤੋਂ ਤਿੰਨ ਬੱਚੇ ਇਕੱਠੇ ਸਵਾਰ ਹੁੰਦੇ ਹਨ, ਜਿਸ ਨਾਲ ਸੜਕ ਹਾਦਸਿਆਂ ਦਾ ਖ਼ਤਰਾ ਵਧ ਰਿਹਾ ਹੈ। ਉਨ੍ਹਾਂ ਕਿਹਾ ਕਿ ਘੱਟ ਉਮਰ ਦੇ ਬੱਚਿਆਂ ਨੂੰ ਵਾਹਨ ਚਲਾਉਣ ਦੀ ਇਜਾਜ਼ਤ ਦੇਣਾ ਉਨ੍ਹਾਂ ਦੇ ਨਾਲ-ਨਾਲ ਹੋਰ ਰਾਹਗੀਰਾਂ ਅਤੇ ਵਾਹਨ ਚਾਲਕਾਂ ਲਈ ਵੀ ਜੋਖਮ ਪੈਦਾ ਕਰਦਾ ਹੈ। ਉਨ੍ਹਾਂ ਕਿਹਾ ਕਿ ਟ੍ਰੈਫਿਕ ਪੁਲਿਸ ਨੂੰ ਇਲੈਕਟ੍ਰਿਕ ਸਕੂਟੀ ਦੇ ਮਾਮਲੇ ਵਿੱਚ ਵੀ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕਰਵਾਉਣੀ ਚਾਹੀਦੀ ਹੈ। ਜੇ ਕੋਈ ਨਾਬਾਲਗ ਬੱਚਾ ਜਨਤਕ ਸੜਕ 'ਤੇ ਸਕੂਟੀ ਚਲਾਉਂਦਾ ਪਾਇਆ ਜਾਂਦਾ ਹੈ ਤਾਂ ਵਾਹਨ ਉਪਲਬਧ ਕਰਵਾਉਣ ਵਾਲੇ ਮਾਪਿਆਂ ਦੀ ਜ਼ਿੰਮੇਵਾਰੀ ਤੈਅ ਕਰਦਿਆਂ ਨਿਯਮਾਂ ਅਨੁਸਾਰ ਕਾਨੂੰਨੀ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ। ਕ੍ਰਿਸ਼ਨ ਇਲਾਵਾਦੀ ਨੇ ਮਾਪਿਆਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਛੋਟੇ ਬੱਚਿਆਂ ਨੂੰ ਇਲੈਕਟ੍ਰਿਕ ਸਕੂਟੀ ਜਾਂ ਹੋਰ ਵਾਹਨ ਚਲਾਉਣ ਲਈ ਨਾ ਦੇਣ। ਉਨ੍ਹਾਂ ਕਿਹਾ ਕਿ ਬੱਚਿਆਂ ਦੀ ਸੁਰੱਖਿਆ ਸਭ ਤੋਂ ਪਹਿਲਾਂ ਹੈ ਅਤੇ ਥੋੜ੍ਹੀ ਜਿਹੀ ਲਾਪਰਵਾਹੀ ਗੰਭੀਰ ਸੜਕ ਹਾਦਸੇ ਦਾ ਕਾਰਨ ਬਣ ਸਕਦੀ ਹੈ। ਉਨ੍ਹਾਂ ਨੇ ਪ੍ਰਸ਼ਾਸਨ ਤੋਂ ਸ਼ਹਿਰ ਵਿੱਚ ਵਿਸ਼ੇਸ਼ ਟ੍ਰੈਫਿਕ ਮੁਹਿੰਮ ਚਲਾ ਕੇ ਨਾਬਾਲਗਾਂ ਵੱਲੋਂ ਵਾਹਨ ਚਲਾਉਣ, ਟ੍ਰਿਪਲ ਰਾਈਡਿੰਗ ਅਤੇ ਹੋਰ ਟ੍ਰੈਫਿਕ ਨਿਯਮਾਂ ਦੀ ਉਲੰਘਣਾ 'ਤੇ ਪ੍ਰਭਾਵੀ ਕਾਰਵਾਈ ਕਰਨ ਦੀ ਮੰਗ ਕੀਤੀ।

ਭਾਜਪਾ ਨੇ ਔਰਤਾਂ ਨੂੰ ਸਿਰਫ਼ ਅਧਿਕਾਰ ਹੀ ਨਹੀਂ ਸਗੋਂ ਸਤਿਕਾਰ ਅਤੇ ਸਵੈ-ਨਿਰਭਰਤਾ ਵੀ ਦਿੱਤੀ ਹੈ: ਡਾ. ਅਰਚਨਾ ਗੁਪਤਾ



ਪੈ.ਗਾਮ-ਏ-ਜਗਤ/ਅੰਬਾਲਾ (ਬਰਾੜਾ) 4 ਸਤੰਬਰ (ਆਰ.ਸਿੰਘ)

ਭਾਜਪਾ ਸੂਬਾ ਪ੍ਰਧਾਨ ਡਾ. ਅਰਚਨਾ ਗੁਪਤਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਅਤੇ ਹਰਿਆਣਾ ਵਿੱਚ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਸਰਕਾਰ ਵਿਚ ਮਹਿਲਾ ਸਸ਼ਕਤੀਕਰਨ ਨੂੰ ਨਵੀਂ ਗਤੀ ਮਿਲੀ ਹੈ। ਅੱਜ ਔਰਤਾਂ ਸਿਰਫ਼ ਯੋਜਨਾਵਾਂ ਦੀਆਂ ਲਾਭਪਾਤਰੀ ਹੀ ਨਹੀਂ ਹਨ ਸਗੋਂ ਦੇਸ਼ ਦੇ ਵਿਕਾਸ ਵਿੱਚ ਭਾਈਵਾਲ ਬਣ ਰਹੀਆਂ ਹਨ। ਉਨ੍ਹਾਂ ਕਿਹਾ ਕਿ ਭਾਜਪਾ ਸਰਕਾਰਾਂ ਨੇ ਨਾ ਸਿਰਫ਼ ਔਰਤਾਂ ਨੂੰ ਸਸ਼ਕਤ ਬਣਾਇਆ ਹੈ ਸਗੋਂ ਉਨ੍ਹਾਂ ਦੇ ਮਾਣ, ਸੁਰੱਖਿਆ, ਸਵੈ-ਮਾਣ ਅਤੇ ਸਵੈ-ਨਿਰਭਰਤਾ ਨੂੰ ਮਜ਼ਬੂਤ ਕਰਨ ਲਈ ਵੀ ਕੰਮ ਕੀਤਾ ਹੈ।

ਭਾਜਪਾ ਸੂਬਾ ਪ੍ਰਧਾਨ ਡਾ. ਅਰਚਨਾ ਗੁਪਤਾ, ਹਰਿਆਣਾ ਬਾਲ ਭਲਾਈ ਪ੍ਰੀਸ਼ਦ ਦੀ ਉਪ ਪ੍ਰਧਾਨ ਸੁਮਨ ਸੈਣੀ ਦੇ ਨਾਲ ਬਰਾੜਾ ਦੇ ਬਾਂਸਲ ਪੈਲੇਸ ਵਿਖੇ ਭਾਜਪਾ ਮਹਿਲਾ ਮੋਰਚਾ ਵੱਲੋਂ ਆਯੋਜਿਤ ਇੱਕ ਸਨਮਾਨ ਸਮਾਰੋਹ ਵਿੱਚ ਸ਼ਿਰਕਤ ਕਰਦਿਆਂ ਇਕੱਠ ਨੂੰ ਸੰਬੋਧਨ ਕਰ ਰਹੇ ਸਨ।

ਭਾਜਪਾ ਦੀ ਸੂਬਾ ਪ੍ਰਧਾਨ ਨੇ ਕਿਹਾ ਕਿ ਕਾਂਗਰਸ ਦੇ ਰਾਜ ਦੌਰਾਨ ਔਰਤਾਂ ਦੇਸ਼ ਦੀਆਂ ਸਭ ਤੋਂ ਉੱਚੀਆਂ ਸੰਵਿਧਾਨਕ ਅਤੇ ਰਾਜਨੀਤਿਕ ਜ਼ਿੰਮੇਵਾਰੀਆਂ ਤੱਕ ਜ਼ਰੂਰ ਪਹੁੰਚੀਆਂ, ਪਰ ਕਾਂਗਰਸ ਨੇ ਦੇਸ਼ ਦੀਆਂ ਲੱਖਾਂ ਭੈਣਾਂ ਅਤੇ ਧੀਆਂ ਦੇ ਜੀਵਨ ਵਿੱਚ ਅਸਲ ਤਬਦੀਲੀ ਲਿਆਉਣ ਲਈ ਠੋਸ ਕਦਮ ਨਹੀਂ ਚੁੱਕੇ। ਇਸ ਦੇ ਉਲਟ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਔਰਤਾਂ ਦੇ ਰੋਜ਼ਾਨਾ ਜੀਵਨ ਵਿੱਚ ਦਰਪੇਸ਼ ਚੁਣੌਤੀਆਂ ਨੂੰ ਪਛਾਣਦੇ ਹੋਏ ਨਵੀਨਤਾਕਾਰੀ ਯੋਜਨਾਵਾਂ ਲਾਗੂ ਕੀਤੀਆਂ। ਉਨ੍ਹਾਂ ਕਿਹਾ ਕਿ ਔਰਤਾਂ ਨੂੰ ਪਹਿਲਾਂ ਰਸੋਈ ਦੇ ਧੂੰਏਂ ਕਾਰਨ ਸਿਹਤ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਪ੍ਰਧਾਨ ਮੰਤਰੀ ਉੱਜਵਲਾ ਯੋਜਨਾ ਰਾਹੀਂ 140 ਮਿਲੀਅਨ ਗਰੀਬ ਪਰਿਵਾਰਾਂ ਦੀਆਂ ਔਰਤਾਂ ਨੂੰ ਗੈਸ ਕੁਨੈਕਸ਼ਨ ਪ੍ਰਦਾਨ ਕੀਤੇ ਗਏ ਜਿਸ ਨਾਲ ਉਹ ਧੂੰਏਂ ਤੋਂ ਮੁਕਤ ਹੋਈਆਂ। ਹਰਿਆਣਾ ਵਿੱਚ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਸਰਕਾਰ ਨੇ ਗਰੀਬ ਪਰਿਵਾਰਾਂ ਦੀਆਂ ਔਰਤਾਂ ਨੂੰ 500 ਰੁਪਏ ਵਿੱਚ ਗੈਸ ਸਿਲੰਡਰ ਪ੍ਰਦਾਨ ਕਰਨ ਦਾ ਪ੍ਰਬੰਧ ਕੀਤਾ।

ਭਾਜਪਾ ਦੀ ਸੂਬਾ ਪ੍ਰਧਾਨ ਡਾ. ਗੁਪਤਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਆਵਾਸ ਯੋਜਨਾ ਤਹਿਤ ਲੱਖਾਂ ਔਰਤਾਂ ਨੇ ਸਥਾਈ ਘਰ ਦੀ ਛੱਤ ਪ੍ਰਾਪਤ ਕੀਤੀ ਹੈ। ਘਰ ਦੇ ਦਸਤਾਵੇਜ਼ਾਂ ਅਤੇ ਨਾਮ ਪਲੇਟਾਂ 'ਤੇ ਆਪਣੇ ਨਾਮ ਦੇਖ ਕੇ ਔਰਤਾਂ ਦੇ ਆਤਮ-ਸਨਮਾਨ ਅਤੇ ਆਤਮ-ਵਿਸ਼ਵਾਸ ਵਿੱਚ ਵਾਧਾ ਹੋਇਆ ਹੈ। ਉਨ੍ਹਾਂ ਕਿਹਾ ਕਿ ਅੱਜ ਦੇਸ਼ ਦੀਆਂ ਧੀਆਂ ਰਾਫੇਲ ਵਰਗੇ ਅਤਿ-ਆਧੁਨਿਕ ਲੜਾਕੂ ਜਹਾਜ਼ ਉਡਾ ਰਹੀਆਂ ਹਨ ਅਤੇ ਫੌਜੀ ਸੇਵਾ ਦੇ ਵੱਖ-ਵੱਖ ਖੇਤਰਾਂ ਵਿੱਚ ਆਪਣੀ ਯੋਗਤਾ ਦਾ ਪ੍ਰਦਰਸ਼ਨ ਕਰ ਰਹੀਆਂ ਹਨ। ਉਨ੍ਹਾਂ ਕਿਹਾ, ÷ਪ੍ਰਧਾਨ ਮੰਤਰੀ ਨਰਿੰਦਰ ਮੋਦੀ ਝੁਕਣਗੇ ਨਹੀਂ, ਰੁਕਣਗੇ ਨਹੀਂ ਅਤੇ ਥੱਕਣਗੇ ਨਹੀਂ। ਉਹ ਦੇਸ਼ ਦੀਆਂ ਭੈਣਾਂ ਅਤੇ ਧੀਆਂ ਦੇ ਅਧਿਕਾਰਾਂ ਅਤੇ ਸਤਿਕਾਰ ਨੂੰ ਯਕੀਨੀ ਬਣਾਉਣ ਦੇ ਸੰਕਲਪ ਨਾਲ ਲਗਾਤਾਰ ਅੱਗੇ ਵਧ ਰਹੇ ਹਨ। ਡਾ. ਅਰਚਨਾ ਗੁਪਤਾ ਨੇ ਮਹਿਲਾ ਮੋਰਚਾ ਵਰਕਰਾਂ ਨੂੰ ਪਿੰਡ ਅਤੇ ਬਲਾਕ ਪੱਧਰ 'ਤੇ ਸੰਗਠਨ ਨੂੰ ਮਜ਼ਬੂਤ ਕਰਨ ਅਤੇ ਕੇਂਦਰ ਅਤੇ ਰਾਜ ਸਰਕਾਰ ਦੀਆਂ ਯੋਜਨਾਵਾਂ ਦਾ ਲਾਭ ਵੱਧ ਤੋਂ ਵੱਧ ਯੋਗ ਔਰਤਾਂ ਤੱਕ ਪਹੁੰਚਾਉਣ ਦਾ ਸੱਦਾ ਦਿੱਤਾ।

ਅੰਬਾਲਾ ਰੇਂਜ ਦੇ 64 ਪੁਲੀਸ ਮੁਲਾਜ਼ਮਾਂ ਨੂੰ ਮਿਲੀ ਤਰੱਕੀ ਨਾਲ ਵਧਿਆ ਸਤਿਕਾਰ : ਪੰਕਜ ਨੈਨ

ਪੈ.ਗਾਮ-ਏ-ਜਗਤ ਅੰਬਾਲਾ, 4 ਸਤੰਬਰ (ਆਰ.ਸਿੰਘ)

ਅੱਜ ਅੰਬਾਲਾ ਰੇਂਜ ਦੇ 64 ਪੁਲੀਸ ਮੁਲਾਜ਼ਮਾਂ ਲਈ ਤਰੱਕੀਆਂ ਮਿਲਣ ਕਰਕੇ ਮਾਣ ਅਤੇ ਖ਼ੁਸ਼ੀ ਦਾ ਦਿਨ ਹੈ। ਅੰਬਾਲਾ ਰੇਂਜ ਦੇ ਇੰਸਪੈਕਟਰ ਜਨਰਲ ਆਫ਼ ਪੁਲੀਸ ਪੰਕਜ ਨੈਨ, ਆਈਪੀਐਸ ਨੇ 63 ਪੁਲੀਸ ਮੁਲਾਜ਼ਮਾਂ ਨੂੰ ਈਐਚਸੀ/ਐਚਸੀ ਤੋਂ ਈਐਸਆਈ ਅਤੇ ਇੱਕ ਈਐਸਆਈ ਤੋਂ ਆਨਰੇਰੀ ਇੰਸਪੈਕਟਰ ਵਜੋਂ ਤਰੱਕੀ ਦਿੱਤੀ ਹੈ। ਇਨ੍ਹਾਂ ਵਿੱਚ ਅੰਬਾਲਾ ਜ਼ਿਲ੍ਹੇ ਦੇ 29, ਕੁਰੂਕਸ਼ੇਤਰ ਜ਼ਿਲ੍ਹੇ ਦੇ 29 ਅਤੇ ਯਮੁਨਾਨਗਰ ਜ਼ਿਲ੍ਹੇ ਦੇ ਛੇ ਸ਼ਾਮਲ ਹਨ। ਇਨ੍ਹਾਂ ਸਾਰੇ ਪੁਲੀਸ ਮੁਲਾਜ਼ਮਾਂ ਨੂੰ ਉਨ੍ਹਾਂ ਦੀ ਲੰਬੀ ਅਤੇ ਸਮਰਪਿਤ ਸੇਵਾ ਤੋਂ ਬਾਅਦ ਤਰੱਕੀ ਦਿੱਤੀ ਗਈ ਹੈ। ਇਸ ਮੌਕੇ ਇੰਸਪੈਕਟਰ ਜਨਰਲ ਆਫ਼ ਪੁਲੀਸ ਪੰਕਜ ਨੈਨ ਨੇ ਸਾਰੇ ਤਰੱਕੀ ਪ੍ਰਾਪਤ ਮੁਲਾਜ਼ਮਾਂ ਨੂੰ ਦਿਲੋਂ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਵਫ਼ਾਦਾਰੀ, ਡਿਊਟੀ ਪ੍ਰਤੀ ਸਮਰਪਣ ਅਤੇ ਸੇਵਾ ਕਰਨ ਤੋਂ ਬਾਅਦ ਤਰੱਕੀ ਪ੍ਰਾਪਤ ਕਰਨਾ ਹਰੇਕ ਪੁਲੀਸ ਅਧਿਕਾਰੀ ਲਈ ਮਾਣ ਅਤੇ ਸਨਮਾਨ ਦੀ ਗੱਲ ਹੈ। ਇਹ ਤਰੱਕੀ ਉਨ੍ਹਾਂ ਦੀ ਸੇਵਾ ਵਿੱਚ ਇੱਕ ਮਹੱਤਵਪੂਰਨ ਪ੍ਰਾਪਤੀ ਹੈ ਅਤੇ ਉਨ੍ਹਾਂ ਦੀ ਮਿਹਨਤ, ਸਮਰਪਣ, ਸ਼ਰਧਾ ਅਤੇ ਆਪਣੀਆਂ ਜ਼ਿੰਮੇਵਾਰੀਆਂ ਪ੍ਰਤੀ ਵਚਨਬੱਧਤਾ ਦੀ ਮਾਨਤਾ ਹੈ। ਪੰਕਜ ਨੈਨ ਨੇ ਕਿਹਾ ਕਿ ਪੁਲੀਸ ਬਲ ਕਾਨੂੰਨ ਵਿਵਸਥਾ ਬਣਾਈ ਰੱਖਣ, ਜਨਤਾ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਅਤੇ ਅੰਦਰੂਨੀ ਸੁਰੱਖਿਆ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ।

ਤਰੱਕੀਆਂ ਪੁਲੀਸ ਅਧਿਕਾਰੀਆਂ ਦੀਆਂ ਜ਼ਿੰਮੇਵਾਰੀਆਂ ਨੂੰ ਵੀ ਵਧਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਪੁਲੀਸ ਅਧਿਕਾਰੀਆਂ ਦੀ ਸਖ਼ਤ ਮਿਹਨਤ, ਵਫ਼ਾਦਾਰੀ ਅਤੇ ਸਮਰਪਣ ਨੂੰ ਮਾਨਤਾ ਦੇਣਾ ਵਿਭਾਗ ਲਈ ਇੱਕ ਤਰਜੀਹ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਸਾਰੇ ਤਰੱਕੀ ਪ੍ਰਾਪਤ ਅਧਿਕਾਰੀ ਪੂਰੀ ਲਗਨ, ਇਮਾਨਦਾਰੀ ਅਤੇ ਜ਼ਿੰਮੇਵਾਰੀ ਨਾਲ ਆਪਣੇ ਫ਼ਰਜ਼ ਨਿਭਾਉਂਦੇ ਰਹਿਣਗੇ, ਜਨਤਾ ਦੀ ਸੇਵਾ ਅਤੇ ਸੁਰੱਖਿਆ ਨੂੰ ਤਰਜੀਹ ਦਿੰਦੇ ਹੋਏ ਵਿਭਾਗ ਦੇ ਮਾਣ ਅਤੇ ਵੱਕਾਰ ਨੂੰ ਹੋਰ ਵਧਾਉਣਗੇ। ਅੰਬਾਲਾ ਜ਼ਿਲ੍ਹੇ ਦੇ ਈਐਸਆਈ ਹਰੀ ਕ੍ਰਿਸ਼ਨ ਨੂੰ ਆਨਰੇਰੀ ਇੰਸਪੈਕਟਰ ਵਜੋਂ ਤਰੱਕੀ ਦਿੱਤੀ ਗਈ ਹੈ।

ਸੀਨੀਅਰ ਸਿਟੀਜ਼ਨ ਕਾਰਡ ਬਣਵਾਉਣ ਦੇ ਨਾਂ 'ਤੇ 1.26 ਲੱਖ ਦੀ ਸਾਈਬਰ ਠੱਗੀ, ਔਰਤ ਦੇ ਪਤੀ ਤੋਂ ਬੈਂਕ ਡਿਟੇਲ ਅਤੇ ਦਸਤਾਵੇਜ਼ ਲੈ ਕੇ ਉਡਾਈ ਰਕਮ

ਪੈ.ਗਾਮ-ਏ-ਜਗਤ ਕਰਨਾਲ, 04 ਸਤੰਬਰ (ਵਾਲੀਆ)

ਕਰਨਾਲ ਦੇ ਮਾਡਲ ਟਾਊਨ ਵਿੱਚ ਸਾਈਬਰ ਠੱਗਾਂ ਨੇ ਸੀਨੀਅਰ ਸਿਟੀਜ਼ਨ ਕਾਰਡ ਬਣਵਾਉਣ ਅਤੇ ਇਸ ਰਾਹੀਂ ਮੈਡੀਕਲ ਸਮੇਤ ਹੋਰ ਸਹੂਲਤਾਂ ਦਿਵਾਉਣ ਦਾ ਝਾਂਸਾ ਦੇ ਕੇ ਇੱਕ ਜੋੜੇ ਨੂੰ ਠੱਗੀ ਦਾ ਸ਼ਿਕਾਰ ਬਣਾ ਲਿਆ। ਦੋਸ਼ੀਆਂ ਨੇ ਪਹਿਲਾਂ ਫੋਨ ਕਰਕੇ ਔਰਤ ਦੇ ਨਾਂ 'ਤੇ ਕਾਰਡ ਬਣਵਾਉਣ ਦਾ ਭਰੋਸਾ ਦਿਵਾਇਆ ਅਤੇ ਫਿਰ ਬੈਂਕ ਖਾਤੇ ਦੀ ਜਾਣਕਾਰੀ ਅਤੇ ਜ਼ਰੂਰੀ ਦਸਤਾਵੇਜ਼ ਹਾਸਲ ਕਰ ਲਏ। ਇਸ ਤੋਂ ਬਾਅਦ ਵਟਸਐਪ 'ਤੇ ਭੇਜੇ ਗਏ ਇੱਕ ਫਾਰਮ ਨੂੰ ਭਰਵਾ ਕੇ ਓਕੇ ਕਰਵਾਇਆ ਗਿਆ। ਪ੍ਰਕਿਰਿਆ ਪੂਰੀ ਹੁੰਦੇ ਹੀ ਦੋ ਵੱਖ-ਵੱਖ ਬੈਂਕ ਖਾਤਿਆਂ ਤੋਂ ਕਈ ਲੈਣ-ਦੇਣ ਰਾਹੀਂ 1 ਲੱਖ 25 ਹਜ਼ਾਰ 900 ਰੁਪਏ ਕਢਵਾ ਲਏ ਗਏ। ਠੱਗੀ ਦਾ ਪਤਾ ਲੱਗਦਿਆਂ ਹੀ ਪੀੜਤ ਨੇ 1930 ਸਾਈਬਰ ਹੈਲਪਲਾਈਨ 'ਤੇ ਸ਼ਿਕਾਇਤ ਦਰਜ ਕਰਵਾਈ। ਮਾਮਲੇ ਵਿੱਚ ਕਰਨਾਲ ਸਾਈਬਰ ਕ੍ਰਾਈਮ ਥਾਣਾ ਪੁਲਿਸ ਨੇ ਕੇਸ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।

ਅਣਪਛਾਤੇ ਨੰਬਰ ਤੋਂ ਆਇਆ ਸੀ ਫੋਨ:

ਪੁਲਿਸ ਨੂੰ ਦਿੱਤੀ ਸ਼ਿਕਾਇਤ ਵਿੱਚ ਰਾਕੇਸ਼ ਸ਼ੈਲੀ ਨੇ ਦੱਸਿਆ ਕਿ ਉਸਦੀ ਪਤਨੀ ਨੀਨਾ ਸ਼ੈਲੀ ਦੇ ਮੋਬਾਈਲ 'ਤੇ ਇੱਕ ਅਣਪਛਾਤੇ ਨੰਬਰ ਤੋਂ ਕਾਲ ਆਈ ਸੀ। ਕਾਲ ਕਰਨ ਵਾਲੇ ਨੇ ਦੱਸਿਆ ਕਿ ਨੀਨਾ ਸ਼ੈਲੀ ਦਾ ਸੀਨੀਅਰ ਸਿਟੀਜ਼ਨ ਕਾਰਡ ਬਣਾਇਆ ਜਾਵੇਗਾ। ਇਸ ਰਾਹੀਂ ਉਸਨੂੰ ਮੈਡੀਕਲ ਸਮੇਤ ਕਈ ਹੋਰ ਸਹੂਲਤਾਂ ਮਿਲਣ ਦਾ ਦਾਅਵਾ ਕੀਤਾ ਗਿਆ।

ਕਾਲਰ ਦੀਆਂ ਗੱਲਾਂ 'ਤੇ ਵਿਸ਼ਵਾਸ ਕਰਦਿਆਂ ਰਾਕੇਸ਼ ਸ਼ੈਲੀ ਨੇ ਦੋਸ਼ੀਆਂ ਨਾਲ ਆਪਣੇ ਬੈਂਕ ਖਾਤੇ ਦੀ ਜਾਣਕਾਰੀ ਅਤੇ ਜ਼ਰੂਰੀ ਦਸਤਾਵੇਜ਼ ਸਾਂਝੇ ਕਰ ਦਿੱਤੇ। ਇਸ ਤੋਂ ਬਾਅਦ ਦੋਸ਼ੀਆਂ ਨੇ ਨੀਨਾ ਸ਼ੈਲੀ ਦੇ ਵਟਸਐਪ ਨੰਬਰ 'ਤੇ ਇੱਕ ਫਾਰਮ ਭੇਜਿਆ। ਫਾਰਮ ਭਰਨ ਤੋਂ ਬਾਅਦ ਉਸਨੂੰ ਓਕੇ ਕਰਨ ਲਈ ਕਿਹਾ ਗਿਆ। ਸ਼ਿਕਾਇਤ ਅਨੁਸਾਰ, ਫਾਰਮ ਦੀ ਪ੍ਰਕਿਰਿਆ ਪੂਰੀ ਹੋਣ ਤੋਂ ਕੁਝ ਸਮੇਂ ਬਾਅਦ ਹੀ ਬੈਂਕ ਖਾਤਿਆਂ ਤੋਂ ਰਕਮ ਨਿਕਲਣੀ ਸ਼ੁਰੂ ਹੋ ਗਈ।

ਦੋ ਬੈਂਕ ਖਾਤਿਆਂ ਤੋਂ ਕਢਵਾਈ ਗਈ ਰਕਮ

ਰਾਕੇਸ਼ ਸ਼ੈਲੀ ਦੇ ਪੰਜਾਬ ਨੈਸ਼ਨਲ ਬੈਂਕ ਖਾਤੇ ਤੋਂ ਚਾਰ ਵੱਖ-ਵੱਖ ਟ੍ਰਾਂਜੈਕਸ਼ਨਾਂ ਰਾਹੀਂ ਰਕਮ ਕਢਵਾਈ ਗਈ। ਇਨ੍ਹਾਂ ਵਿੱਚ 4,900 ਰੁਪਏ, 5,000 ਰੁਪਏ ਅਤੇ 10-10 ਹਜ਼ਾਰ ਰੁਪਏ ਦੇ ਦੋ ਲੈਣ-ਦੇਣ ਸ਼ਾਮਲ ਹਨ। ਇਸ ਤੋਂ ਇਲਾਵਾ ਪੰਜਾਬ ਐਂਡ ਸਿੰਧ ਬੈਂਕ, ਮਾਡਲ ਟਾਊਨ ਕਰਨਾਲ ਦੇ ਖਾਤੇ ਤੋਂ ਵੀ ਦੋ ਵਾਰ 48-48 ਹਜ਼ਾਰ ਰੁਪਏ ਕਢਵਾਏ ਗਏ। ਇਸ ਤਰ੍ਹਾਂ ਦੋਸ਼ੀਆਂ ਨੇ ਕੁੱਲ 1,25,900 ਰੁਪਏ ਦੀ ਠੱਗੀ ਕਰ ਲਈ। ਠੱਗੀ ਦਾ ਪਤਾ ਲੱਗਣ 'ਤੇ ਸ਼ਿਕਾਇਤਕਰਤਾ ਨੇ ਤੁਰੰਤ ਸਾਈਬਰ ਅਪਰਾਧ ਦੀ ਹੈਲਪਲਾਈਨ 1930 'ਤੇ ਸ਼ਿਕਾਇਤ ਦਰਜ ਕਰਵਾਈ, ਤਾਂ ਜੋ ਰਕਮ ਨੂੰ ਫ?ਰੀਜ਼ ਕਰਵਾਉਣ ਅਤੇ ਦੋਸ਼ੀਆਂ ਤੱਕ ਪਹੁੰਚਣ ਦੀ ਕਾਰਵਾਈ ਕੀਤੀ ਜਾ ਸਕੇ।

ਜ਼ੀਰੋ ਐਫਆਈਆਰ ਦੇ ਆਧਾਰ 'ਤੇ ਕਰਨਾਲ ਵਿੱਚ ਦਰਜ ਹੋਇਆ ਕੇਸ

ਮਾਮਲਾ ਨੋਡਲ ਸਾਈਬਰ ਕ੍ਰਾਈਮ ਪੁਲਿਸ ਸਟੇਸ਼ਨ, ਪੰਚਕੂਲਾ, ਹਰਿਆਣਾ ਤੋਂ ਜ਼ੀਰੋ ਐਫਆਈਆਰ ਦੇ ਰੂਪ ਵਿੱਚ ਕਰਨਾਲ ਸਾਈਬਰ ਕ੍ਰਾਈਮ ਥਾਣਾ ਪਹੁੰਚਿਆ। ਸ਼ਿਕਾਇਤ ਅਤੇ ਸ਼ੁਰੂਆਤੀ ਜਾਂਚ ਦੇ ਆਧਾਰ 'ਤੇ ਪੁਲਿਸ ਨੇ ਪਹਿਲੀ ਨਜ਼ਰ ਵਿੱਚ ਧੋਖਾਧੜੀ ਦਾ ਮਾਮਲਾ ਪਾਇਆ। ਪੁਲਿਸ ਨੇ ਬੀਤੀ ਰਾਤ ਸ਼ਿਕਾਇਤ ਦੇ ਆਧਾਰ 'ਤੇ ਕੇਸ ਦਰਜ ਕਰ ਲਿਆ। ਮਾਮਲੇ ਦੀ ਜਾਂਚ ਐਸਆਈ ਦੇਵਿੰਦਰ ਨੂੰ ਸੌਂਪੀ ਗਈ ਹੈ। ਪੁਲਿਸ ਹੁਣ ਦੋਸ਼ੀਆਂ ਦੀ ਪਛਾਣ ਕਰਨ ਦੇ ਨਾਲ-ਨਾਲ ਠੱਗੀ ਦੀ ਰਕਮ ਕਿਹੜੇ ਖਾਤਿਆਂ ਵਿੱਚ ਟ੍ਰਾਂਸਫਰ ਹੋਈ ਅਤੇ ਪੂਰੇ ਲੈਣ-ਦੇਣ ਵਿੱਚ ਕਿਹੜੇ ਲੋਕਾਂ ਦੀ ਭੂਮਿਕਾ ਰਹੀ, ਇਸਦੀ ਜਾਂਚ ਕਰ ਰਹੀ ਹੈ।

ਮੰਗਾਂ ਮੰਨਣ ਤੋਂ ਭਗੌੜੇ ਮੁੱਖ ਮੰਤਰੀ ਸਮੇਤ ਮੰਤਰੀਆਂ ਵਲੋਂ ਕੂੜ ਪ੍ਰਚਾਰ ਕਰਨ ਖਿਲਾਫ ਡਿਪਟੀ ਸਪੀਕਰ ਰੋੜੀ ਦੇ ਘਰ ਦਾ ਘਿਰਾਓ 12 ਸਤੰਬਰ ਨੂੰ

• ਦਾਨਾ ਮੰਡੀ ਤੋਂ ਜੈ ਕਿਸ਼ਨ ਰੋੜੀ ਦੇ ਘਰ ਤੱਕ ਰੋਸ ਮਾਰਚ ਕੀਤਾ ਜਾਵੇਗਾ : ਸਤੀਸ਼ ਰਾਣਾ

ਪੈ.ਗਾਮ-ਏ-ਜਗਤ/ਗੜ੍ਹਸ਼ੰਕਰ 4 ਸਤੰਬਰ (ਹਰੀ ਕ੍ਰਿਸ਼ਨ ਗੰਗੜ)

ਪੰਜਾਬ ਸਰਕਾਰ ਵਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਅਹਿਮ ਮੰਗਾਂ ਮੰਨਣ ਦੀ ਥਾਂ ਮੁਲਾਜ਼ਮਾਂ ਪੈਨਸ਼ਨਰਾਂ ਖਿਲਾਫ ਕੂੜ ਪ੍ਰਚਾਰ ਵਿੱਢਣ ਅਤੇ ਵਾਰ-ਵਾਰ ਮੀਟਿੰਗ ਦੇ ਕੇ ਮੁੱਖ ਮੰਤਰੀ ਦੇ ਭਗੌੜੇ ਹੋਣ ਦੇ ਖ਼ਿਲਾਫ਼ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਪੰਜਾਬ ਦੀ ਸਾਂਝੀ ਤਾਲਮੇਲ ਕਮੇਟੀ ਦੇ ਮੰਤਰੀਆਂ ਦੇ ਦਫਤਰਾਂ/ਘਰਾਂ ਦੇ ਘਿਰਾਓ ਦੇ ਦਿੱਤੇ ਸੱਦੇ ਤਹਿਤ ਹੁਸ਼ਿਆਰਪੁਰ ਤੇ ਨਵਾਂਸ਼ਹਿਰ ਦੀਆਂ ਤਾਲਮੇਲ ਕਮੇਟੀਆਂ ਵਲੋ ਪੰਜਾਬ ਦੇ ਕਨਵੀਨਰ ਸਤੀਸ਼ ਰਾਣਾ ਦੀ ਪ੍ਰਧਾਨਗੀ ਹੇਠ ਮੀਟਿੰਗ ਕੀਤੀ ਗਈ।

ਮੀਟਿੰਗ ਦੀ ਕਾਰਵਾਈ ਪ੍ਰੈਸ ਨੂੰ ਜਾਰੀ ਕਰਦਿਆਂ ਮੋਰਚੇ ਅਤੇ ਤਾਲਮੇਲ ਕਮੇਟੀ ਦੇ ਆਗੂਆਂ ਕੁਲਦੀਪ ਸਿੰਘ ਦੌੜਕਾ, ਮੁਕੇਸ਼ ਕੁਮਾਰ, ਮੱਖਣ ਸਿੰਘ ਵਾਹਿਦਪੁਰੀ, ਵਿਜੇ ਕੁਮਾਰ, ਕੁਲਵਿੰਦਰ ਸਿੰਘ ਅਟਵਾਲ,ਅਮਰੀਕ ਸਿੰਘ, ਜੀਤ ਲਾਲ ਗੋਹਲੜੋਂ, ਬਿਕਰਮਜੀਤ ਸਿੰਘ, ਇੰਦਰਜੀਤ ਵਿਰਦੀ, ਸ਼ਾਮ ਸੁੰਦਰ ਕਪੂਰ ਤੇ ਬਲਵੰਤ ਰਾਮ ਨੇ ਦੱਸਿਆ ਕਿ ਮੀਟਿੰਗ ਵਿੱਚ 12 ਸਤੰਬਰ ਨੂੰ ਡਿਪਟੀ ਸਪੀਕਰ ਜੈ ਕਿਸ਼ਨ ਰੋੜੀ ਦੇ ਘਰ ਅਤੇ ਦਫਤਰ ਦਾ ਘਿਰਾਓ ਕਰਨ ਬਾਰੇ ਵਿਸਤਾਰ ਨਾਲ ਚਰਚਾ ਕਰਦਿਆਂ ਵਿਉਂਤਬੰਦੀ ਕੀਤੀ ਗਈ ਅਤੇ ਦੋਹਾਂ ਜ਼ਿਲ੍ਹਿਆ ਦੇ ਸਮੂਹ ਵਿਭਾਗਾਂ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਵਾਉਣ ਦਾ ਫੈਸਲਾ ਕੀਤਾ ਗਿਆ।

ਤਾਲਮੇਲ ਕਮੇਟੀ ਦੇ ਆਗੂਆਂ ਕਰਨੈਲ ਸਿੰਘ ਰਾਹੋ, ਚੰਦਰ ਸ਼ੇਖਰ, ਅਸ਼ੋਕ ਕੁਮਾਰ, ਵਿਨੋਦ ਕੁਮਾਰ ਰਾਣਾ, ਕਮਲਦੇਵ, ਪਵਨ ਗੋਇਲ, ਹੰਸ ਰਾਜ, ਜੀਤ ਬਗਵਾਈ, ਭੁਪਿੰਦਰ ਸਿੰਘ ਸੜੋਆ, ਮੱਖਣ ਲੰਗੇਰੀ, ਪਵਨ ਗੜ੍ਹੀ, ਨਰੇਸ਼ ਭੰਮੀਆਂ, ਹਰਜਿੰਦਰ ਸੁੰਨੀ, ਜਸਵੀਰ ਰੱਕੜ, ਬਲਵਿੰਦਰ ਸਿੰਘ, ਸੁਖਪਾਲ ਸਿੰਘ,ਜਗਦੀਸ਼ ਸਿੰਘ,ਗੁਰਦੀਪ ਸਿੰਘ ਨੇ ਕਿਹਾ ਕਿ ਰਹਿੰਦੇ 18 ਪ੍ਰਤੀਸ਼ਤ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਜਾਰੀ ਕਰਨ, ਪੈਨਸ਼ਨ ਦੁਹਰਾਈ 2.59 ਦੇ ਗੁਣਾਕ ਨਾਲ ਕਰਨ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ, ਅਨਰਿਵਾਈਜ਼ਡ ਕੈਟਾਗਰੀਆਂ ਦੀ ਤਨਖਾਹ 2.59 ਦੇ ਗੁਣਾਕ ਨਾਲ ਸੋਧਣ, ਹਰ ਤਰ੍ਹਾਂ ਦੇ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ, ਮਾਣ ਭੱਤਾ ਇਨਸੈਂਟਿਵ ਵਰਕਰਾਂ ਨੂੰ ਘੱਟੋ ਘੱਟ ਉਜਰਤਾਂ ਦੇ ਘੇਰੇ ਵਿੱਚ ਲਿਆਉਣ, ਸੋਧਣ ਦੇ ਨਾਂ 'ਤੇ ਪੇਂਡੂ ਭੱਤੇ ਸਮੇਤ ਕੱਟੇ ਗਏ ਸਮੁੱਚੇ ਭੱਤੇ ਬਹਾਲ ਕਰਨ, ਏਸੀਪੀ ਸਕੀਮ ਬਹਾਲ ਕਰਨ, ਮੁਲਾਜ਼ਮ ਵਿਰੋਧੀ ਨੋਟੀਫਿਕੇਸ਼ਨ 15.01.2015 ਦਾ ਮੁਢਲੀ ਤਨਖਾਹ 'ਤੇ ਨਿਯੁਕਤੀ ਦਾ ਪੱਤਰ, 17.07.2020 ਦਾ ਕੇਂਦਰੀ ਸਕੇਲ ਲਾਗੂ ਕਰਨ ਦੇ ਪੱਤਰ ਨੂੰ ਰੱਦ ਕਰਨ ਅਤੇ 12.06.2025 ਨੂੰ ਸੋਧੇ ਗਏ ਸਰਵਿਸ ਰੂਲਾਂ ਦੇ ਨੋਟੀਫਿਕੇਸ਼ਨ ਨੂੰ ਵਾਪਸ ਲੈ ਕੇ ਪੰਜਾਬ ਦੇ ਸਮੁੱਚੇ ਨਵੇਂ ਮੁਲਾਜ਼ਮਾਂ ਨੂੰ ਪੰਜਾਬ ਦੇ ਤਨਖਾਹ ਸਕੇਲ ਦੇਣ, ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦਾ ਵਿਕਾਸ ਦੇ ਨਾਂ ਤੇ ਕੱਟਿਆ ਜਾ ਰਿਹਾ 200 ਰੁਪਏ ਪ੍ਰਤੀ ਮਹੀਨਾ ਜਜੀਆ ਟੈਕਸ ਵਾਪਸ ਲੈਣ, ਛੇਵੇਂ ਤਨਖਾਹ ਕਮਿਸ਼ਨ ਦੇ ਬਕਾਏ ਯਕਮੁਸ਼ਤ ਇੱਕੋ ਕਿਸ਼ਤ ਵਿੱਚ ਅਦਾ ਕਰਨ, ਪੰਜਵੇਂ ਤਨਖਾਹ ਕਮਿਸ਼ਨ ਦੀ ਸਿਫਾਰਿਸ਼ ਤੇ 2011 ਵਿੱਚ ਲਾਗੂ ਕੀਤੀ ਉਚੇਰੀ ਗ੍ਰੇਡ ਪੇ ਬਹਾਲ ਕਰਨ, ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਬੱਝਵਾਂ ਮੈਡੀਕਲ ਭੱਤਾ 2000 ਰੁਪਏ ਪ੍ਰਤੀ ਮਹੀਨਾ ਕਰਨ, ਜਨਵਰੀ 2016 ਤੋਂ ਤਨਖਾਹ ਅਤੇ ਪੈਨਸ਼ਨ ਦੁਹਰਾਈ ਕਰਦੇ ਸਮੇਂ 125% ਮਹਿੰਗਾਈ ਭੱਤੇ ਨੂੰ ਆਧਾਰ ਬਣਾਉਣ, ਛੇਵੇਂ ਤਨਖਾਹ ਕਮਿਸ਼ਨ ਦੇ ਦੂਸਰੇ ਹਿੱਸੇ ਦੀ ਏ ਸੀ ਪੀ ਸਬੰਧੀ ਰਿਪੋਰਟ ਜਾਰੀ ਕਰਨ, ਪੰਜਾਬ ਦੇ ਸੱਤਵੇਂ ਤਨਖਾਹ ਕਮਿਸ਼ਨ ਦਾ ਤੁਰੰਤ ਗਠਨ ਕਰਨ, ਕੈਸ਼ਲੈਸ ਹੈਲਥ ਸਕੀਮ ਪੰਜਾਬ ਦੇ ਸਮੂਹ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਤੇ ਲਾਗੂ ਕਰਨ, ਪੰਜਾਬ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਡੈਥ ਕਮ ਰਿਟਾਇਰਮੈਂਟ ਗਰੈਚੁਟੀ ਕੇਂਦਰ ਦੀ ਤਰਜ ਤੇ 25 ਲੱਖ ਰੁਪਏ ਕਰਨ, ਇਸ ਨੂੰ ਰਹਿੰਦੇ ਬੋਰਡਾਂ ਕਾਰਪੋਰੇਸ਼ਨਾਂ ਅਤੇ ਹੋਰ ਅਦਾਰਿਆਂ ਤੇ ਵੀ ਲਾਗੂ ਕਰਨ, ਅਦਾਲਤਾਂ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਹੱਕ ਵਿੱਚ ਦਿੱਤੇ ਗਏ ਫੈਸਲਿਆਂ ਨੂੰ ਜਨਰਲਾਈਜ਼ ਕਰਨ ਦੀ ਮੰਗ ਕੀਤੀ।

ਇਸ ਸਮੇਂ ਜੋਗਿੰਦਰ ਸਿੰਘ, ਸੱਤਪਾਲ, ਨਰੇਸ਼ ਕੁਮਾਰ, ਗੋਪੀ ਰਾਮ, ਮਨਦੀਪ ਕੁਮਾਰ, ਦਿਲਾਵਰ ਸਿੰਘ, ਗੁਰਨਾਮ ਹਾਜ਼ੀਪੁਰ, ਜਗਦੀਸ਼ ਲਾਲ, ਇਸ਼ਾਨ ਮੱਕੜ, ਗੁਰਨੀਤ, ਹਰਮੇਸ਼ ਕੁਮਾਰ, ਰਮਨ ਕੁਮਾਰ ਆਦਿ ਮੌਜੂਦ ਸਨ।

ਜਨਮਅਸ਼ਟਮੀ ਮੌਕੇ ਝੰਡਾ ਚੜ੍ਹਾਉਣ ਦੀ ਰਸਮ ਨਿਭਾਈ



ਐਸ.ਏ.ਐਸ. ਨਗਰ, 4 ਸਤੰਬਰ (ਪੈ.ਗਾਮ-ਏ-ਜਗਤ)

ਕ੍ਰਿਸ਼ਨ ਜਨਮ ਅਸ਼ਟਮੀ ਮੌਕੇ ਸ਼੍ਰੀ ਵੈਸ਼ਨੋ ਮਾਤਾ ਮੰਦਰ ਫੇਜ਼ 3ਬੀ-1 ਮੁਹਾਲੀ ਵਿਖੇ ਪਰਦੀਪ ਸੋਨੀ (ਪ੍ਰਧਾਨ ਮਾਤਾ ਵੈਸ਼ਨੋ ਮਾਤਾ ਮੰਦਰ ਫੇਜ਼ 3ਬੀ 1), ਅਸ਼ਵਨੀ ਸ਼ਰਮਾ ਅਤੇ ਅਮਿਤ ਮਰਵਾਹਾ ਵੱਲੋਂ ਝੰਡਾ ਚੜ੍ਹਾਇਆ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਐਸ ਪੀ ਮਲਹੋਤਰਾ, ਦਿਨੇਸ਼ ਸ਼ਰਮਾ, ਓਮ ਪ੍ਰਕਾਸ਼ ਵਿਜ, ਵੀ ਕੇ ਬਹਿਲ, ਹੇਮੰਤ ਸਿੰਘ, ਨਵੀਨ ਸ਼ਰਮਾ, ਇੰਦਰਜੀਤ ਮਹਿਤਾ, ਰਮੇਸ਼ ਗੁਪਤਾ, ਰਮੇਸ਼ ਆਹੂਜਾ, ਅਤੁਲ ਕੁਮਾਰ, ਕੈਲਾਸ਼ ਮਰਵਾਹਾ, ਸੰਤੋਸ਼ ਮਹਿਤਾ, ਨੀਲਮ ਅਰੋੜਾ, ਨੀਲਮ ਸ਼ਰਮਾ ਆਦਿ ਹਾਜ਼ਰ ਹਨ।

ਸ਼੍ਰੀ ਕ੍ਰਿਸ਼ਨ ਜਨਮਅਸ਼ਟਮੀ ਦੇ ਸਬੰਧ ਵਿੱਚ ਪ੍ਰਭਾਤ ਫੇਰੀ ਕੱਢੀ

ਐਸ.ਏ.ਐਸ. ਨਗਰ, 4 ਸਤੰਬਰ (ਪੈ.ਗਾਮ-ਏ-ਜਗਤ)

ਸ਼੍ਰੀ ਕ੍ਰਿਸ਼ਣ ਜਨਮਅਸ਼ਟਮੀ ਦੇ ਸਬੰਧ ਵਿੱਚ ਮਾਂ ਦੁਰਗਾ ਮੰਦਿਰ ਸੈਕਟਰ 68 ਮੁਹਾਲੀ ਵਿੱਚ ਸਵੇਰੇ ਪ੍ਰਭਾਤ ਫੇਰੀ ਕੱਢੀ ਗਈ ਜਿਸ ਵਿੱਚ ਵਿੱਚ ਸਾਰੇ ਸੈਕਟਰ ਵਾਸੀਆਂ ਨੇ ਹਿੱਸਾ ਲਿਆ ਅਤੇ ਪ੍ਰਭਾਤ ਫੇਰੀ ਵਿੱਚ ਭਗਵਾਨ ਦੇ ਨਾਮ ਦਾ ਗੁਣਗਾਨ ਕੀਤਾ। ਮੰਦਿਰ ਦੇ ਪ੍ਰਧਾਨ ਸੁਰਿੰਦਰ ਸੂਦ ਨੇ ਦੱਸਿਆ ਕਿ ਸਵੇਰੇ ਤੋਂ ਹੀ ਮੰਦਿਰ ਵਿੱਚ ਭਗਤ ਭਗਵਾਨ ਨੂੰ ਝੂਲਾ ਝੁਲਾਉਣ ਅਤੇ ਦਰਸ਼ਨ ਕਰਨ ਲਈ ਆਉਂਦੇ ਰਹੇ ਅਤੇ ਅਸ਼ੀਰਵਾਦ ਪ੍ਰਾਪਤ ਕੀਤਾ। ਸ਼ਾਮ ਦੇ ਸਮੇਂ ਸੰਗੀਤਮਈ ਭਜਨ ਸ਼ਾਮ ਅਤੇ ਦੁੱਧ ਫਲ ਵਰਤ ਦੇ ਪਕੌੜਿਆਂ ਦਾ ਭੰਡਾਰਾ ਚੱਲੇਗਾ। 12 : 00 ਵਜੇ ਭਗਵਾਨ ਦਾ ਜਨਮ ਉਤਸਵ ਮਨਾਇਆ ਜਾਵੇਗਾ ਅਤੇ ਆਰਤੀ ਉਪਰੰਤ ਪ੍ਰਸਾਦ ਵੰਡਿਆ ਜਾਵੇਗਾ।



ਅਦਾਰਾ
"ਪੈ.ਗਾਮ-ਏ-ਜਗਤ" ਅਖਬਾਰ ਲਈ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਤੋਂ
ਪੱਤਰਕਾਰਾਂ ਦੀ ਲੋੜ।
Mobile : 9878862733, 9872340701

ਮੁਹਾਲੀ ਵਿੱਚ ਕਾਨੂੰਨ ਵਿਵਸਥਾ ਦੀ ਹਾਲਤ ਬਦਤਰ : ਕੁਲਜੀਤ ਸਿੰਘ ਬੇਦੀ



ਐਸ.ਏ.ਐਸ. ਨਗਰ, 4 ਸਤੰਬਰ (ਪੈ.ਗਾਮ-ਏ-ਜਗਤ)

ਮੁਹਾਲੀ ਨਗਰ ਨਿਗਮ ਦੇ ਸਾਬਕਾ ਡਿਪਟੀ ਮੇਅਰ ਕੁਲਜੀਤ ਸਿੰਘ ਬੇਦੀ ਨੇ ਕਿਹਾ ਹੈ ਕਿ ਮੁਹਾਲੀ ਸ਼ਹਿਰ ਵਿੱਚ ਕਾਨੂੰਨ-ਵਿਵਸਥਾ ਦੇ ਹਾਲਾਤ ਕਾਬੂ ਤੋਂ ਬਾਹਰ ਹੋ ਚੁੱਕੇ ਹਨ ਅਤੇ ਆਏ ਦਿਨ ਵਾਪਰਦੀਆਂ ਗੋਲੀਬਾਰੀ, ਸਨੈਚਿੰਗ, ਚੋਰੀ ਅਤੇ ਲੁੱਟ-ਖੋਹ ਦੀਆਂ ਘਟਨਾਵਾਂ ਕਾਰਨ ਲੋਕਾਂ ਵਿੱਚ ਕਾਨੂੰਨ ਵਿਵਸਥਾ ਪ੍ਰਤੀ ਭਰੋਸਾ ਡੋਲ ਰਿਹਾ ਹੈ। ਇਸ ਸੰਬੰਧੀ ਉਹਨਾਂ ਪੰਜਾਬ ਦੇ ਡੀ ਜੀ ਪੀ ਨੂੰ ਪੱਤਰ ਲਿਖ ਕੇ ਤੁਰੰਤ ਲੋੜੀਂਦੇ ਕਦਮ ਚੁੱਕਣ ਦੀ ਮੰਗ ਕੀਤੀ ਹੈ। ਪੱਤਰ ਵਿੱਚ ਉਹਨਾਂ ਕਿਹਾ ਹੈ ਕਿ ਪੁਲੀਸ ਦੀ ਘੱਟ ਨਫਰੀ ਅਤੇ ਵੱਡੀ ਗਿਣਤੀ ਵਿੱਚ ਪੁਲੀਸ ਮੁਲਾਜ਼ਮਾਂ ਦੇ ਧਰਨਿਆਂ, ਵੀ ਆਈ ਪੀ ਡਿਊਟੀਆਂ ਤੇ ਤਾਇਨਾਤ ਰਹਿਣ ਕਾਰਨ ਆਮ ਲੋਕਾਂ ਦੀ ਸੁਰੱਖਿਆ ਪ੍ਰਭਾਵਿਤ ਹੋ ਰਹੀ ਹੈ। ਉਨ੍ਹਾਂ ਲਿਖਿਆ ਹੈ ਕਿ ਮੁਹਾਲੀ ਨਿਵੇਸ਼ਕਾਂ ਅਤੇ ਕਾਰੋਬਾਰੀਆਂ ਲਈ ਇੱਕ ਮਹੱਤਵਪੂਰਨ ਸ਼ਹਿਰ ਹੈ। ਇੱਥੇ ਗਮਾਡਾ ਵੱਲੋਂ ਜ਼ਮੀਨਾਂ ਦੀ ਵਿਕਰੀ ਰਾਹੀਂ ਸਰਕਾਰ ਨੂੰ ਵੱਡਾ ਮਾਲੀਆ ਪ੍ਰਾਪਤ ਹੁੰਦਾ ਹੈ ਅਤੇ ਕਰੋੜਾਂ-ਅਰਬਾਂ ਰੁਪਏ ਦਾ ਨਿਵੇਸ਼ ਹੋ ਰਿਹਾ ਹੈ। ਅਜਿਹੇ ਹਾਲਾਤ ਵਿੱਚ ਜੇਕਰ ਸ਼ਹਿਰ ਵਿੱਚ ਅਪਰਾਧ ਅਤੇ ਅਸੁਰੱਖਿਆ ਦਾ ਮਾਹੌਲ ਬਣਿਆ ਰਹਿੰਦਾ ਹੈ ਤਾਂ ਇਸ ਦਾ ਸਿੱਧਾ ਪ੍ਰਭਾਵ ਮੁਹਾਲੀ ਦੇ ਵਿਕਾਸ ਅਤੇ ਨਵੇਂ ਨਿਵੇਸ਼ ਤੇ ਪੈ ਸਕਦਾ ਹੈ।

ਉਹਨਾਂ ਲਿਖਿਆ ਹੈ ਕਿ ਸ਼ਹਿਰ ਵਿੱਚ ਨਸ਼ਿਆਂ ਦੀ ਸਪਲਾਈ ਜੋਰਾਂ ਤੇ ਹੈ। ਉਹਨਾਂ ਕਿਹਾ ਕਿ ਜੇਕਰ ਬਾਹਰੋਂ ਪੀਜੀ ਵਿੱਚ ਆ ਕੇ ਰਹਿਣ ਵਾਲੇ ਨੌਜਵਾਨਾਂ ਨੂੰ ਥੋੜ੍ਹੇ ਸਮੇਂ ਵਿੱਚ ਇਹ ਪਤਾ ਲੱਗ ਜਾਂਦਾ ਹੈ ਕਿ ਨਸ਼ਾ ਕਿੱਥੋਂ ਪ੍ਰਾਪਤ ਕੀਤਾ ਜਾ ਸਕਦਾ ਹੈ, ਤਾਂ ਫਿਰ ਪੁਲੀਸ ਨਸ਼ੇ ਦੀ ਸਪਲਾਈ ਕਰਨ ਵਾਲੇ ਸਰੋਤਾਂ ਤੱਕ ਕਿਉਂ ਨਹੀਂ ਪਹੁੰਚ ਰਹੀ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਪੁਲੀਸ ਦੀ ਕਾਰਗੁਜ਼ਾਰੀ ਤੇ ਸਵਾਲ ਉੱਠਣਾ ਸੁਭਾਵਿਕ ਹੈ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਕਈ ਚੌਕਾਂ ਵਿੱਚ ਬੈਰੀਕੇਡ ਲਗਾ ਕੇ ਪੁਲੀਸ ਮੁਲਾਜ਼ਮ ਤਾਇਨਾਤ ਕੀਤੇ ਜਾਂਦੇ ਹਨ, ਪਰ ਉੱਥੇ ਵਾਹਨਾਂ ਜਾਂ ਸ਼ੱਕੀ ਵਿਅਕਤੀਆਂ ਦੀ ਪ੍ਰਭਾਵਸ਼ਾਲੀ ਚੈਕਿੰਗ ਨਹੀਂ ਹੁੰਦੀ ਉਲਟਾ ਇਸ ਨਾਲ ਆਵਾਜਾਈ ਜਰੂਰ ਪ੍ਰਭਾਵਿਤ ਹੁੰਦੀ ਹੈ।

ਤਸਕਰਾਂ ਨੂੰ ਸਜ਼ਾ ਕਰਾਉਂਣ ਤੱਕ ਮਿਹਨਤ ਕਰਨ ਵਾਲੇ ਪੁਲਿਸ ਕਰਮਚਾਰੀਆਂ ਵੰਡੇ ਇਨਾਮਾਂ ਦੇ ਗੱਫ਼ੇ

ਪੈ.ਗ਼ਾਮ-ਏ-ਜਗਤ/ਨਵਾਂਸ਼ਹਿਰ 4 ਸਤੰਬਰ (ਗੁਰਬਖਸ਼ ਸਿੰਘ ਮਹੇ)

ਨਸ਼ਿਆਂ ਨਾਲ ਜੁੜੇ ਮਾਮਲਿਆਂ ਦੇ ਕਥਿਤ ਦੋਸ਼ੀਆਂ ਨੂੰ ਮਾਣਯੋਗ ਅਦਾਲਤ ਤੱਕ ਸ਼ਜ਼ਾ ਦਿਵਾਉਣ ਵਾਲੇ ਪੁਲਿਸ ਕਰਮਚਾਰੀਆਂ, ਅਧਿਕਾਰੀਆਂ ਅਤੇ ਸਰਕਾਰੀ ਵਕੀਲਾਂ ਲਈ ਸਰਕਾਰ ਵਲੋਂ ਸ਼ੁਰੂ ਕੀਤੀ ਇਨਾਮ ਯੋਜਨਾ ਤਹਿਤ ਅੱਜ ਉਕਤ ਮੁਲਾਜ਼ਮਾਂ ਨੂੰ ਐੱਸ ਐੱਸ ਪੀ ਸ੍ਰੀ ਤੁਸ਼ਾਰ ਗੁਪਤਾ ਵਲੋਂ ਐੱਸ ਪੀ (ਪੀ ਬੀ ਆਈ ਤੇ ਐਸ ਪੀ ਆਪ੍ਰੇਸ਼ਨ) ਸਰਬਜੀਤ ਸਿੰਘ ਬਾਹੀਆ, ਐਸ ਪੀ (ਜਾਂਚ) ਹਰਿੰਦਰ ਸਿੰਘ ਦੀ ਹਾਜ਼ਰੀ 'ਚ ਇਨਾਮਾਂ ਦੇ ਗੱਫ਼ੇ ਵੰਡੇ ਗਏ।

- **ਸਖ਼ਤ ਮਿਹਨਤ ਇਕ ਦਿਨ ਜ਼ਿੰਦਗੀ 'ਚ ਰੰਗ ਜ਼ਰੂਰ ਲਿਆਉਂਦੀ ਹੈ- ਐੱਸ.ਐੱਸ.ਪੀ ਤੁਸ਼ਾਰ ਗੁਪਤਾ**



ਇਸ ਮੌਕੇ ਤੇ ਸੰਬੋਧਨ ਕਰਦਿਆਂ ਸ੍ਰੀ ਤੁਸ਼ਾਰ ਗੁਪਤਾ ਨੇ ਆਖਿਆ ਕਿ ਅੱਜ ਦਾ ਇਹ ਸਮਾਗਮ ਸਾਡੇ ਲਈ ਬਹੁਤ ਮਹੱਤਵਪੂਰਨ ਅਤੇ ਮਾਣ ਵਾਲਾ ਮੌਕਾ ਹੈ, ਨਸ਼ਿਆਂ ਦੀ ਤਸਕਰੀ ਅਤੇ ਇਸ ਨਾਲ ਜੁੜੇ ਅਪਰਾਧਾਂ ਵਿਰੁੱਧ ਪੁਲਿਸ ਵਿਭਾਗ ਵੱਲੋਂ ਲਗਾਤਾਰ ਚਲਾਈ ਜਾ ਰਹੀ ਮੁਹਿੰਮ ਵਿਚ ਜਿਨ੍ਹਾਂ ਪੁਲਿਸ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਮਿਹਨਤ, ਇਮਾਨਦਾਰੀ, ਹਿੰਮਤ ਅਤੇ ਪੇਸ਼ੇਵਰ ਸਮਰੱਥਾ ਦਾ ਪ੍ਰਦਰਸ਼ਨ ਕਰਦਿਆਂ ਨਸ਼ਾ ਤਸਕਰਾਂ ਨੂੰ ਕਾਬੂ ਕਰਕੇ ਉਨ੍ਹਾਂ ਵਿਰੁੱਧ ਕਾਨੂੰਨੀ ਕਾਰਵਾਈ ਨੂੰ ਅੰਜਾਮ ਤੱਕ ਪਹੁੰਚਾਇਆ ਹੈ, ਉਹ ਵਧਾਈ ਦੇ ਹੱਕਦਾਰ ਹਨ, ਸਾਡਾ ਉਦੇਸ਼ ਸਿਰਫ਼ ਨਸ਼ਾ ਬਰਾਮਦ ਕਰਨਾ ਜਾਂ ਤਸਕਰਾਂ ਨੂੰ ਗ੍ਰਿਫ਼ਤਾਰ ਕਰਨਾ ਹੀ ਨਹੀਂ, ਬਲਕਿ ਮਜ਼ਬੂਤ ਅਤੇ ਪਾਰਦਰਸ਼ੀ ਤਫ਼ਤੀਸ਼ ਰਾਹੀਂ ਦੋਸ਼ੀਆਂ ਨੂੰ ਅਦਾਲਤ ਵਿਚ ਕਾਨੂੰਨ ਅਨੁਸਾਰ ਸਜ਼ਾ ਦਿਵਾਉਣਾ ਵੀ ਹੈ। ਅੱਜ ਜਿਨ੍ਹਾਂ ਪੁਲਿਸ ਕਰਮਚਾਰੀਆਂ ਨੂੰ ਇਨਾਮ ਅਤੇ ਪ੍ਰਸ਼ੰਸਾ ਪੱਤਰ ਦਿੱਤੇ ਗਏ ਹਨ, ਇਹ ਉਨ੍ਹਾਂ ਦੀ ਮਿਹਨਤ ਅਤੇ ਸਮਰਪਣ ਦੀ ਕਦਰ ਹੈ। ਮੈਂ ਸਪੱਸ਼ਟ ਕਰਨਾ ਚਾਹੁੰਦਾ ਹਾਂ ਕਿ ਚੰਗੀ ਕਾਰਗੁਜ਼ਾਰੀ ਕਰਨ ਵਾਲੇ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਹੌਸਲਾ-ਅਫ਼ਜ਼ਾਈ ਲਈ ਵਿਭਾਗ ਵੱਲੋਂ ਹਰ ਸੰਭਵ ਉਪਰਾਲਾ ਕੀਤਾ ਜਾਂਦਾ ਰਹੇਗਾ। ਇਹ ਇਨਾਮ ਸਿਰਫ਼ ਵਿਅਕਤੀਗਤ ਸਨਮਾਨ ਨਹੀਂ, ਸਗੋਂ ਪੂਰੇ ਪੁਲਿਸ ਬਲ ਲਈ ਪ੍ਰੇਰਨਾ ਦਾ ਸਰੋਤ ਹਨ, ਮੈਂ ਸਾਰੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਅਪੀਲ ਕਰਦਾ ਹਾਂ ਕਿ ਉਹ ਨਸ਼ਿਆਂ ਵਿਰੁੱਧ ਆਪਣੀ ਕਾਰਵਾਈ ਨੂੰ ਹੋਰ ਮਜ਼ਬੂਤ ਕਰਨ, ਕਾਨੂੰਨ ਦੀ ਪਾਲਣਾ ਨੂੰ ਸਰਵਉੱਚ ਤਰਜੀਹ ਦੇਣ ਅਤੇ ਕਿਸੇ ਵੀ ਤਰ੍ਹਾਂ ਦੇ ਦਬਾਅ ਜਾਂ ਲਾਲਚ ਤੋਂ ਪ੍ਰਭਾਵਿਤ ਹੋਏ ਬਿਨਾਂ ਆਪਣੀ ਡਿਊਟੀ ਇਮਾਨਦਾਰੀ ਨਾਲ ਨਿਭਾਉਣ, ਸਾਡੀ ਸਾਂਝੀ ਮਿਹਨਤ ਨਾਲ ਹੀ ਅਸੀਂ ਨਸ਼ਾ-ਮੁਕਤ ਅਤੇ ਸੁਰੱਖਿਅਤ ਸਮਾਜ ਦੀ ਸਿਰਜਣਾ ਵੱਲ ਅੱਗੇ ਵੱਧ ਸਕਦੇ ਹਾਂ, ਮੈਂ ਇਨਾਮ ਪ੍ਰਾਪਤ ਕਰਨ ਵਾਲੇ ਸਾਰੇ ਪੁਲਿਸ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਦਿਲੋਂ ਵਧਾਈ ਦਿੰਦਾ ਹਾਂ। ਪੁਲਿਸ ਵਿਭਾਗ ਨਸ਼ਾ ਤਸਕਰੀ ਵਿਰੁੱਧ ਆਪਣੀ ਜੰਗ ਨੂੰ ਪੂਰੀ ਦਿ?ੜਤਾ ਨਾਲ ਜਾਰੀ ਰੱਖੇਗਾ ਅਤੇ ਕਾਨੂੰਨ ਤੋੜਨ ਵਾਲੇ ਕਿਸੇ ਵੀ ਵਿਅਕਤੀ ਨੂੰ ਕਾਨੂੰਨ ਦੇ ਘੇਰੇ ਵਿਚ ਲਿਆਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਇਸ ਮੌਕੇ ਤੇ ਇੰਸਪੈਕਟਰ ਸੁਰਿੰਦਰ ਸਿੰਘ 9 ਐਸ ਬੀ ਐਸ ਨਗਰ, 85 ਹਜ਼ਾਰ ਰੁਪਏ, ਸਰਕਾਰੀ ਵਕੀਲ ਬਲਵਿੰਦਰ ਕੌਰ ਨੂੰ 1,80, 000 ਰੁਪਏ, ਏ ਐਸ ਆਈ ਸ਼ਮਸ਼ੇਰ ਸਿੰਘ 94 ਨੰਬਰ 1,72,000, ਸਰਕਾਰੀ ਵਕੀਲ ਮਨਜੀਤ ਕੁਮਾਰ 60, 000 ਰੁਪਏ, ਇੰਸਪੈਕਟਰ ਮਨਜੀਤ ਲਾਲ 38 ਨੰਬਰ 20,000 ਰੁਪਏ, ਐੱਸ ਆਈ ਸੁਖਪਾਲ ਸਿੰਘ 18 ਨੰਬਰ 40, 000 ਰੁਪਏ, ਸਰਕਾਰੀ ਵਕੀਲ ਤੇਜਵੀਰ ਸਿੰਘ ਨੂੰ 40 ਹਜ਼ਾਰ ਰੁਪਏ, ਇੰਸਪੈਕਟਰ ਸੁਰਿੰਦਰ ਕੁਮਾਰ 4 ਨੰਬਰ 1,53000 ਰੁਪਏ, ਇੰਸਪੈਕਟਰ ਰਾਮ ਲਾਲ 1212 ਕੇ ਪੀ ਟੀ, 20 ਹਜ਼ਾਰ ਰੁਪਏ, ਇੰਸ: ਵਰਿੰਦਰ ਕੁਮਾਰ 645 ਨੰਬਰ 20 ਹਜ਼ਾਰ ਰੁਪਏ, ਇੰਸ: ਸੁਰਿੰਦਰ ਪਾਲ 648 ਨੰਬਰ 40 ਹਜ਼ਾਰ ਰੁਪਏ, ਏ ਐਸ ਆਈ ਸੰਦੀਪ ਸਿੰਘ 173 ਨੰਬਰ 40 ਹਜ਼ਾਰ ਰੁਪਏ, ਸਰਕਾਰੀ ਵਕੀਲ ਅਸ਼ੋਕ ਕੁਮਾਰ 20 ਹਜ਼ਾਰ ਰੁਪਏ, ਇੰਸ:ਸਤਨਾਮ ਸਿੰਘ 112 ਨੰਬਰ (ਸੇਵਾ ਮੁਕਤ) 40 ਹਜ਼ਾਰ ਰੁਪਏ, ਇੰਸ:ਅਵਤਾਰ ਸਿੰਘ 586 ਐਚ ਪੀ ਆਰ, ਥਾਣਾ ਮੁਖੀ ਸਿਟੀ ਨਵਾਂਸ਼ਹਿਰ 28199 ਰੁਪਏ, ਐਸ ਆਈ ਹੀਰਾ ਲਾਲ 135 ਨੰਬਰ 20 ਹਜ਼ਾਰ ਰੁਪਏ, ਏ ਐਸ ਆਈ ਨਿਰਮਲ ਸਿੰਘ 3 ਨੰਬਰ 40 ਹਜ਼ਾਰ ਰੁਪਏ, ਸਰਕਾਰੀ ਵਕੀਲ ਤਰਨਵੀਰ ਕੌਰ 10 ਹਜ਼ਾਰ ਰੁਪਏ, ਇੰਸਪੈਕਟਰ ਹਰਚੰਦ ਸਿੰਘ 9 ਨੰਬਰ 20 ਹਜ਼ਾਰ ਰੁਪਏ, ਸਰਕਾਰੀ ਵਕੀਲ ਚਰਨਜੀਤ ਸਿੰਘ 10 ਹਜ਼ਾਰ ਰੁਪਏ, ਇੰਸਪੈਕਟਰ ਭਰਤ ਮਸੀਹ 228 ਜੇ ਆਰ 20 ਹਜ਼ਾਰ ਰੁਪਏ, ਸਰਕਾਰੀ ਵਕੀਲ ਚਰਨਜੀਤ ਸਿੰਘ 10 ਹਜ਼ਾਰ ਰੁਪਏ, ਐਸ ਆਈ ਪਰਸ਼ੋਤਮ ਲਾਲ 215 ਨੰਬਰ 40 ਹਜ਼ਾਰ ਰੁਪਏ, ਐਸ ਆਈ ਰਾਮ ਪਾਲ 640 ਨੰਬਰ 40 ਹਜ਼ਾਰ ਰੁਪਏ, ਇੰਸਪੈਕਟਰ ਜਗੀਰ ਸਿੰਘ 20 ਹਜ਼ਾਰ ਰੁਪਏ, ਐਸ ਆਈ ਜਸਵੀਰ ਸਿੰਘ 635 ਨੰਬਰ 80 ਹਜ਼ਾਰ ਰੁਪਏ, ਇੰਸਪੈਕਟਰ ਵਲਾਇਤੀ ਰਾਮ 1559 ਪੀ ਟੀ ਸੀ (ਸੇਵਾ ਮੁਕਤ) 20 ਹਜ਼ਾਰ ਰੁਪਏ, ਇੰਸਪੈਕਟਰ ਮਨਜੀਤ ਸਿੰਘ ਸੇਵਾ ਮੁਕਤ 40 ਹਜ਼ਾਰ ਰੁਪਏ, ਇੰਸਪੈਟਰ ਜਰਨੈਲ ਸਿੰਘ 20 ਹਜ਼ਾਰ ਕੁੱਲ 11, 48,199 ਦੇ ਇਨਾਮ ਤਕਸੀਮ ਕੀਤੇ ਗਏ।

ਲਿਵਾਸਾ ਹੌਸਪਿਟਲਜ਼ ਨੇ ਆਸ਼ਾ ਸਕੂਲ, ਚੰਡੀਮੰਦਿਰ ਨੂੰ 10 ਰੁ. ਲੱਖ ਦਾ ਯੋਗਦਾਨ ਦਿੱਤਾ

ਚੰਡੀਗੜ੍ਹ, 4 ਸਤੰਬਰ (ਪੈ.ਗ਼ਾਮ-ਏ-ਜਗਤ)

ਲਿਵਾਸਾ ਹੌਸਪਿਟਲਜ਼ ਨੇ ਅੱਜ ਆਸ਼ਾ ਸਕੂਲ, ਚੰਡੀਮੰਦਿਰ ਵਿਖੇ ਆਯੋਜਿਤ ਇੱਕ ਸਮਾਗਮ ਦੌਰਾਨ ਸਕੂਲ ਨੂੰ 10 ਲੱਖ ਦਾ ਯੋਗਦਾਨ ਦਿੱਤਾ। ਆਸ਼ਾ ਸਕੂਲ ਵਿਸ਼ੇਸ਼ ਲੋੜਾਂ ਵਾਲੇ ਦਿਵਿਆਂਗ ਬੱਚਿਆਂ ਦੀ ਸਿੱਖਿਆ, ਮੁੜ ਵਸੇਬੇ, ਹੁਨਰ ਵਿਕਾਸ ਅਤੇ ਸਰਬਪੱਖੀ ਵਿਕਾਸ ਲਈ ਸਮਰਪਿਤ ਹੈ। ਇਸ ਸਮਾਗਮ ਵਿੱਚ ਲਿਵਾਸਾ ਹੌਸਪਿਟਲਜ਼ ਦੇ ਸੀ.ਈ.ਓ. ਅਨੁਰਾਗ ਯਾਦਵ ਦੇ ਨਾਲ ਹਸਪਤਾਲ ਦੀ ਸੀਨੀਅਰ ਲੀਡਰਸ਼ਿਪ ਟੀਮ ਮੌਜੂਦ ਸੀ।



ਇਹ ਯੋਗਦਾਨ ਬੱਚਿਆਂ ਵਿੱਚ ਆਤਮ-ਵਿਸ਼ਵਾਸ, ਜੀਵਨ ਹੁਨਰ ਵਿਕਸਿਤ ਕਰਨ ਅਤੇ ਉਨ੍ਹਾਂ ਨੂੰ ਵਧੇਰੇ ਆਤਮ-ਨਿਰਭਰਤਾ ਵੱਲ ਵਧਾਉਣ ਵਿੱਚ ਮਦਦ ਕਰਨ ਵਾਲੇ ਇੱਕ ਸਹਾਇਕ ਮਾਹੌਲ ਦੇ ਨਿਰਮਾਣ ਲਈ ਸਕੂਲ ਦੇ ਯਤਨਾਂ ਦੇ ਸਤਿਕਾਰ ਵਜੋਂ ਦਿੱਤਾ ਗਿਆ।

ਅਨੁਰਾਗ ਯਾਦਵ, ਸੀ.ਈ.ਓ. - ਲਿਵਾਸਾ ਹੌਸਪਿਟਲਜ਼ ਨੇ ਕਿਹਾ: ਸਾਡੀ ਜ਼ਿੰਮੇਵਾਰੀ ਕੇਵਲ ਸਿਹਤ ਸੇਵਾਵਾਂ ਤੱਕ ਸੀਮਤ ਨਹੀਂ ਹੈ, ਸਗੋਂ ਜਿਨ੍ਹਾਂ ਸਮਾਜਾਂ ਦੀ ਅਸੀਂ ਸੇਵਾ ਕਰਦੇ ਹਾਂ, ਉਨ੍ਹਾਂ ਵਿੱਚ ਇੱਕ ਸਕਾਰਾਤਮਕ ਪ੍ਰਭਾਵ ਪੈਦਾ ਕਰਨਾ ਵੀ ਸਾਡਾ ਫ਼ਰਜ਼ ਹੈ। ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਦਾ ਸਮਰਥਨ ਕਰਨਾ ਵਿਸ਼ੇਸ਼ ਤੌਰ 'ਤੇ ਅਰਥਪੂਰਨ ਹੈ, ਕਿਉਂਕਿ ਸਹੀ ਮਾਹੌਲ, ਸਿੱਖਿਆ ਅਤੇ ਮੌਕੇ ਉਨ੍ਹਾਂ ਦੇ ਵਿਕਾਸ ਅਤੇ ਆਤਮ-ਨਿਰਭਰਤਾ ਵਿੱਚ ਇੱਕ ਸਥਾਈ ਬਦਲਾਅ ਲਿਆ ਸਕਦੇ ਹਨ। ਆਪਣੇ ਇਸ ਯੋਗਦਾਨ ਰਾਹੀਂ, ਅਸੀਂ ਸਿੱਖਿਆ, ਮੁੜ ਵਸੇਬੇ ਅਤੇ ਹੁਨਰ ਵਿਕਾਸ ਦੇ ਉਨ੍ਹਾਂ ਦੇ ਯਤਨਾਂ ਨੂੰ ਸਮਰਥਨ ਦੇਣ ਦੀ ਉਮੀਦ ਕਰਦੇ ਹਾਂ। ਮਮਤਾ ਰਾਣੀ, ਪ੍ਰਿੰਸੀਪਲ, ਆਸ਼ਾ ਸਕੂਲ, ਚੰਡੀਮੰਦਿਰ ਨੇ ਕਿਹਾ: ਅਸੀਂ ਇਸ ਵਿਚਾਰਸ਼ੀਲ ਯੋਗਦਾਨ ਲਈ ਅਤੇ ਬੱਚਿਆਂ ਦੀ ਸਿੱਖਿਆ ਅਤੇ ਸਰਬਪੱਖੀ ਵਿਕਾਸ ਦੇ ਸਾਡੇ ਯਤਨਾਂ ਦਾ ਸਮਰਥਨ ਕਰਨ ਲਈ ਲਿਵਾਸਾ ਹੌਸਪਿਟਲਜ਼ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਾਂ। ਇਹ ਸਹਿਯੋਗ ਸਾਨੂੰ ਆਪਣੇ ਵਿਦਿਆਰਥੀਆਂ ਨੂੰ ਪ੍ਰਦਾਨ ਕੀਤੇ ਜਾਣ ਵਾਲੇ ਮੌਕਿਆਂ ਨੂੰ ਹੋਰ ਮਜ਼ਬੂਤ ਕਰਨ ਵਿੱਚ ਮਦਦ ਕਰੇਗਾ। ਇਹ ਪਹਿਲਕਦਮੀ ਸਮਾਜ ਵਿੱਚ ਇੱਕ ਅਰਥਪੂਰਨ ਅਤੇ ਸਥਾਈ ਪ੍ਰਭਾਵ ਪੈਦਾ ਕਰਨ ਦੀ ਲਿਵਾਸਾ ਹੌਸਪਿਟਲਜ਼ ਦੀ ਵਿਆਪਕ ਸੀ.ਐਸ.ਆਰ. ਵਚਨਬੱਧਤਾ ਦਾ ਹਿੱਸਾ ਹੈ।

ਐਮ.ਐਲ.ਏ. ਜਗਤਾਰ ਸਿੰਘ ਦਿਆਲਪੁਰਾ ਵੱਲੋਂ ਮੋਹਾਲੀ ਵਿਖੇ ਸੜਕ ਹਾਦਸੇ ਵਿੱਚ ਜਾਨ ਗੁਆਉਣ ਵਾਲੇ ਪੱਤਰਕਾਰ ਦਵਿੰਦਰ ਸਿੰਘ ਦੇ ਪਰਿਵਾਰ ਨੂੰ 5 ਲੱਖ ਰੁਪਏ ਦੀ ਬੀਮਾ ਰਾਸ਼ੀ ਦਾ ਚੈੱਕ ਸੌਂਪਿਆ ਗਿਆ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, 4 ਸਤੰਬਰ (ਪੈ.ਗ਼ਾਮ-ਏ-ਜਗਤ)

ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਪੰਜਾਬ ਸਰਕਾਰ ਦੀ ਤਰਫ਼ੋਂ ਮੋਹਾਲੀ ਵਿੱਚ ਸੜਕ ਹਾਦਸੇ ਵਿੱਚ ਜਾਨ ਗੁਆਉਣ ਵਾਲੇ ਪੱਤਰਕਾਰ ਦਵਿੰਦਰ ਸਿੰਘ ਦੇ ਪਰਿਵਾਰ ਨੂੰ 5 ਲੱਖ ਰੁਪਏ ਦੀ ਬੀਮਾ ਰਾਸ਼ੀ ਦਾ ਚੈੱਕ ਸੌਂਪਿਆ। ਵਿਧਾਇਕ ਦਿਆਲਪੁਰਾ ਪਿੰਡ ਸ਼ਮਸਪੁਰ, ਨੇੜੇ ਸਮਰਾਲਾ, ਜ਼ਿਲ੍ਹਾ ਲੁਧਿਆਣਾ ਵਿਖੇ ਪੱਤਰਕਾਰ ਦਵਿੰਦਰ ਸਿੰਘ ਦੇ ਘਰ ਪੁੱਜੇ ਅਤੇ ਉਨ੍ਹਾਂ ਦੇ ਮਾਤਾ ਸ੍ਰੀਮਤੀ ਜਸਪਾਲ ਕੌਰ ਅਤੇ ਪਿਤਾ ਸ੍ਰੀ ਬਲਕਾਰ ਸਿੰਘ ਨੂੰ ਪੰਜਾਬ ਸਰਕਾਰ ਵੱਲੋਂ ਪ੍ਰਦਾਨ ਕੀਤੀ ਗਈ 5 ਲੱਖ ਰੁਪਏ ਦੀ ਬੀਮਾ ਰਾਸ਼ੀ ਦਾ ਚੈੱਕ ਸੌਂਪਿਆ।

- **ਪੰਜਾਬ ਸਰਕਾਰ ਵੱਲੋਂ ਪੱਤਰਕਾਰਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਵਚਨਬੱਧਤਾ ਦਾ ਪ੍ਰਗਟਾਵਾ**



ਇਸ ਮੌਕੇ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਕਿਹਾ ਕਿ ਪੱਤਰਕਾਰ ਦਵਿੰਦਰ ਸਿੰਘ ਦੀ ਅਚਾਨਕ ਮੌਤ ਇੱਕ ਬਹੁਤ ਹੀ ਦੁਖਦਾਈ ਘਟਨਾ ਹੈ ਅਤੇ ਪੰਜਾਬ ਸਰਕਾਰ ਇਸ ਦੁੱਖ ਦੀ ਘੜੀ ਵਿੱਚ ਪਰਿਵਾਰ ਦੇ ਨਾਲ ਖੜ੍ਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪੱਤਰਕਾਰ ਭਾਈਚਾਰੇ ਦੀ ਭਲਾਈ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਸੁਰੱਖਿਆ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਸਰਕਾਰ ਵੱਲੋਂ ਦਿੱਤੀ ਗਈ ਇਹ ਬੀਮਾ ਸਹਾਇਤਾ ਰਾਸ਼ੀ ਦੁਖੀ ਪਰਿਵਾਰ ਨੂੰ ਇਸ ਔਖੇ ਸਮੇਂ ਵਿੱਚ ਕੁਝ ਹੱਦ ਤੱਕ ਆਰਥਿਕ ਸਹਾਰਾ ਪ੍ਰਦਾਨ ਕਰੇਗੀ।

ਇਸ ਮੌਕੇ ਅਜੀਤ ਅਖ਼ਬਾਰ ਦੇ ਜ਼ਿਲ੍ਹਾ ਮੋਹਾਲੀ ਅਤੇ ਚੰਡੀਗੜ੍ਹ ਸਬ-ਦਫ਼ਤਰ ਦੇ ਇੰਚਾਰਜ ਪ੍ਰੋ. ਅਵਤਾਰ ਸਿੰਘ, ਮੋਹਾਲੀ ਤੋਂ ਪੱਤਰਕਾਰ ਜਸਬੀਰ ਸਿੰਘ ਜੱਸੀ ਅਤੇ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਰਵੀ ਇੰਦਰ ਸਿੰਘ ਵੀ ਮੌਜੂਦ ਸਨ।

ਜ਼ਿਕਰਯੋਗ ਹੈ ਕਿ ਮੋਹਾਲੀ ਵਿਖੇ ਤਾਇਨਾਤ ਅਜੀਤ ਵੈੱਬ ਟੀਵੀ ਦੇ ਪੱਤਰਕਾਰ ਦਵਿੰਦਰ ਸਿੰਘ ਦੀ ਇਸ ਸਾਲ ਫਰਵਰੀ ਮਹੀਨੇ ਦੌਰਾਨ ਇੱਕ ਸੜਕ ਹਾਦਸੇ ਵਿੱਚ ਮੌਤ ਹੋ ਗਈ ਸੀ। ਪੰਜਾਬ ਸਰਕਾਰ ਵੱਲੋਂ ਪੱਤਰਕਾਰ ਭਲਾਈ ਅਤੇ ਬੀਮਾ ਯੋਜਨਾ ਤਹਿਤ ਉਨ੍ਹਾਂ ਦੇ ਪਰਿਵਾਰ ਨੂੰ 5 ਲੱਖ ਰੁਪਏ ਦੀ ਬੀਮਾ ਸਹਾਇਤਾ ਰਾਸ਼ੀ ਪ੍ਰਦਾਨ ਕੀਤੀ ਗਈ ਹੈ।

ਅੱਖਾਂ ਦਾਨ ਜਾਗਰੂਕਤਾ ਵਾਕ ਰੌਕ ਗਾਰਡਨ ਤੋਂ ਸੁਖਨਾ ਝੀਲ ਤੱਕ ਆਯੋਜਿਤ

41ਵੇਂ ਰਾਸ਼ਟਰੀ ਅੱਖਾਂ ਦਾਨ ਪੰਦਰਵਾੜੇ 2026 ਦੇ ਹਿੱਸੇ ਵਜੋਂ

ਚੰਡੀਗੜ੍ਹ, 4 ਸਤੰਬਰ (ਪੈ.ਗ਼ਾਮ-ਏ-ਜਗਤ)

41ਵੇਂ ਰਾਸ਼ਟਰੀ ਅੱਖਾਂ ਦਾਨ ਪੰਦਰਵਾੜੇ 2026 ਦੇ ਹਿੱਸੇ ਵਜੋਂ ਰੌਕ ਗਾਰਡਨ ਤੋਂ ਸੁਖਨਾ ਝੀਲ, ਚੰਡੀਗੜ੍ਹ ਤੱਕ ਇੱਕ ਅੱਖਾਂ ਦਾਨ ਜਾਗਰੂਕਤਾ ਵਾਕ ਦਾ ਆਯੋਜਨ ਕੀਤਾ ਗਿਆ, ਜਿਸਦਾ ਉਦੇਸ਼



ਅੱਖਾਂ ਦਾਨ ਅਤੇ ਕੌਰਨੀਅਲ ਟ੍ਰਾਂਸਪਲਾਂਟੇਸ਼ਨ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨਾ ਸੀ। ਡਾ. ਜਗਤ ਰਾਮ, ਸਾਬਕਾ ਡਾਇਰੈਕਟਰ, ਪੀਜੀਆਈਐਮਈਆਰ ਅਤੇ ਪਦਮ ਸ੍ਰੀ ਪੁਰਸਕਾਰ ਜੇਤੂ; *ਪ੍ਰੋ. ਅਰੁਣ ਗਰੋਵਰ,* ਸਾਬਕਾ ਵਾਈਸ-ਚਾਂਸਲਰ, ਪੰਜਾਬ ਯੂਨੀਵਰਸਿਟੀ; ਅਤੇ *ਡਾ. ਐਮ.ਆਰ. ਡੋਗਰਾ,* ਸਾਬਕਾ ਪ੍ਰੋਫੈਸਰ, ਐਡਵਾਂਸਡ ਆਈ ਸੈਂਟਰ, ਇਸ ਮੌਕੇ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਪ੍ਰੋ. ਊਸ਼ਾ ਸਿੰਘ, ਐਚਓਡੀ, ਨੇਤਰ ਵਿਗਿਆਨ ਵਿਭਾਗ, ਡਾ. ਵੈਸ਼ਾਲੀ ਗੁਪਤਾ ਅਤੇ ਡਾ. ਅਮਿਤ ਗੁਪਤਾ, ਪੂਰੇ ਕੌਰਨੀਆ ਫੈਕਲਟੀ, ਆਈ ਬੈਂਕ ਸਟਾਫ, ਆਪਟੋਮੈਟਰੀ ਸਟਾਫ ਅਤੇ ਨਰਸਿੰਗ ਵਿਦਿਆਰਥੀਆਂ ਦੇ ਨਾਲ, ਜਾਗਰੂਕਤਾ ਵਾਕ ਵਿੱਚ ਸਰਗਰਮੀ ਨਾਲ ਹਿੱਸਾ ਲਿਆ। ਨਰਸਿੰਗ ਕਾਲਜ ਦੇ ਫੈਕਲਟੀ ਅਤੇ ਵਿਦਿਆਰਥੀਆਂ, ਲਾਇਨਜ਼ ਕਲੱਬ ਚੰਡੀਗੜ੍ਹ ਸੈਂਟਰਲ ਦੇ ਮੈਂਬਰਾਂ ਦੇ ਨਾਲ, ਵੀ ਇਸ ਪਹਿਲਕਦਮੀ ਵਿੱਚ ਸ਼ਾਮਲ ਹੋਏ।

ਲਗਭਗ 250-300 ਭਾਗੀਦਾਰਾਂ ਨੇ ਵਾਕ ਵਿੱਚ ਹਿੱਸਾ ਲਿਆ ਅਤੇ ਜਨਤਾ ਵਿੱਚ ਅੱਖਾਂ ਦਾਨ ਦਾ ਸੰਦੇਸ਼ ਫੈਲਾਇਆ। ਭਾਗੀਦਾਰਾਂ ਨੇ ਇਸ ਸੰਦੇਸ਼ ਨੂੰ ਅੱਗੇ ਵਧਾਇਆ ਕਿ ਮੌਤ ਤੋਂ ਬਾਅਦ ਅੱਖਾਂ ਦਾਨ ਕਰਨ ਦਾ ਇੱਕ ਸਧਾਰਨ ਪ੍ਰਣ ਦ੍ਰਿਸ਼ਟੀ ਨੂੰ ਬਹਾਲ ਕਰਨ ਅਤੇ ਕੌਰਨੀਆ ਅੰਨ੍ਹੇਪਣ ਤੋਂ ਪੀੜਤ ਲੋਕਾਂ ਦੇ ਜੀਵਨ ਨੂੰ ਬਦਲਣ ਵਿੱਚ ਮਦਦ ਕਰ ਸਕਦਾ ਹੈ। ਜਾਗਰੂਕਤਾ ਪ੍ਰੋਗਰਾਮ ਦੇ ਹਿੱਸੇ ਵਜੋਂ, ਆਪਟੋਮੈਟਰੀ ਦੇ ਵਿਦਿਆਰਥੀਆਂ ਨੇ ਅੱਖਾਂ ਦੇ ਦਾਨ ਦੀ ਮਹੱਤਤਾ ਨੂੰ ਉਜਾਗਰ ਕਰਦੇ ਹੋਏ ਅਤੇ ਜਨਤਾ ਦੇ ਮੈਂਬਰਾਂ ਨੂੰ ਆਪਣੀਆਂ ਅੱਖਾਂ ਦਾਨ ਕਰਨ ਲਈ ਉਤਸ਼ਾਹਿਤ ਕਰਦੇ ਹੋਏ ਇੱਕ ਨੁੱਕੜ ਨਾਟਕ (ਗਲੀ ਨਾਟਕ) ਪੇਸ਼ ਕੀਤਾ। ਇਸ ਪ੍ਰੋਗਰਾਮ ਦਾ ਉਦੇਸ਼ ਹੋਰ ਲੋਕਾਂ ਨੂੰ ਅੱਖਾਂ ਦਾਨ ਲਈ ਅੱਗੇ ਆਉਣ ਅਤੇ ਕੌਰਨੀਆ ਅੰਨ੍ਹੇਪਣ ਦੇ ਬੋਝ ਨੂੰ ਘਟਾਉਣ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਕਰਨਾ ਸੀ। ਪ੍ਰਬੰਧਕਾਂ ਨੇ ਜ਼ੋਰ ਦੇ ਕੇ ਕਿਹਾ ਕਿ ਵਧੀ ਹੋਈ ਜਾਗਰੂਕਤਾ ਅਤੇ ਸਵੈ-ਇੱਛਤ ਅੱਖਾਂ ਦਾਨ ਮਰੀਜ਼ਾਂ ਨੂੰ ਨਜ਼ਰ ਦੀ ਦਾਤ ਮੁੜ ਪ੍ਰਾਪਤ ਕਰਨ ਵਿੱਚ ਮਦਦ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦੇ ਹਨ।

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਡਾਕੂਮੈਂਟਰੀ ਦਾ ਪਿੰਡਾਂ ਵਿੱਚ ਪ੍ਰਦਰਸ਼ਨ

ਡੇਰਾਬਸੀ/ਸਾਹਿਬਜ਼ਾਦਾ ਅਜੀਤ ਸਿੰਘ ਨਗਰ 04 ਸਤੰਬਰ, (ਪੈ.ਗ਼ਾਮ-ਏ-ਜਗਤ)

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਵਿਸ਼ੇਸ਼ ਜਾਗਰੂਕਤਾ ਮੁਹਿੰਮ ਤਹਿਤ ਡੇਰਾਬੱਸੀ ਬਲਾਕ ਦੇ ਪਿੰਡਾਂ ਭਾਗਸੀ, ਮੁਕੰਦਪੁਰ ਅਤੇ ਜਾਵਹਰਪੁਰ ਵਿਖੇ ਐਲ.ਈ.ਡੀ. ਸਕਰੀਨਾਂ ਰਾਹੀਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ ਜੀਵਨ, ਸਿੱਖਿਆਵਾਂ ਅਤੇ ਮਹਾਨ ਵਿਚਾਰਧਾਰਾ 'ਤੇ ਆਧਾਰਿਤ ਵਿਸ਼ੇਸ਼ ਦਸਤਾਵੇਜ਼ੀ ਫਿਲਮ ਦਾ ਪ੍ਰਦਰਸ਼ਨ ਕੀਤਾ ਗਿਆ।

- **ਡੇਰਾਬਸੀ ਦੇ ਪਿੰਡ ਭਾਗਸੀ, ਮੁਕੰਦਪੁਰ ਅਤੇ ਜਾਵਹਰਪੁਰ ਵਿੱਚ ਐਲ.ਈ.ਡੀ. ਸਕਰੀਨਾਂ ਰਾਹੀਂ ਦਿਖਾਈ ਗਈ ਦਸਤਾਵੇਜ਼ੀ ਫਿਲਮ**



ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀਮਤੀ ਕੋਮਲ ਮਿੱਤਲ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵੱਖ-ਵੱਖ ਗਤੀਵਿਧੀਆਂ ਅਤੇ ਜਾਗਰੂਕਤਾ ਪ੍ਰੋਗਰਾਮ ਕਰਵਾਏ ਜਾ ਰਹੇ ਹਨ। ਇਸੇ ਲੜੀ ਤਹਿਤ ਪਿੰਡਾਂ ਵਿੱਚ ਵਿਸ਼ੇਸ਼ ਡਾਕੂਮੈਂਟਰੀ ਦਾ ਪ੍ਰਦਰਸ਼ਨ ਕਰਕੇ ਲੋਕਾਂ ਨੂੰ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ ਜੀਵਨ, ਉਨ੍ਹਾਂ ਦੀਆਂ ਸਿੱਖਿਆਵਾਂ ਅਤੇ ਸਮਾਜਿਕ ਬਰਾਬਰੀ, ਭਾਈਚਾਰਕ ਸਾਂਝ ਅਤੇ ਮਨੁੱਖਤਾ ਦੇ ਸੰਦੇਸ਼ ਤੋਂ ਜਾਣੂ ਕਰਵਾਇਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਨੇ ਆਪਣੇ ਜੀਵਨ ਦੌਰਾਨ ਸਮਾਜ ਵਿੱਚ ਬਰਾਬਰੀ, ਆਪਸੀ ਪਿਆਰ ਅਤੇ ਭਾਈਚਾਰਕ ਸਾਂਝ ਦਾ ਸੰਦੇਸ਼ ਦਿੱਤਾ। ਉਨ੍ਹਾਂ ਦੀ ਬਾਣੀ ਅਤੇ ਸਿੱਖਿਆਵਾਂ ਅੱਜ ਵੀ ਸਮੁੱਚੀ ਮਨੁੱਖਤਾ ਲਈ ਪ੍ਰੇਰਣਾ ਸਰੋਤ ਹਨ। ਇਹ ਵਿਸ਼ੇਸ਼ ਦਸਤਾਵੇਜ਼ੀ ਫਿਲਮ ਲੋਕਾਂ ਨੂੰ ਉਨ੍ਹਾਂ ਦੇ ਜੀਵਨ ਅਤੇ ਵਿਚਾਰਧਾਰਾ ਨਾਲ ਜੋੜਨ ਦਾ ਇੱਕ ਮਹੱਤਵਪੂਰਨ ਉਪਰਾਲਾ ਹੈ।

ਸਫਾਈ ਦੇ ਮੰਦੇ ਹਾਲਾਤ, ਡਾਕਟਰਾਂ, ਫਾਰਮਾਸਿਸਟਾਂ ਤੇ ਹੋਰ ਸਟਾਫ ਦੀ ਘਾਟ ਕਾਰਨ ਖੁਦ ਬਿਮਾਰ ਹੈ ਉਦਯੋਗਿਕ ਖੇਤਰ ਵਿੱਚ ਸਥਿਤ ਈ ਐਸ ਆਈ ਹਸਪਤਾਲ

ਐਸ.ਏ.ਐਸ. ਨਗਰ, 4 ਸਤੰਬਰ (ਪੈ.ਗ਼ਾਮ-ਏ-ਜਗਤ)

ਸਥਾਨਕ ਉਦਯੋਗਿਕ ਖੇਤਰ ਫੇਜ਼ 7 ਵਿੱਚ ਸਥਿਤ ਈ ਐਸ ਆਈ ਹਸਪਤਾਲ ਮੰਦਹਾਲੀ ਦਾ ਸ਼ਿਕਾਰ ਹੈ। ਹਸਪਤਾਲ ਵਿੱਚ ਸਟਾਫ ਦੀ ਭਾਰੀ ਘਾਟ ਹੈ ਜਿਸ ਕਾਰਨ ਇੱਥੇ ਆਉਣ ਵਲੇ ਮਰੀਜਾਂ ਨੂੰ ਲੋੜੀਂਦੀ ਸਹੂਲੀਅਤ ਨਹੀਂ ਮਿਲਦੀ। ਪ੍ਰਾਪਤ ਜਾਣਕਾਰੀ ਅਨੁਸਾਰ ਇਸ ਹਸਪਤਾਲ ਵਿੱਚ ਯੋਗ ਡਾਕਟਰਾਂ ਦੇ ਨਾਲ ਨਾਲ ਫਾਰਮਾਸਿਸਟਾਂ, ਦਰਜਾ ਚਾਰ ਕਰਮਚਾਰੀਆਂ ਅਤੇ ਸਫਾਈਸੇਵਕ ਦੀ ਵੀ ਘਾਟ ਹੈ, ਜਿਸ ਕਾਰਨ ਹਸਪਤਾਲ ਦਾ ਕੰਮ ਬੁਰੀ ਤਰ੍ਹਾਂ ਪ੍ਰਭਾਵਿਤ ਹੁੰਦਾ ਹੈ। ਇਸ ਹਸਪਤਾਲ ਵਿੱਚ ਮੁਹਾਲੀ ਹੀ ਨਹੀਂ ਬਲਕਿ ਖਰੜ, ਡੇਰਾਬਸੀ, ਲਾਲੜੂ ਤਕ ਦੇ ਮਰੀਜ ਦਾਖਿਲ ਹੁੰਦੇ ਹਨ ਪਰੰਤੂ ਲੋੜੀਂਦੀਆਂ ਸੁਵਿਧਾਵਾਂ ਨਾ ਹੋਣ ਉਹਨਾਂ ਨੂੰ ਤੰਗ ਹੋਣਾ ਪੈਂਦਾ ਹੈ। ਡਾਕਟਰਾਂ ਦੀ ਘਾਟ ਕਾਰਨ ਮਰੀਜਾਂ ਨੂੰ ਪ੍ਰੇਸ਼ਾਨੀ ਹੁੰਦੀ ਹੈ ਅਤੇ ਸਟਾਫ ਦੀ ਘਾਟ ਕਾਰਨ ਹਸਪਤਾਲ ਦੇ ਹੋਰ ਕੰਮ ਕਾਰ ਪ੍ਰਭਾਵਿਤ ਹੋ ਰਹੇ ਹਨ।

ਸਫਾਈ ਸੇਵਕਾਂ ਦੀ ਘਾਟ ਕਾਰਨ ਹਸਪਤਾਲ ਦੀ ਸਫਾਈ ਵਿਵਸਥਾ ਵੀ ਪ੍ਰਭਾਵਿਤ ਹੁੰਦੀ ਹੈ ਅਤੇ ਗੰਦਗੀ ਕਾਰਨ ਹਸਪਤਾਲ ਦਾ ਮਾਹੌਲ ਵੀ ਪ੍ਰਭਾਵਿਤ ਹੁੰਦਾ ਹੈ। ਉਦਯੋਗਿਕ ਖੇਤਰ ਦੇ ਕਾਮਿਆਂ ਦੀ ਮੰਗ ਕਿ ਇਸ ਹਸਪਤਾਲ ਦੀ ਹਾਲਤ ਵਿੱਚ ਸੁਧਾਰ ਕੀਤਾ ਜਾਵੇ।

ਸ਼੍ਰੀ ਕ੍ਰਿਸ਼ਣ ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ

ਐਸ.ਏ.ਐਸ. ਨਗਰ, 4 ਸਤੰਬਰ (ਪੈ.ਗ਼ਾਮ-ਏ-ਜਗਤ)

ਮਾਂ ਅੰਨਪੂਰਨਾ ਸੇਵਾ ਕਮੇਟੀ ਮੁਹਾਲੀ ਵੱਲੋਂ 220 ਕੇ ਵੀ, ਕਲੋਨੀ, ਉਦਯੋਗਿਕ ਖੇਤਰ ਫੇਜ਼ 7 ਦੇ ਮੰਦਿਰ ਵਿੱਚ ਸ਼੍ਰੀ ਕ੍ਰਿਸ਼ਣ ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ ਗਿਆ।ਇਸ



ਸਬੰਧੀ ਜਾਣਕਾਰੀ ਦਿੰਦਿਆਂ ਬ੍ਰਿਜ ਮੋਹਨ ਜੋਸ਼ੀ ਨੇ ਦੱਸਿਆ ਕਿ ਕਲੋਨੀ ਦੀਆਂ ਔਰਤਾਂ, ਬੱਚੀਆਂ ਦੇ ਨਾਲ ਮਿਲ ਕੇ ਭਜਨ ਕੀਰਤਨ ਕੀਤਾ। ਆਰਤੀ ਉਪਰੰਤ ਦੁੱਧ, ਕੇਲੇ ਅਤੇ ਖਿਡੌਣਿਆਂ ਦਾ ਪ੍ਰਸਾਦ ਵੰਡਿਆ ਗਿਆ।

ਸ੍ਰੀਮਦ ਭਾਗਵਤ ਦਾ ਆਰੰਭ ਅਤੇ ਵਿਸ਼ਰਾਮ ਪ੍ਰਣਾਮ ਨਾਲ ਹੀ ਹੁੰਦਾ ਹੈ: ਰਾਸ਼ਟਰੀ ਸੰਤ ਗੌਰ ਦਾਸ

ਪੈ.ਗ਼ਾਮ-ਏ-ਜਗਤ ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਰਾਧਾ ਕ੍ਰਿਸ਼ਨ ਮੰਦਰ ਵਿੱਚ ਚੱਲ ਰਹੀ ਸ੍ਰੀਮਦ ਭਾਗਵਤ ਕਥਾ ਦੇ ਵਿਸ਼ਰਾਮ ਦਿਵਸ 'ਤੇ ਬ੍ਰਿੰਦਾਵਨ ਤੋਂ ਆਏ ਪਰਮ ਸ਼ਰਧੇਯ ਸੰਤ ਸ੍ਰੀ ਗੌਰਦਾਸ ਜੀ ਮਹਾਰਾਜ ਨੇ ਭਗਵਾਨ ਸ੍ਰੀ ਕ੍ਰਿਸ਼ਨ ਦੀ ਮਥੁਰਾ ਅਤੇ ਦਵਾਰਕਾ ਲੀਲਾ ਦਾ ਬਹੁਤ ਸੁੰਦਰ ਵਰਣਨ ਕਰਦੇ ਹੋਏ ਦੱਸਿਆ ਕਿ ਅੱਜ ਦਾ ਦਿਨ ਤਾਂ ਨੱਚਣ ਗਾਉਣ ਦਾ ਦਿਨ ਹੈ ਪੂਰੇ ਵਿਸ਼ਵ ਵਿੱਚ ਹਰ ਸਨਾਤਨੀ ਦੇ ਘਰ ਅਤੇ ਹਰ ਮੰਦਰ ਵਿੱਚ ਅੱਜ ਭਗਵਾਨ ਸ੍ਰੀ ਕ੍ਰਿਸ਼ਨ ਦੀ ਜਨਮਾਸ਼ਟਮੀ ਦਾ ਉਤਸਵ ਬਹੁਤ ਧੂਮਧਾਮ ਨਾਲ



ਮਨਾਇਆ ਜਾ ਰਿਹਾ ਹੈ ਅੱਜ ਦਿਨ ਵਿੱਚ ਵੀ ਉਤਸਵ ਹੁੰਦਾ ਹੈ ਅਤੇ ਰਾਤ ਵਿੱਚ ਵੀ ਉਤਸਵ ਮਨਾਇਆ ਜਾਂਦਾ ਹੈ ਵੈਸ਼ਨਵ ਲੋਕ ਸਾਰੀ ਰਾਤ ਜਾਗ ਕੇ ਭਗਵਾਨ ਸ੍ਰੀਕ੍ਰਿਸ਼ਨ ਦਾ ਕੀਰਤਨ ਅਤੇ ਪਾਠ ਕਰਦੇ ਹਨ ਅੱਜ ਦੇ ਦਿਨ ਵਰਤ ਵੀ ਰੱਖਿਆ ਜਾਂਦਾ ਹੈ ਸ੍ਰੀਮਦ ਭਾਗਵਤ ਕਥਾ ਦੇ ਅੰਤ ਵਿੱਚ ਕਲਯੁਗ ਦਾ ਬਹੁਤ ਸੁੰਦਰ ਵਰਣਨ ਕਰਦੇ ਹੋਏ ਮਹਾਰਾਜ ਸ੍ਰੀ ਨੇ ਦੱਸਿਆ ਕਲਯੁਗ ਵਿੱਚ ਪਾਣੀ ਦਾ ਪੱਧਰ ਬਹੁਤ ਹੇਠਾਂ ਹੋ ਜਾਵੇਗਾ ਛੋਟੀਆਂ-ਛੋਟੀਆਂ ਲੜਕੀਆਂ ਗਰਭਵਤੀ ਹੋ ਜਾਣਗੀਆਂ ਹਵਾ ਅਤੇ ਪਾਣੀ ਲਈ ਆਪਸ ਵਿੱਚ ਯੁੱਧ ਹੋਣਗੇ ਲੋਕ ਬਹੁਤ ਕਸ਼ਟ ਨਾਲ ਆਪਣਾ ਜੀਵਨ ਬਿਤਾਉਣਗੇ ਪਰ ਜੋ ਲੋਕ ਗੁਰੂ ਜਨਾਂ ਤੋਂ ਦੀਕਸ਼ਾ ਲੈ ਕੇ ਭਜਨ ਨਿਯਮ ਅਤੇ ਪ੍ਰਭੂ ਅਤੇ ਪ੍ਰਭੂ ਦੇ ਪਿਆਰਿਆਂ ਦੀ ਸੇਵਾ ਕਰਦੇ ਰਹਿਣਗੇ ਉਨ੍ਹਾਂ ਦਾ ਕਲਯੁਗ ਕੁਝ ਨਹੀਂ ਵਿਗਾੜ ਸਕੇਗਾ ਸ੍ਰੀਮਦ ਭਾਗਵਤ ਦਾ ਆਰੰਭ ਅਤੇ ਵਿਸ਼ਰਾਮ ਪ੍ਰਣਾਮ ਨਾਲ ਹੀ ਹੁੰਦਾ ਹੈ।

ਸ਼ਹਿਰ ਦੀ ਖੂਬਸੂਰਤੀ ਖਰਾਬ ਕਰਨ ਵਾਲਿਆਂ ਵਿਰੁੱਧ ਕੀਤੀ ਜਾਵੇਗੀ ਸਖਤ ਕਾਨੂੰਨੀ ਕਾਰਵਾਈ : ਸਰਬਜੀਤ ਸਿੰਘ ਸਮਾਣਾ

ਐਸ.ਏ.ਐਸ. ਨਗਰ, 4 ਸਤੰਬਰ (ਪੈ.ਗ਼ਾਮ-ਏ-ਜਗਤ)

ਨਗਰ ਨਿਗਮ ਵਲੋਂ ਮੇਅਰ ਸਰਬਜੀਤ ਸਿੰਘ ਸਮਾਣਾ ਦੀ ਅਗਵਾਈ ਹੇਠ ਸ਼ੁਰੂ ਕੀਤੀ ਗਈ ਸਫਾਈ ਮੁਹਿੰਮ ਦੇ ਤਹਿਤ ਅੱਜ ਆਈ. ਵੀ ਵਾਈ ਹਸਪਤਾਲ ਦੇ ਸਾਹਮਣੇ ਟਰੈਕਟਰ-ਟਰਾਲੀ ਰਾਹੀਂ ਨਜਾਇਜ਼ ਤੌਰ ਤੇ ਮਲਬਾ ਸੁੱਟਣ ਵਾਲੇ ਇੱਕ ਵਿਅਕਤੀ ਨੂੰ ਫੜ ਕੇ ਮਟੌਰ ਪੁਲੀਸ ਦੇ ਹਵਾਲੇ ਕਰ ਦਿੱਤਾ ਗਿਆ ਹੈ।

- **ਨਗਰ ਨਿਗਮ ਵੱਲੋਂ ਨਾਜਾਇਜ਼ ਮਲਬਾ ਸੁੱਟਣ ਵਾਲੇ ਨੂੰ ਫੜ ਕੇ ਕੀਤਾ ਗਿਆ ਪੁਲੀਸ ਹਵਾਲੇ**

ਇਸ ਸਬੰਧੀ ਗੱਲ ਕਰਦਿਆਂ ਮੇਅਰ ਸਰਬਜੀਤ ਸਿੰਘ ਸਮਾਣਾ ਨੇ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਹੇਠ ਪੰਜਾਬ ਭਰ ਵਿੱਚ ਸਫਾਈ ਅਭਿਆਨ ਸ਼ੁਰੂ ਕੀਤਾ ਗਿਆ ਹੈ, ਜਿਸ ਦੇ ਤਹਿਤ ਨਗਰ ਨਿਗਮ ਵਲੋਂ ਏਅਰਪੋਰਟ ਰੋਡ (ਬਰਿਆਲੀ) ਦੇ ਕੋਲੋਂ ਸਫਾਈ ਅਭਿਆਨ ਸ਼ੁਰੂ ਕੀਤਾ ਗਿਆ ਸੀ ਜਿਹੜੀ 7 ਦਿਨ ਜਾਰੀ ਰਹੇਗੀ। ਉਹਨਾਂ ਕਿਹਾ ਕਿ ਕੁੱਝ ਵਿਅਕਤੀਆਂ ਵੱਲੋਂ ਆਪੋ -ਆਪਣੇ ਵਾਹਨਾਂ ਅਤੇ ਟਰੈਕਟਰ-ਟਰਾਲੀਆਂ ਰਾਹੀਂ ਨਾਜਾਇਜ਼ ਤੌਰ ਤੇ ਮਲਬਾ ਸੁੱਟਿਆ ਜਾਂਦਾ ਰਿਹਾ ਹੈ, ਜਿਸ ਕਰਕੇ ਥਾਂ-ਥਾਂ ਤੇ ਗੰਦਗੀ ਦੇ ਢੇਰ ਲੱਗੇ ਰਹਿੰਦੇ ਸਨ, ਪ੍ਰੰਤੂ ਹੁਣ ਸ਼ਹਿਰ ਵਿੱਚ ਸ਼ਹਿਰ ਵਿੱਚ ਗੰਦਗੀ ਫੈਲਾਉਣ ਵਾਲੇ ਲੋਕਾਂ ਤੇ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਸ਼ਹਿਰ ਵਿੱਚ ਗੰਦਗੀ ਅਤੇ ਮਲਬਾ ਸੁੱਟਣ ਵਾਲੇ ਲੋਕਾਂ ਤੇ ਕਾਬੂ ਕਰਨ ਲਈ ਕਈ ਥਾਂਵਾ ਦੀ ਪਛਾਣ ਕਰਕੇ ਬਕਾਇਦਾ ਸੀ. ਸੀ. ਟੀ. ਵੀ.ਕੈਮਰੇ ਲਗਾਏ ਗਏ ਹਨ।

ਸ਼ਾਸ਼ਤਰੀ ਮਾਡਲ ਸਕੂਲ ਵਿਖੇ ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ

ਐਸ.ਏ.ਐਸ. ਨਗਰ, 4 ਸਤੰਬਰ (ਪੈ.ਗ਼ਾਮ-ਏ-ਜਗਤ)

ਸ਼ਾਸਤਰੀ ਮਾਡਲ ਸਕੂਲ, ਫੇਜ਼-1, ਮੁਹਾਲੀ ਵਿਖੇ ਜਨਮ ਅਸ਼ਟਮੀ ਦਾ ਤਿਉਹਾਰ ਬੜੀ ਸ਼ਰਧਾ, ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਨੰਨ੍ਹੇ-ਮੁੰਨ੍ਹੇ ਬੱਚਿਆਂ ਵੱਲੋਂ ਭਗਵਾਨ ਸ਼੍ਰੀ ਕ੍ਰਿਸ਼ਨ ਦੇ ਜੀਵਨ ਅਤੇ ਲੀਲਾਵਾਂ ਨਾਲ ਸਬੰਧਿਤ ਮਨਮੋਹਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਬੱਚਿਆਂ ਨੇ ਰਾਸਲੀਲਾ ਅਤੇ ਸ਼੍ਰੀ ਕ੍ਰਿਸ਼ਨ ਜੀ ਦੀਆਂ ਵੱਖ-ਵੱਖ ਲੀਲਾਵਾਂ ਨੂੰ ਸੁੰਦਰ ਢੰਗ ਨਾਲ ਪੇਸ਼ ਕਰਦਿਆਂ ਨਾਚ, ਗੀਤ ਅਤੇ



ਨਾਟਕੀ ਪੇਸ਼ਕਾਰੀਆਂ ਰਾਹੀਂ ਸ਼੍ਰੀ ਕ੍ਰਿਸ਼ਨ ਜੀ ਦੇ ਜੀਵਨ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਦਰਸਾਇਆ ਗਿਆ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਆਰ. ਬਾਲਾ ਨੇ ਬੱਚਿਆਂ ਨੂੰ ਜਨਮ ਅਸ਼ਟਮੀ ਦੀ ਵਧਾਈ ਦਿੱਤੀ ਅਤੇ ਭਗਵਾਨ ਸ਼੍ਰੀ ਕ੍ਰਿਸ਼ਨ ਦੇ ਜੀਵਨ ਤੋਂ ਪ੍ਰੇਰਣਾ ਲੈ ਕੇ ਸੱਚਾਈ, ਪਿਆਰ, ਦਇਆ ਅਤੇ ਨੇਕੀ ਦੇ ਰਾਹ ਤੇ ਚੱਲਣ ਦਾ ਸੰਦੇਸ਼ ਦਿੱਤਾ।

ਸਕੂਲ ਦੀ ਹਿੰਦੀ ਦੀ ਅਧਿਆਪਕਾ ਪੂਜਾ ਦੇਵੀ ਨੇ ਸ਼੍ਰੀ ਕ੍ਰਿਸ਼ਨ ਜੀ ਦੇ ਸ਼ਲੋਕ ਬਹੁਤ ਸੁਰੀਲੀ ਆਵਾਜ਼ ਵਿਚ ਸੁਣਾਏ। ਪ੍ਰੋਗਰਾਮ ਦੌਰਾਨ ਭਗਵਾਨ ਸ਼੍ਰੀ ਕ੍ਰਿਸ਼ਨ ਜੀ ਦੀ ਆਰਤੀ ਕੀਤੀ ਗਈ। ਅੰਤ ਵਿੱਚ ਸਾਰੇ ਬੱਚਿਆਂ ਅਤੇ ਸਟਾਫ਼ ਨੂੰ ਪ੍ਰਸਾਦ ਵੰਡਿਆ ਗਿਆ।

ਮੁੱਖ ਮੰਤਰੀ ਤੀਰਥ ਸਥਾਨ ਯਾਤਰਾ ਤਹਿਤ ਲਾਲੜੂ ਤੋਂ ਤਿੰਨ ਹੋਰ ਬੱਸਾਂ ਰਵਾਨਾ

ਲਾਲੜੂ, 4 ਸਤੰਬਰ (ਪੈ.ਗ਼ਾਮ-ਏ-ਜਗਤ)

ਮੁੱਖ ਮੰਤਰੀ ਤੀਰਥ ਸਥਾਨ ਯਾਤਰਾ ਯੋਜਨਾ ਤਹਿਤ ਹਲਕਾ ਡੇਰਾਬੱਸੀ ਦੇ ਲਾਲੜੂ ਤੋਂ ਅੱਜ ਤਿੰਨ ਹੋਰ ਬੱਸਾਂ ਸੰਗਤਾਂ ਨੂੰ ਤੀਰਥ ਸਥਾਨਾਂ ਦੇ ਦਰਸ਼ਨਾਂ ਲਈ ਰਵਾਨਾ ਕੀਤੀਆਂ ਗਈਆਂ। ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਵੱਲੋਂ ਲਾਲੜੂ ਦੇ ਵਾਰਡ ਨੰਬਰ 1 ਤੋਂ 127ਵੀਂ ਅਤੇ 128ਵੀਂ ਅਤੇ ਵਾਰਡ ਨੰਬਰ 9 ਤੋਂ 129ਵੀਂ ਬੱਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਨੇ ਸ਼ਰਧਾਲੂਆਂ ਨਾਲ ਮੁਲਾਕਾਤ ਕਰਦਿਆਂ ਉਨ੍ਹਾਂ ਨੂੰ ਤੀਰਥ ਯਾਤਰਾ ਲਈ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਇਹ ਯਾਤਰਾ ਸੰਗਤਾਂ ਨੂੰ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਦਾ ਸੁਨਹਿਰੀ ਮੌਕਾ ਪ੍ਰਦਾਨ ਕਰ ਰਹੀ ਹੈ।

ਉਨ੍ਹਾਂ ਸ਼ਰਧਾਲੂਆਂ ਨੂੰ ਅਪੀਲ ਕੀਤੀ ਕਿ ਉਹ ਤੀਰਥ ਸਥਾਨਾਂ ਦੇ ਦਰਸ਼ਨ ਕਰਦੇ ਸਮੇਂ ਸਰਬੱਤ ਦੇ ਭਲੇ, ਪੰਜਾਬ ਦੀ ਖੁਸ਼ਹਾਲੀ ਅਤੇ ਚੜ੍ਹਦੀ ਕਲਾ ਲਈ ਅਰਦਾਸ ਕਰਨ। ਵਿਧਾਇਕ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਸਥਾਨ ਯਾਤਰਾ ਯੋਜਨਾ ਪੰਜਾਬ ਸਰਕਾਰ ਦਾ ਇੱਕ ਮਹੱਤਵਪੂਰਨ ਲੋਕ-ਹਿਤੈਸ਼ੀ ਉਪਰਾਲਾ ਹੈ। ਇਸ ਯੋਜਨਾ ਰਾਹੀਂ ਵੱਖ-ਵੱਖ ਧਾਰਮਿਕ ਅਸਥਾਨਾਂ ਦੀ ਯਾਤਰਾ ਕਰਨ ਦੀ ਇੱਛਾ ਰੱਖਣ ਵਾਲੀਆਂ ਸੰਗਤਾਂ ਨੂੰ ਸੁਵਿਧਾਜਨਕ ਢੰਗ ਨਾਲ ਤੀਰਥ ਦਰਸ਼ਨਾਂ ਦਾ ਮੌਕਾ ਮਿਲ ਰਿਹਾ ਹੈ। ਇਸ ਮੌਕੇ ਨਗਰ ਕੌਂਸਲ ਪ੍ਰਧਾਨ, ਸੀਨੀਅਰ ਵਾਈਸ ਪ੍ਰਧਾਨ, ਕੌਂਸਲਰ ਸਾਹਿਬਾਨ, ਵਾਰਡ ਇੰਚਾਰਜ, ਪਾਰਟੀ ਆਗੂ ਅਤੇ ਵਰਕਰਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤ ਹਾਜ਼ਰ ਸੀ।

ਅਧਿਆਪਕ ਦਿਵਸ (05 ਸਤੰਬਰ) 'ਤੇ ਵਿਸ਼ੇਸ਼

ਅਧਿਆਪਕ-ਵਿਦਿਆਰਥੀ ਦੇ ਭਵਿੱਖ ਦਾ ਸ਼ਿਲਪਕਾਰ

ਅਧਿਆਪਕ ਨੂੰ ਉਸਾਰੂ ਸਮਾਜ ਅਤੇ ਰਾਸ਼ਟਰ ਦਾ ਨਿਰਮਾਤਾ ਕਿਹਾ ਜਾਂਦਾ ਹੈ। ਅਧਿਆਪਕ ਵੱਲੋਂ ਹੀ ਦੁਨੀਆਂ ਨੂੰ ਤਰੱਕੀ ਦੇ ਰਾਹ ਤੇ ਲੈ ਕੇ ਜਾਣ ਵਾਲੀ ਪੀੜ੍ਹੀ ਤਿਆਰ ਕੀਤੀ ਜਾਂਦੀ ਹੈ। ਅਧਿਆਪਕ ਦੀ ਸਮਾਜ ਵਿੱਚ ਮਹੱਤਤਾ ਨੂੰ ਸਮਝਦੇ ਹੋਏ ਅਤੇ ਉਨ੍ਹਾਂ ਦਾ ਮਾਣ ਸਤਿਕਾਰ ਕਰਨ ਦੇ ਲਈ ਵਿਸ਼ਵ ਦੇ ਬਹੁਗਿਣਤੀ ਦੇਸ਼ਾਂ ਵਿੱਚ ਅਧਿਆਪਕ ਦਿਵਸ ਮਨਾਇਆ ਜਾਂਦਾ ਹੈ। ਜਿਸ ਤਰੀਕੇ ਨਾਲ 05 ਅਕਤੂਬਰ ਦਾ ਦਿਨ ਵਿਸ਼ਵ ਅਧਿਆਪਕ ਦਿਵਸ ਵਜੋਂ ਮਨਾਇਆ ਜਾਂਦਾ ਹੈ । ਉਸੇ ਹੀ ਤਰ੍ਹਾਂ ਪੂਰੇ ਭਾਰਤ ਵਰਸ਼ ਵਿੱਚ 05 ਸਤੰਬਰ ਦਾ ਦਿਨ ਰਾਸ਼ਟਰੀ ਅਧਿਆਪਕ ਦਿਵਸ ਵਜੋਂ ਪੂਰੇ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ। ਇਸ ਦਿਨ ਰਾਜ ਸਰਕਾਰਾਂ ਅਤੇ ਕੇਂਦਰ ਸਰਕਾਰ ਵੱਲੋਂ ਸ਼ਲਾਘਾਯੋਗ ਉਪਲੱਬਧੀਆਂ ਵਾਲੇ ਅਧਿਆਪਕਾਂ ਨੂੰ ਰਾਜ ਪੁਰਸਕਾਰ ਅਤੇ ਨੈਸ਼ਨਲ ਅਵਾਰਡ ਦੇ ਕੇ ਨਿਵਾਜਿਆ ਜਾਂਦਾ ਹੈ।

ਆਜ਼ਾਦ ਭਾਰਤ ਦੇ ਪਹਿਲੇ ਉਪ ਰਾਸ਼ਟਰਪਤੀ ਅਤੇ ਦੂਸਰੇ ਰਾਸ਼ਟਰਪਤੀ ਡਾ ਸਰਵਪੱਲੀ ਰਾਧਾ ਕ੍ਰਿਸ਼ਨਨ ਜੀ ਜੋ ਉੱਚ ਕੋਟੀ ਦੇ ਵਿਦਵਾਨ ਦਾਰਸ਼ਨਿਕ ਅਤੇ 40 ਸਾਲ ਅਧਿਆਪਨ ਦੇ ਕਿੱਤੇ ਵਿੱਚ ਬਿਤਾਉਣ ਵਾਲੀ ਮਹਾਨ ਸ਼ਖ਼ਸੀਅਤ ਸਨ । ਉਨ੍ਹਾਂ ਨੇ ਆਪਣਾ ਜਨਮ ਦਿਵਸ ਅਧਿਆਪਕਾਂ ਨੂੰ ਸਮਰਪਿਤ ਕਰਕੇ 05 ਸਤੰਬਰ 1962 ਤੋਂ ਅਧਿਆਪਕ ਦਿਵਸ ਵਜੋਂ ਮਨਾਉਣ ਦੀ ਸ਼ੁਰੂਆਤ ਕੀਤੀ। ਭਾਰਤ ਦੇ ਗੌਰਵਮਈ ਇਤਿਹਾਸ ਵਿੱਚ ਅਧਿਆਪਕ ਨੂੰ ਗੁਰੂ ਦਾ ਦਰਜਾ ਦਿੱਤਾ ਜਾਂਦਾ ਰਿਹਾ ਹੈ । ਗੁਰੂ ਚੇਲੇ ਦੇ ਰਿਸ਼ਤੇ ਦੀ ਮਹਾਨਤਾ ਨੂੰ ਦਰਸਾਉਣ ਲਈ ਅੱਜ ਵੀ ਦਰੋਣਾਚਾਰੀਆ ਅਤੇ ਚਾਣਕਿਆ ਵਰਗੇ ਗੁਰੂ ਦੀ ਸਿੱਖਿਆ ਦੀਆਂ ਅੱਜ ਵੀ ਉਦਾਹਰਨਾ ਬੜੇ ਮਾਣ ਨਾਲ ਦਿੱਤੀਆਂ ਜਾਂਦੀਆਂ ਹਨ ।ਆਧੁਨਿਕ ਯੁੱਗ ਵਿੱਚ ਡਾ. ਸਰਵਪੱਲੀ ਰਾਧਾ ਕ੍ਰਿਸ਼ਨਨ ,ਡਾ ਏ ਪੀ ਜੇ ਅਬਦੁਲ ਕਲਾਮ ਅਤੇ ਪ੍ਰੋਫੈਸਰ ਯਸ਼ਪਾਲ ਜੀ ਵਰਗੀਆਂ ਉੱਚ ਕੋਟੀ ਦੀਆਂ ਸ਼ਖ਼ਸੀਅਤਾਂ ਨੂੰ ਵੀ ਇੱਕ ਆਦਰਸ਼ ਅਧਿਆਪਕ ਵਜੋਂ ਯਾਦ ਕੀਤਾ ਜਾਦਾ ਹੈ।

ਚੰਗੇ ਅਧਿਆਪਕ ਦਾ ਕੰਮ ਸਿਰਫ ਸਾਖਰਤਾ ਦਰ ਵਧਾਉਣਾ ਜਾਂ ਕਿਤਾਬੀ ਗਿਆਨ ਦੇਣਾ ਹੀ ਨਾ ਹੋ ਕੇ, ਬਲਕਿ ਇੱਕ ਮਿੱਤਰ ,ਦਾਰਸ਼ਨਿਕ ਅਤੇ ਨਿਰਦੇਸ਼ਕ ਦੇ ਰੂਪ ਵਿੱਚ ਵਿਦਿਆਰਥੀ ਦਾ ਸਰੀਰਕ ,ਮਾਨਸਿਕ ,ਬੌਧਿਕ ,ਸਮਾਜਿਕ ਅਤੇ ਭਾਵਨਾਤਮਿਕ ਵਿਕਾਸ ਕਰਕੇ ਉਸ ਨੂੰ ਆਪਣੀ ਮੰਜ਼ਿਲ ਤੱਕ ਪਹੁੰਚਾਉਣ ਵਿੱਚ ਮੱਦਦ ਕਰਨਾ ਵੀ ਹੁੰਦਾ ਹੈ। ਇਸੇ ਕਾਰਨ ਹੀ ਤਾਂ ਭਗਤ ਕਬੀਰ ਜੀ ਨੇ ਦੇ ਅਨੁਸਾਰ

ਗੁਰੂ ਗੋਬਿੰਦ ਦੋਊ ਖੜ੍ਹੇ ਕਾਕੇ ਲਾਗੂ ਪਾਏ ।
ਬਲਿਹਾਰੀ ਗੁਰ ਆਪਣੇ ਗੋਬਿੰਦ ਦੀਓ ਮਿਲਾਏ।

ਅਰਥਾਤ ਸੰਸਾਰ ਵਿੱਚ ਈਸ਼ਵਰ ਤੋਂ ਵੀ ਉੱਚਾ ਦਰਜਾ ਗੁਰੂ ਨੂੰ ਪ੍ਰਾਪਤ ਹੈ ।

ਅਧਿਆਪਕ ਦਿਵਸ ਦੇ ਮੌਕੇ ਤੇ ਉਨ੍ਹਾਂ ਮਹਾਨ ਅਧਿਆਪਕਾਂ ਦੇ ਵੱਡਮੁੱਲੇ ਯੋਗਦਾਨ ਨੂੰ ਯਾਦ ਕਰਦੇ ਹੋਏ, ਉਨ੍ਹਾਂ ਨੂੰ ਸਲਾਮ ਕਰਦੇ ਹਾਂ ।ਜਿਨ੍ਹਾਂ ਦੀ ਬਦੌਲਤ ਦੇਸ਼ ਨੂੰ ਮਹਾਨ ਵਿਗਿਆਨੀ ਡਾਕਟਰ ,ਇੰਜੀਨੀਅਰ, ਉੱਚ ਕੋਟੀ ਦੇ ਪ੍ਰਸ਼ਾਸਨਿਕ ਅਧਿਕਾਰੀ ਅਤੇ ਸਮਾਜ ਦੇ ਸਿਰਜਣਹਾਰੇ ਮਿਲੇ ਹਨ ਅਤੇ ਦੇਸ਼ ਨੂੰ ਅੰਤਰਰਾਸ਼ਟਰੀ ਪੱਧਰ ਤੇ ਪ੍ਰਸਿੱਧੀ ਪ੍ਰਾਪਤ ਹੋਈ ਹੈ।

ਗੁਰੂ ਨਾਨਕ ਦੇਵ ਜੀ ਜੀ ਨੇ ਵੀ ਆਪਣੀ ਗੁਰਬਾਣੀ ਵਿੱਚ ਗੁਰੂ ਦੀ ਕ੍ਰਿਪਾ ਨਾਲ ਹੀ ਮਾਣ ਇੱਜ਼ਤ ਪ੍ਰਾਪਤ ਕਰਨ ਦੀ ਗੱਲ ਕੀਤੀ ਹੈ।

ਗੁਰ ਪਰਸਾਦੀ ਵਿਦਿਆ ਵੀਚਾਰੈ ਪੜਿ ਪੜਿ ਪਾਵੈ ਮਾਨ ।

ਇਸ ਦੇ ਨਾਲ ਹੀ ਗੁਰੂ ਸਾਹਿਬ ਨੇ ਜਪੁਜੀ ਸਾਹਿਬ ਦੀ ਬਾਣੀ ਵਿੱਚ ਵੀ ਗੁਰੂ ਦੀ ਮਹਿਮਾ ਦਾ ਜ਼ਿਕਰ ਕਰਦੇ ਹਨ ।

ਮੱਤ ਵਿੱਚ ਰਤਨ ਜਵਾਹਰ ਮਾਨਿਕ ਜੇ ਇਕ ਗੁਰ ਕੀ ਸਿਖ ਸੁਣੀ ।

ਮਾਤਾ ਪਿਤਾ ਬੱਚੇ ਨੂੰ ਜਨਮ ਦਿੰਦੇ ਹਨ, ਪ੍ਰੰਤੂ ਅਧਿਆਪਕ ਬੱਚੇ ਦੇ ਚਰਿੱਤਰ ਨਿਰਮਾਣ ਵਿਚ ,ਚੰਗਾ ਇਨਸਾਨ ਬਣਾਉਣ ਅਤੇ ਉਸ ਦੇ ਭਵਿੱਖ ਨੂੰ ਉਜਵਲ ਬਣਾਉਣ ਵਿੱਚ ਵੱਡਮੁੱਲਾ ਯੋਗਦਾਨ ਪਾਉਂਦੇ ।ਅਰਥਾਤ ਅਧਿਆਪਕ ਇਨਸਾਨ ਦੀ ਜ਼ਿੰਦਗੀ ਰੂਪੀ ਵਿਸ਼ਾਲ ਇਮਾਰਤ ਦੀ ਨੀਂਹ ਦਾ ਪੱਥਰ ਰੱਖਣ ਦਾ ਕੰਮ ਕਰਦਾ ਹੈ ।



ਚੰਗੇ ਅਧਿਆਪਕ ਦੀ ਅਣਹੋਂਦ ਨਾਲ ਬੇਹਤਰੀਨ ਸਿੱਖਿਆ ਵਿਧੀਆਂ ਵੀ ਅਸਫਲ ਹੋ ਜਾਂਦੀਆਂ ਹਨ। ਜਦਕਿ ਚੰਗੇ ਅਧਿਆਪਕ ਦੀ ਹੋਂਦ ਸਿੱਖਿਆ ਪ੍ਰਣਾਲੀ ਦੇ ਸਭ ਦੋਸ਼ਾਂ ਵੀ ਬਹੁਤ ਹੱਦ ਤੱਕ ਦੂਰ ਕਰ ਦਿੰਦੀ ਹੈ। ਮੌਜੂਦਾ ਵਪਾਰੀਕਰਨ ਦੇ ਦੌਰ ਵਿੱਚ ਅਧਿਆਪਕ ਦਾ ਬਦਲ ਲੱਭਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ । ਪ੍ਰੰਤੂ ਕੋਈ ਕਿਤਾਬ ,ਕੰਪਿਊਟਰ ,ਦਸਤਾਵੇਜ,ਏ ਆਈ ਜਾਂ ਮੋਬਾਇਲ ਐੱਪ ਅਧਿਆਪਕ ਦਾ ਬਦਲ ਨਹੀਂ ਹੋ ਸਕਦਾ ।ਇੰਟਰਨੈੱਟ, ਸਮਾਰਟਫੋਨ ,ਗੂਗਲ ,ਸਮਾਰਟ ਕਲਾਸਰੂਮ ਗਿਆਨ ਦੇਣ ਦੇ ਪੱਖੋਂ ਤਾਂ ਕੁਝ ਹੱਦ ਤੱਕ ਬਿਹਤਰ ਹੋ ਸਕਦੇ ਹੋਣਗੇ,ਪ੍ਰੰਤੂ ਲੰਮੇ ਸਮੇ ਲਈ ਨਹੀ ਕਿਉਕਿ ਇਹ ਸਭ ਮਸ਼ੀਨਾਂ ਹੀ ਹਨ। ਬੱਚੇ ਦੇ ਸਰਬਪੱਖੀ ਵਿਕਾਸ ਲਈ ਲੋੜੀਂਦੀਆਂ ਕਦਰਾਂ ਕੀਮਤਾਂ ਜਿਵੇਂ ਪਿਆਰ ,ਲਗਾਅ , ਸਨੇਹ ,ਹਮਦਰਦੀ ਅਤੇ ਤਿਆਗ ਸਿਰਫ਼ ਅਧਿਆਪਕ ਤੋ ਹੀ ਮਿਲ ਸਕਦਾ ਹੈ ।ਇਸ ਲਈ ਅਧਿਆਪਕ ਦਾ ਸਤਿਕਾਰ ਬੇਹੱਦ ਜ਼ਰੂਰੀ ਹੈ ।ਜੇ ਅਧਿਆਪਕ ਬਚੇਗਾ ਤਾਂ ਦੇਸ਼ ਬਚੇਗਾ। ਗੁਰੂ ਅੰਗਦ ਦੇਵ ਜੀ ਵੀ ਫਰਮਾਉਂਦੇ ਹਨ



ਡਾ. ਸਤਿੰਦਰ ਸਿੰਘ
ਨੈਸ਼ਨਲ ਅਵਾਰਡੀ,
ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ
ਸੈਕੰਡਰੀ, ਫਿਰੋਜ਼ਪੁਰ

ਜੇ ਸੌ ਚੰਦਾ ਉਗਵੇ ਸੂਰਜ ਚੜ੍ਹੇ ਹਜਾਰ।
ਏਤੇ ਚਾਨਣ ਹੁੰਦਿਆਂ ਗੁਰ ਬਿਨ ਘੋਰ ਅੰਧਾਰ।

ਅਧਿਆਪਕ ਦੀ ਇੰਨੀ ਮਹੱਤਤਾ ਹੋਣ ਦੇ ਬਾਵਜੂਦ ਵੀ ਅਜੋਕੇ ਪਦਾਰਥਵਾਦੀ ਯੁੱਗ ਵਿੱਚ ਅਧਿਆਪਕ ਦੇ ਸਤਿਕਾਰ ਵਿੱਚ ਕਮੀ ਆਈ ਹੈ ।ਅਧਿਆਪਕ ਅਤੇ ਵਿਦਿਆਰਥੀ ਦੇ ਰਿਸ਼ਤੇ ਵਿੱਚ ਵੀ ਤਰੇੜ ਪੈਦਾ ਹੁੰਦੀ ਨਜ਼ਰ ਆ ਰਹੀ ਹੈ। ਇਸ ਦਾ ਮੂਲ ਕਾਰਨ ਵੀ ਵਿੱਦਿਆ ਦਾ ਵਪਾਰੀਕਰਨ ਹੋਣਾ ਹੀ ਹੈ । ਸਕੂਲਾਂ ਅਤੇ ਕਾਲਜਾਂ ਦਾ ਮਾਹੌਲ ਪੂਰੀ ਤਰ੍ਹਾਂ ਵਪਾਰਕ ਲੀਹਾਂ ਤੇ ਤੋਰ ਦਿੱਤਾ ਗਿਆ ਹੈ। ਇਹ ਹੋ ਸਕਦਾ ਹੈ ਕਿ ਸਿੱਖਿਆ ਦੇ ਵਪਾਰੀਕਰਨ ਨਾਲ ਕਿਤਾਬੀ ਪੜ੍ਹਾਈ ਦਾ ਮਿਆਰ ਉੱਚਾ ਹੋਇਆ ਹੋਵੇਗਾ । ਸਕੂਲਾਂ ਅਤੇ ਕਾਲਜਾਂ ਦੀਆਂ ਇਮਾਰਤਾਂ 5 ਤਾਰਾ ਹੋਈਆਂ ਹਨ, ਅਧਿਆਪਕਾਂ ਅਤੇ ਪ੍ਰਬੰਧਕਾਂ ਦਾ ਆਰਥਿਕ ਪੱਧਰ ਵੀ ਉੱਚਾ ਹੋਇਆ ਹੋਵੇਗਾ । ਪਰ ਸਿੱਖਿਆ ਦੇ ਅਸਲ ਉਦੇਸ਼ ਤੋਂ ਅਸੀਂ ਭਟਕ ਗਏ ਹਾਂ। ਸਿੱਖਿਆ ਦੇ ਮੰਦਰਾਂ ਵਿੱਚ ਅਨੁਸ਼ਾਸਨਹੀਣਤਾ ਵਧੀ ਹੈ ,ਮਨੁੱਖੀ ਕਦਰਾਂ ਕੀਮਤਾਂ ਵਿੱਚ ਕਮੀ ਆਈ ਹੈ, ਇਨਸਾਨੀ ਸ਼ਖ਼ਸੀਅਤ ਦਾ ਪੱਧਰ ਨੀਵਾਂ ਹੋਇਆ ਹੈ ।

ਅੱਜ ਸਿੱਖਿਆ ਦਾ ਮੁੱਖ ਉਦੇਸ਼ ਨੀਟ ਅਤੇ ਜੇ ਈ ਈ ਦਾ ਟੈਸਟ ਚੰਗੇ ਰੈਂਕ ਨਾਲ ਪਾਸ ਕਰਨਾ ਅਤੇ ਡਾਕਟਰ ਜਾ ਆਈ ਆਈ ਟੀ ਪਾਸ ਇੰਜੀਨੀਅਰ ਬਨਣਾ । ਇਸ ਤੋ ਇਲਾਵਾ ਸਿਵਲ ਸੇਵਾਵਾਂ ਅਤੇ ਹੋਰ ਮਹੱਤਵਪੂਰਣ ਮਹਿਕਮੇ ਵਿੱਚ ਭਰਤੀ ਹੋਣਾ ਅਤੇ ਵੱਧ ਤੋਂ ਵੱਧ ਪੈਸੇ ਕਮਾਉਣ ਦੀ ਅੰਨ੍ਹੀ ਦੌੜ ਵਿੱਚ ਸ਼ਾਮਲ ਹੋਣਾ। ਇਸ ਅੰਨ੍ਹੀ ਦੌੜ ਨੇ ਵਿਦਿਆਰਥੀ ਵਰਗ ਵਿੱਚ ਤਣਾਓ ਦੀ ਫਸਲ ਬੀਜ ਦਿੱਤੀ ਹੈ ।ਜਿਸ ਸਿੱਖਿਆ ਨੇ ਸ਼ਖ਼ਸੀਅਤ ਦਾ ਨਿਰਮਾਣ ਕਰਨਾ ਸੀ, ਚੰਗਾ ਵਿਵਹਾਰ ਪੈਦਾ ਕਰਨ ਵਿੱਚ ਮਦਦ ਕਰਨੀ ਸੀ ,ਉਸੇ ਸਿੱਖਿਆ ਦੇ ਕਾਰਨ ਵਿਦਿਆਰਥੀ ਤਣਾਅ'ਚ ਆਇਆ ਆਤਮ ਹੱਤਿਆ ਵਰਗੇ ਗੰਭੀਰ ਕਦਮ ਵੀ ਚੁੱਕ ਲੈਂਦਾ ਹੈ ।ਇਨ੍ਹਾਂ ਹਾਲਾਤਾਂ ਵਿੱਚ ਅਧਿਆਪਕ ਵਰਗ ਦੀ ਜ਼ਿੰਮੇਵਾਰੀ ਹੋਰ ਵੀ ਵੱਧ ਜਾਂਦੀ ਹੈ ਕਿ ਉਹ ਵਿਦਿਆਰਥੀਆਂ ਨੂੰ ਖੁਦਗਰਜ਼ ਅਤੇ ਸਵਾਰਥੀ ਬਣਨ ਤੋਂ ਰੋਕੇ ,ਦੇਸ਼ ਦੇ ਮੌਜੂਦਾ ਦੌਰ ਦੇ ਮੁੱਦਿਆਂ ਬਾਰੇ ਆਲੋਚਨਾਤਮਕ ਤੌਰ ਤੇ ਸੋਚਣ ਲਈ ਉਤਸ਼ਾਹਿਤ ਕਰੇ ਅਤੇ ਚੰਗਾ ਇਨਸਾਨ ਬਣਨ ਦੀ ਪ੍ਰੇਰਿਤ ਕਰੇ।

ਧਰਤੀ ਕੋ ਹਮ ਨੇ ਨਾਪ ਲਿਆ, ਹਮ ਚਾਂਦ ਸਿਤਾਰੋਂ ਤੱਕ ਪਹੁੰਚੇ।
ਕੁੱਲ ਕਾਇਨਾਤ ਕੋ ਜੀਤ ਲਿਆਂ ,ਖਾਲੀ ਇਨਸਾਨ ਗਵਾ ਬੈਠੇ।

ਮੌਜੂਦਾ ਹਾਲਾਤ ਵਿੱਚ ਚੰਗੇ ਇਨਸਾਨ ਪੈਦਾ ਕਰਨਾ ਸਮੇਂ ਦੀ ਸਭ ਤੋਂ ਵੱਡੀ ਜ਼ਰੂਰਤ ਹੈ ।ਜੋ ਅਧਿਆਪਕ ਵਰਗ ਹੀ ਕਰ ਸਕਦਾ ਹੈ । ਕਿਉਂਕਿ ਬੱਚੇ ਅੱਜ ਵੀ ਅਧਿਆਪਕ ਨੂੰ ਆਪਣਾ ਪਹਿਲਾ ਰੋਲ ਮਾਡਲ ਮੰਨਦੇ ਹਨ ।ਬੱਚੇ ਮਾਤਾ ਪਿਤਾ ਤੋਂ ਵੱਧ ਅਧਿਆਪਕ ਦੀ ਕਹੀ ਗੱਲ ਨੂੰ ਤਰਜੀਹ ਦਿੰਦੇ ਹਨ ।ਮੇਰੇ 31 ਸਾਲ ਦੇ ਅਧਿਆਪਨ ਕਿੱਤੇ ਦੇ ਤਜਰਬੇ ਦੇ ਆਧਾਰ ਤੇ ਮੈਂ ਕਹਿ ਸਕਦਾ ਹਾਂ ਕਿ ਵਿਦਿਆਰਥੀਆਂ ਦਾ ਚਹੇਤਾ ਅਤੇ ਆਦਰਸ਼ ਅਧਿਆਪਕ ਉਹੀ ਹੈ, ਜੋ ਵਿਦਿਆਰਥੀਆਂ ਨੂੰ ਚੰਗੀ ਤਰ੍ਹਾਂ ਸਮਝਦਾ ਹੈ । ਜਿੰਨੀ ਵਿਦਿਆਰਥੀਆਂ ਪ੍ਰਤੀ ਅਧਿਆਪਕ ਦੀ ਸਮਝ ਚੰਗੀ ਹੋਵੇਗੀ ,ਉਨਾ ਹੀ ਉਹ ਚੰਗਾ ਅਧਿਆਪਕ ਬਣੇਗਾ।

ਸ਼੍ਰੀ ਗੁਰੂ ਨਾਨਕ ਦੇਵ ਜੀ ਨੇ ਗੁਰੂ ਰੂਪੀ ਅਧਿਆਪਕ ਨੂੰ ਤਨਦੇਹੀ ਨਾਲ ਸਿਖਿਆ ਦੇਨ ਦੀ ਗੱਲ ਕਹੀ ਹੈ...

ਪਾਧਾ ਗੁਰਮਖਿ ਆਖੀਐ ਚਾਟੜਿਆ ਮਤਿ ਦੇਇ।

ਅਧਿਆਪਨ ਦਾ ਕਿੱਤਾ ਕਦੇ ਵੀ ਖ਼ਤਮ ਨਾ ਹੋਣ ਵਾਲਾ ਇੱਕ ਮਿਸ਼ਨ ਹੈ। ਡਾ. ਏਪੀਜੇ ਅਬਦੁਲ ਕਲਾਮ ਜੀ, ਜੋ ਰਾਸ਼ਟਰਪਤੀ ਦੇ ਮਹੱਤਵਪੂਰਣ ਅਹੁਦੇ ਤੋਂ ਬਾਅਦ ਫਿਰ ਅਧਿਆਪਨ ਦੇ ਕਿੱਤੇ ਨਾਲ ਜੁੜਦੇ ਹਨ ਤਾਂ ਇਸ ਤੋਂ ਵੱਡੀ ਪ੍ਰੇਰਨਾਦਾਇਕ ਉਦਾਹਰਨ ਕੋਈ ਹੋਰ ਹੋ ਹੀ ਨਹੀਂ ਸਕਦੀ।

ਅਧਿਆਪਕ ਦਾ ਸਨਮਾਨ ਸਿਰਫ਼ ਇੱਕ ਦਿਨ ਤੱਕ ਹੀ ਸੀਮਤ ਨਹੀਂ ਹੋਣਾ ਚਾਹੀਦਾ ।ਬਲਕਿ ਇਹ ਸਤਿਕਾਰ ਪੂਰੀ ਜ਼ਿੰਦਗੀ ਦਿਲੋਂ ਹੋਣਾ ਚਾਹੀਦਾ ਹੈ। ਅਧਿਆਪਕ ਨੂੰ ਦਿੱਤੇ ਜਾਂਦੇ ਸਨਮਾਨ ਸਿਰਫ਼ ਚੰਗੀ ਸਕੂਲੀ ਕਾਰਜ਼ਗਾਰੀ ਲਈ ਹੀ ਨਹੀਂ ਸਗੋਂ ਉਨ੍ਹਾਂ ਦੀ ਪ੍ਰਭਾਵਸ਼ਾਲੀ, ਬੌਧਿਕ ਸਖਸ਼ੀਅਤ, ਮਨੁੱਖੀ ਅਤੇ ਸਮਾਜਿਕ ਗੁਣਾਂ ਦਾ ਵੀ ਸਨਮਾਨ ਕਰਨਾ ਹੋਰ ਵੀ ਪ੍ਰਸੰਸਾਯੋਗ ਹੋਵੇਗਾ।

ਆਓ ਅੱਜ ਅਧਿਆਪਕ ਦਿਵਸ ਦੇ ਪਵਿੱਤਰ ਮੌਕੇ ਤੇ ਪ੍ਰਣ ਕਰੀਏ ਕਿ ਅਸੀਂ ਸਭ ਅਧਿਆਪਕ ਅਤੇ ਬੁੱਧੀਜੀਵੀ ਮੌਜੂਦਾ ਪਦਾਰਥਵਾਦੀ ਅਤੇ ਵਪਾਰੀਕਰਨ ਦੇ ਦੌਰ ਵਿੱਚ ਵੀ ਆਪਣੀ ਜ਼ਮੀਰ, ਬੁੱਧੀ ਅਤੇ ਗਿਆਨ ਦੀ ਰੌਸ਼ਨੀ ਦੇ ਚਿਰਾਗ ਨੂੰ ਬਲਦਾ ਰੱਖਾਂਗੇ। ਦੇਸ਼ ਦੀ ਸਿੱਖਿਆ ਅਤੇ ਸਮਾਜਿਕ ਵਿਕਾਸ ਲਈ ਯਤਨਸ਼ੀਲ ਰਹਾਂਗੇ ਇਸ ਅਹਿਸਾਸ ਨਾਲ ਕੀ..

'ਹਮ ਜਲੇਂਗੇ ਤੋਂ ਜ਼ਮਾਨੇ ਮੇਂ ਉਜਾਲਾ ਹੋਗਾ'

ਪੀ.ਯੂ. ਵਿੱਚ ਐਡਵਾਂਸਡ ਫੈਸਿਲਿਟੀ ਅਤੇ ਟੈਕ ਇਨੋਵੇਸ਼ਨ ਫੋਰਮ ਦਾ ਉਦਘਾਟਨ

- **ਪੰਜਾਬ ਯੂਨੀਵਰਸਿਟੀ ਨੂੰ ਵਿਸ਼ਵ ਪੱਧਰੀ ਸੰਸਥਾ ਬਣਾਉਣ ਲਈ ਸਾਂਝੇ ਯਤਨ ਜ਼ਰੂਰੀ : ਉਪ ਰਾਸ਼ਟਰਪਤੀ**
- **ਭਾਰਤ ਗੁਣਵੱਤਾਪੂਰਨ ਸਿੱਖਿਆ ਅਤੇ ਖੋਜ ਲਈ ਵਿਸ਼ਵ ਪੱਧਰੀ ਕੇਂਦਰ ਵਜੋਂ ਉੱਭਰ ਰਿਹਾ ਹੈ**

ਪੈ.ਗਾਮ-ਏ-ਜਗਤ/ਚੰਡੀਗੜ੍ਹ
4 ਸਤੰਬਰ (ਹਰਮਿੰਦਰ ਸਿੰਘ ਨਾਗਪਾਲ)

ਭਾਰਤ ਦੇ ਉਪ ਰਾਸ਼ਟਰਪਤੀ ਅਤੇ ਪੰਜਾਬ ਯੂਨੀਵਰਸਿਟੀ ਦੇ ਚਾਂਸਲਰ ਸ੍ਰੀ ਸੀ. ਪੀ. ਰਾਧਾਕ੍ਰਿਸ਼ਨਨ ਨੇ ਸ਼ੁੱਕਰਵਾਰ ਨੂੰ ਪੰਜਾਬ ਯੂਨੀਵਰਸਿਟੀ ਵਿੱਚ ਐਡਵਾਂਸਡ ਇੰਸਟਰੂਮੈਂਟੇਸ਼ਨ ਫੈਸਿਲਿਟੀ ਅਤੇ ਪੰਜਾਬ ਯੂਨੀਵਰਸਿਟੀ ਟੈਕ ਇਨੋਵੇਸ਼ਨ ਫੋਰਮ (ਪੀਯੂ-ਟੀਆਈਐਫ) ਦਾ ਉਦਘਾਟਨ ਕੀਤਾ। ਇਸ ਮੌਕੇ 'ਈਪੌਕ 2026: ਓਡਿਸੀ ਆਫ਼ ਪੀਯੂ ਟੈਕ ਇਨੋਵੇਸ਼ਨ ਫੋਰਮ' ਕੌਫੀ ਟੇਬਲ ਬੁੱਕ ਵੀ ਜਾਰੀ ਕੀਤੀ ਗਈ।

ਉਪ ਰਾਸ਼ਟਰਪਤੀ ਨੇ ਪੀਯੂ-ਟੀਆਈਐਫ ਦੀਆਂ ਸਹੂਲਤਾਂ ਦਾ ਦੌਰਾ ਕਰਦਿਆਂ ਖੋਜਕਰਤਾਵਾਂ, ਨਵੋਨਮੇਸ਼ਕਾਂ ਅਤੇ ਸਟਾਰਟਅੱਪਸ ਲਈ ਉਪਲਬਧ ਬੁਨਿਆਦੀ ਢਾਂਚੇ ਬਾਰੇ ਜਾਣਕਾਰੀ ਲਈ। ਉਨ੍ਹਾਂ ਸਕੇਲ-ਅੱਪ ਫੈਸਿਲਿਟੀ ਅਤੇ ਪ੍ਰੋਟੀਨ ਪਿਊਰੀਫਿਕੇਸ਼ਨ ਪਲੇਟਫਾਰਮ ਦਾ ਵੀ ਜਾਇਜ਼ਾ ਲਿਆ। ਐਸਏਆਈਐਫ/ਸੀਆਈਐਲ ਅਤੇ ਪੀਯੂ-ਟੀਆਈਐਫ ਨੂੰ ਯੂਨੀਵਰਸਿਟੀ ਦੇ ਅਕਾਦਮਿਕ ਅਤੇ ਟ੍ਰਾਂਸਲੇਸ਼ਨਲ ਖੋਜ ਈਕੋਸਿਸਟਮ ਦੇ ਮਹੱਤਵਪੂਰਨ ਹਿੱਸੇ ਦੱਸਿਆ ਗਿਆ।

ਵਿਦਿਆਰਥੀਆਂ, ਅਧਿਆਪਕਾਂ ਅਤੇ ਖੋਜਾਰਥੀਆਂ ਨੂੰ ਸੰਬੋਧਨ ਕਰਦਿਆਂ ਸ੍ਰੀ ਰਾਧਾਕ੍ਰਿਸ਼ਨਨ ਨੇ ਪੰਜਾਬ ਯੂਨੀਵਰਸਿਟੀ ਦੀ 1882 ਤੋਂ ਚੱਲੀ ਆ ਰਹੀ ਵਿਰਾਸਤ ਦਾ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਭਾਰਤ ਵਿੱਚ ਉੱਚ ਸਿੱਖਿਆ, ਵਿਗਿਆਨਕ ਖੋਜ ਅਤੇ ਨਵੋਨਮੇਸ਼ ਦੇ ਖੇਤਰ ਵਿੱਚ ਤੇਜ਼ੀ ਨਾਲ ਬਦਲਾਅ ਆ ਰਿਹਾ ਹੈ ਅਤੇ ਦੇਸ਼ ਗੁਣਵੱਤਾਪੂਰਨ ਸਿੱਖਿਆ ਤੇ ਖੋਜ ਲਈ ਵਿਸ਼ਵ ਪੱਧਰੀ ਕੇਂਦਰ ਵਜੋਂ ਉੱਭਰ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਐਡਵਾਂਸਡ ਇੰਸਟਰੂਮੈਂਟੇਸ਼ਨ ਫੈਸਿਲਿਟੀ ਵਿੱਚ ਐਟਾਮਿਕ ਫੋਰਸ ਮਾਈਕ੍ਰੋਸਕੋਪ, ਰਮਨ ਸਪੈਕਟ੍ਰੋਮੀਟਰ, ਡੀਐਨਏ ਸੀਕਵੈਂਸਰ, ਫਲੋ ਸਾਈਟੋਮੀਟਰ ਅਤੇ ਐਫਟੀਆਈਆਰ ਸਪੈਕਟ੍ਰੋਮੀਟਰ ਸਮੇਤ ਪੰਜ ਉੱਨਤ ਉਪਕਰਣ ਸਥਾਪਤ ਕੀਤੇ ਗਏ ਹਨ। ਇਨ੍ਹਾਂ ਨਾਲ ਨੈਨੋ ਟੈਕਨਾਲੋਜੀ, ਮੈਟੀਰੀਅਲਜ਼ ਸਾਇੰਸ, ਵਾਤਾਵਰਣ ਵਿਗਿਆਨ ਅਤੇ ਜੀਨੋਮਿਕਸ ਵਿੱਚ ਖੋਜ ਨੂੰ ਮਜ਼ਬੂਤੀ ਮਿਲੇਗੀ।



ਉਪ ਰਾਸ਼ਟਰਪਤੀ ਨੇ ਬਾਇਓਨੇਸਟ ਨੂੰ ਸੈਕਸ਼ਨ-8 ਦੀ ਗੈਰ-ਮੁਨਾਫ਼ਾ ਸੰਸਥਾ ਪੀਯੂ-ਟੀਆਈਐਫ ਵਿੱਚ ਬਦਲਣ ਨੂੰ ਖੋਜ, ਉੱਦਮਤਾ ਅਤੇ ਤਕਨਾਲੋਜੀ ਵਿਕਾਸ ਲਈ ਮਹੱਤਵਪੂਰਨ ਕਦਮ ਦੱਸਿਆ। ਉਨ੍ਹਾਂ ਨੌਜਵਾਨ ਖੋਜਕਰਤਾਵਾਂ ਨੂੰ ਅਸਫਲਤਾਵਾਂ ਤੋਂ ਨਾ ਘਬਰਾਉਣ ਅਤੇ ਸਮਾਜ ਦੀਆਂ ਅਸਲ ਲੋੜਾਂ ਨੂੰ ਪੂਰਾ ਕਰਨ ਵਾਲੇ ਸਮਾਵੇਸ਼ੀ ਤੇ ਕਿਫਾਇਤੀ ਨਵੋਨਮੇਸ਼ ਵਿਕਸਿਤ ਕਰਨ ਦਾ ਸੱਦਾ ਦਿੱਤਾ।

ਕੈਂਪਸ ਸੁਰੱਖਿਆ ਬਾਰੇ ਉਨ੍ਹਾਂ ਕਿਹਾ ਕਿ ਪੀਐਚਡੀ ਵਿਦਿਆਰਥੀ ਦੀ ਮੰਦਭਾਗੀ ਮੌਤ ਤੋਂ ਬਾਅਦ ਯੂਨੀਵਰਸਿਟੀ ਪ੍ਰਸ਼ਾਸਨ ਨੂੰ ਵਿਆਪਕ ਸੁਰੱਖਿਆ ਆਡਿਟ ਦੇ ਨਿਰਦੇਸ਼ ਦਿੱਤੇ ਗਏ ਹਨ ਅਤੇ ਬੁਨਿਆਦੀ ਢਾਂਚੇ ਦੀ ਸਮੀਖਿਆ ਲਈ ਕਮੇਟੀ ਬਣਾਈ ਗਈ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਨਸ਼ਾ-ਮੁਕਤ ਭਾਰਤ ਦੇ ਨਿਰਮਾਣ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਸੈਮੀਕੰਡਕਟਰ ਅਤੇ ਰੋਬੋਟਿਕਸ ਵਰਗੇ ਨਵੇਂ ਵਿਗਿਆਨਕ ਵਿਸ਼ਿਆਂ ਦੀ ਪੜ੍ਹਾਈ ਸ਼ੁਰੂ ਕਰਨ ਅਤੇ ਯੂਨੀਵਰਸਿਟੀ ਦੀ ਤਕਨਾਲੋਜੀ ਖੇਤਰ ਵਿੱਚ ਭੂਮਿਕਾ ਮਜ਼ਬੂਤ ਕਰਨ 'ਤੇ ਜ਼ੋਰ ਦਿੱਤਾ। ਉਨ੍ਹਾਂ ਦੱਸਿਆ ਕਿ ਪੀਯੂ ਦੇ ਨਵੋਨਮੇਸ਼ ਈਕੋਸਿਸਟਮ ਨੇ 85 ਤੋਂ ਵੱਧ ਸਟਾਰਟਅੱਪਸ ਅਤੇ ਨਵੋਨਮੇਸ਼ਕਾਂ ਨੂੰ ਸਹਿਯੋਗ ਦਿੱਤਾ ਹੈ। ਇਸ ਮੌਕੇ ਪੰਜਾਬ ਦੇ ਰਾਜਪਾਲ ਅਤੇ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਸ੍ਰੀ ਗੁਲਾਬ ਚੰਦ ਕਟਾਰੀਆ, ਹਰਿਆਣਾ ਦੇ ਰਾਜਪਾਲ ਪ੍ਰੋ. ਅਸ਼ੀਮ ਕੁਮਾਰ ਘੋਸ਼, ਸਾਬਕਾ ਕੇਂਦਰੀ ਮੰਤਰੀ ਅਤੇ ਚੰਡੀਗੜ੍ਹ ਦੇ ਸੰਸਦ ਮੈਂਬਰ ਸ੍ਰੀ ਮਨੀਸ਼ ਤਿਵਾਰੀ ਅਤੇ ਪੀਯੂ ਦੀ ਵਾਈਸ ਚਾਂਸਲਰ ਪ੍ਰੋ. ਮੀਨਾਕਸ਼ੀ ਗੋਇਲ ਨੇ ਵੀ ਸੰਬੋਧਨ ਕੀਤਾ। ਬੁਲਾਰਿਆਂ ਨੇ ਖੋਜ, ਉਦਯੋਗ-ਅਕਾਦਮਿਕ ਸਹਿਯੋਗ ਅਤੇ ਨਵੋਨਮੇਸ਼ ਨੂੰ ਉਤਸ਼ਾਹਿਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਉਪ ਰਾਸ਼ਟਰਪਤੀ ਨੇ ਪੀਯੂ ਦੀ ਐਨਆਈਆਰਐਫ ਵਿੱਚ 35ਵੀਂ ਰੈਂਕ, ਕਿਊਐਸ ਵਰਲਡ ਯੂਨੀਵਰਸਿਟੀ ਰੈਂਕਿੰਗ 2026 ਵਿੱਚ 901-950 ਬੈਂਡ ਅਤੇ ਨੈਕ ਦੀ ਏ++ ਗ੍ਰੇਡਿੰਗ ਦਾ ਜ਼ਿਕਰ ਕਰਦਿਆਂ ਕਿਹਾ ਕਿ ਪੰਜਾਬ ਯੂਨੀਵਰਸਿਟੀ ਨੂੰ ਦੁਨੀਆ ਦੀਆਂ ਸਰਵੋਤਮ ਅਤੇ ਆਧੁਨਿਕ ਯੂਨੀਵਰਸਿਟੀਆਂ ਵਿੱਚ ਸ਼ਾਮਲ ਕਰਨ ਲਈ ਸਾਂਝੇ ਯਤਨ ਜ਼ਰੂਰੀ ਹਨ।

ਨਵਚੇਤਨਾ ਮਾਡਲ ਸਕੂਲ ਬਾਕਰਪੁਰ ਵਿੱਚ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ

ਐਸ.ਏ.ਐਸ. ਨਗਰ, 4 ਸਤੰਬਰ (ਪੈ.ਗਾਮ-ਏ-ਜਗਤ)

ਪਿੰਡ ਬਾਕਰਪੁਰ ਸਥਿਤ ਨਵਚੇਤਨਾ ਮਾਡਲ ਸਕੂਲ ਵੱਲੋਂ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਪੂਰੀ ਸ਼ਰਧਾ ਅਤੇ ਧੂਮਧਾਮ ਨਾਲ ਮਨਾਇਆ ਗਿਆ। ਸਕੂਲ ਦੇ ਪ੍ਰਿੰਸੀਪਲ ਕੁਸ਼ਲ ਸ਼ਰਮਾ ਦੀ ਦੇਖ-ਰੇਖ ਹੇਠ ਕਰਵਾਏ ਗਏ ਇਸ



ਸਮਾਗਮ ਦੌਰਾਨ ਬੱਚਿਆਂ ਨੇ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਕੇ ਸਭ ਦਾ ਮਨ ਮੋਹ ਲਿਆ। ਸਮਾਗਮ ਦੌਰਾਨ ਵਿਦਿਆਰਥੀਆਂ ਨੇ ਭਗਵਾਨ ਸ੍ਰੀ ਕ੍ਰਿਸ਼ਨ ਦੇ ਜੀਵਨ ਨਾਲ ਸਬੰਧਤ ਵੱਖ-ਵੱਖ ਪੇਸ਼ਕਾਰੀਆਂ ਦਿੱਤੀਆਂ। ਰਾਧਾ-ਕ੍ਰਿਸ਼ਨ ਦੇ ਰੂਪ ਵਿੱਚ ਸਜੇ ਬੱਚਿਆਂ ਵੱਲੋਂ ਪੇਸ਼ ਕੀਤੀ ਗਈ ਰਾਸ ਲੀਲਾ ਸਮਾਗਮ ਦਾ ਮੁੱਖ ਆਕਰਸ਼ਣ ਰਹੀ।

ਅਧਿਆਪਕ ਦਿਵਸ ਦੀਆਂ ਦਿਲੋਂ ਸ਼ੁਭਕਾਮਨਾਵਾਂ



ਅਧਿਆਪਕ ਸਿਰਫ਼ ਕਿਤਾਬਾਂ ਦਾ ਗਿਆਨ ਹੀ ਨਹੀਂ ਦਿੰਦੇ, ਸਗੋਂ ਉਹ ਸੁਪਨਿਆਂ ਨੂੰ ਦਿਸ਼ਾ, ਆਤਮ-ਵਿਸ਼ਵਾਸ ਨੂੰ ਮਜ਼ਬੂਤੀ ਅਤੇ ਭਵਿੱਖ ਨੂੰ ਨਵੀਂ ਰਾਹ ਦਿੰਦੇ ਹਨ।

ਇਸ ਅਧਿਆਪਕ ਦਿਵਸ ਮੌਕੇ ਪੈਗ਼ਾਮ-ਏ-ਜਗਤ ਉਨ੍ਹਾਂ ਸਾਰੇ ਅਧਿਆਪਕਾਂ ਨੂੰ ਦਿਲੋਂ ਸਲਾਮ ਕਰਦਾ ਹੈ, ਜੋ ਆਪਣੀ ਮਿਹਨਤ, ਸਮਰਪਣ ਅਤੇ ਮਾਰਗਦਰਸ਼ਨ ਨਾਲ ਆਉਣ ਵਾਲੀਆਂ ਪੀੜ੍ਹੀਆਂ ਦਾ ਭਵਿੱਖ ਸੰਵਾਰ ਰਹੇ ਹਨ।

ਹਰ ਅਧਿਆਪਕ ਉਸ ਰੌਸ਼ਨੀ ਵਾਂਗ ਹੈ, ਜੋ ਸਾਨੂੰ ਬਿਹਤਰ ਕੱਲ੍ਹ ਵੱਲ ਵਧਣ ਦਾ ਰਾਹ ਦਿਖਾਉਂਦਾ ਹੈ।

ਅਧਿਆਪਕ ਦਿਵਸ ਦੀਆਂ ਦਿਲੋਂ ਸ਼ੁਭਕਾਮਨਾਵਾਂ !

ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਮੌਕੇ ਪੁਆਧੀ ਅਖਾੜਾ ਲਗਾਇਆ

ਖਰੜ, 4 ਸਤੰਬਰ
(ਪੈ.ਗਾਮ-ਏ-ਜਗਤ)

ਖਰੜ ਦੇ ਨੇੜੇ ਪਿੰਡ ਬਡਾਲਾ ਨਿਆ ਸ਼ਹਿਰ ਵਿਖੇ ਅੱਜ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਮੌਕੇ ਤੇ ਗੁਗਾ ਮਾੜੀ ਦੇ ਮੇਲੇ ਦੌਰਾਨ ਭਗਤ ਤਰਲੋਚਨ ਸਿੰਘ ਸੰਧੀ ਗੋਬਿੰਦਗੜ੍ਹ ਦਾ ਪੁਆਧੀ ਅਖਾੜਾ ਲਗਾਇਆ ਗਿਆ ਜਿਸਦਾ ਪ੍ਰਬੰਧ ਸਾਬਕਾ ਐਮ ਸੀ ਜਸਬੀਰ ਸਿੰਘ ਜੋਨੀ, ਪਰਮਿੰਦਰ ਰਾਣਾ ਪ੍ਰਧਾਨ, ਜਸਨੀ ਮਾਵੀ, ਜਗਤਾਰ ਸਿੰਘ ਮਾਵੀ, ਵਿੱਕੀ, ਰਕੇਸ਼ ਕੁਮਾਰ, ਬਿਕਰਮ ਸਿੰਘ, ਬੀਰੂ ਕੁਮਾਰ ਅਤੇ ਜਸਵੀਰ ਐਮਸੀ ਵਡਾਲੀ ਵੱਲੋਂ ਕੀਤਾ ਗਿਆ।



ਇਸ ਮੌਕੇ ਭਗਤ ਤਰਲੋਚਨ ਸਿੰਘ ਸੰਧੀ ਨੇ ਭਗਵਾਨ ਸ੍ਰੀ ਕ੍ਰਿਸ਼ਨ ਜੀ ਦੇ ਜਨਮ ਅਤੇ ਕੰਸਵਧ ਤੱਕ ਦੀ ਸਾਰੀ ਗਾਥਾ ਬੋਲੀਆ, ਕੋਰੜੇ, ਬੈਤਾਂ ਆਦਿ ਛੰਦਾ ਰਾਹੀਂ ਪੇਸ਼ ਕੀਤੀ। ਉਹਨਾਂ ਬੜੇ ਵਿਸਥਾਰ ਨਾਲ ਕ੍ਰਿਸ਼ਨ ਜੀ ਦੇ ਜਨਮ ਅਤੇ ਜੇਲ ਵਿੱਚੋਂ ਵਾਸੂਦੇਵ ਜੀ ਦਾ ਕ੍ਰਿਸ਼ਨ ਜੀ ਨੂੰ ਜਮਨਾ ਪਾਰ ਲਿਜਾ ਕੇ ਨੰਦ ਲਾਲ ਜੀ ਦੇ ਕੋਲ ਛੱਡਣਾ ਅਤੇ ਫਿਰ ਕ੍ਰਿਸ਼ਨ ਲੀਲਾ ਦੇ ਨਾਲ ਨਾਲ ਦੁਸ਼ਟ ਰਾਜਾ ਕੰਸ ਦਾ ਵੱਧ ਕਰਕੇ ਰਾਜ ਉਗਰ ਸੈਨ ਨੂੰ ਸੌਂਪਣਾ ਆਦਿ ਵਿਸਥਾਰ ਨਾਲ ਸੁਣਾਇਆ। ਇਸ ਮੌਕੇ ਭਗਤ ਤਰਲੋਚਨ ਸਿੰਘ ਦੇ ਨਾਲ ਉਹਨਾਂ ਦੇ ਸਾਥੀ ਮਨਦੀਪ ਸ਼ਰਮਾ ਨਗਾਰੀ, ਅੰਗਰੇਜ਼ ਧਨਾਸ, ਰਜੇਸ਼ ਕੜੋਲੀ, ਕਾਮਲ ਤੇ ਸਿਮੀ ਡਾਂਸਰ, ਰਾਜੇਸ਼ ਢੋਲਕ ਵਾਦਕ ਅਤੇ ਸਰੰਗੀ ਮਾਸਟਰ ਸੋਲਖੀਆਂ ਵੀ ਸਨ। ਹਾਜ਼ਰ ਸੰਗਤਾਂ ਲਈ ਲੰਗਰ ਅਤੁੱਟ ਵਰਤਾਇਆ ਗਿਆ।

ਪ੍ਰਿਤਪਾਲ ਸਿੰਘ ਆਹਲੂਵਾਲੀਆ 61 ਫੀਸਦ ਵੋਟਾਂ ਹਾਸਲ ਕਰ ਕੇ ਆਈ.ਆਈ.ਏ. ਪੰਜਾਬ ਚੈਪਟਰ ਦੇ ਚੇਅਰਮੈਨ ਬਣੇ

ਪੈ.ਗਾਮ-ਏ-ਜਗਤ
ਪਟਿਆਲਾ, 4 ਸਤੰਬਰ
(ਪਰਮਜੀਤ ਸਿੰਘ ਪਰਵਾਨਾ)

ਇੰਡੀਅਨ ਇੰਸਟੀਚਿਊਟ ਆਫ਼ ਆਰਕੀਟੈਕਟਸ (ਆਈ ਆਈ ਏ) ਪੰਜਾਬ ਚੈਪਟਰ ਦੀਆਂ ਚੋਣਾਂ ਵਿੱਚ ਆਰਕੀਟੈਕਟ ਪ੍ਰਿਤਪਾਲ ਸਿੰਘ ਆਹਲੂਵਾਲੀਆ 61 ਫੀਸਦੀ ਵੋਟਾਂ ਪ੍ਰਾਪਤ ਕਰਕੇ ਚੇਅਰਮੈਨ ਦੇ ਅਹੁਦੇ ਲਈ ਜੇਤੂ ਐਲਾਨੇ ਗਏ ਹਨ।

- **ਆਰਕੀਟੈਕਟ ਇੰਦੂ ਅਰੋੜਾ ਪਟਿਆਲਾ ਚੈਪਟਰ ਦੀ ਚੇਅਰਪਰਸਨ ਦੇ ਅਹੁਦੇ ਲਈ ਜੇਤੂ ਰਹੇ**

ਪ੍ਰਿਤਪਾਲ ਸਿੰਘ ਆਹਲੂਵਾਲੀਆ ਦੇ ਨਾਲ ਪੰਜਾਬ ਚੈਪਟਰ ਦੀ ਨਵੀਂ ਟੀਮ ਵਿੱਚ ਆਰ. ਐਸ. ਸੰਧੂ ਖਜ਼ਾਨਚੀ ਦੇ ਅਹੁਦੇ ਲਈ ਜੇਤੂ ਰਹੇ। ਇਸ ਤੋਂ ਇਲਾਵਾ ਲੁਧਿਆਣਾ ਤੋਂ ਰਾਜਨ ਟਾਂਗਰੀ ਅਤੇ ਜਲੰਧਰ ਤੋਂ ਸੰਜੇ ਕੁਮਾਰ ਜੁਆਇੰਟ ਸਕੱਤਰ ਦੇ ਅਹੁਦੇ ਲਈ ਚੁਣੇ ਗਏ। ਜਲੰਧਰ ਤੋਂ ਦਿਨੇਸ਼ ਭਗਤ ਵਾਈਸ ਚੇਅਰਮੈਨ ਚੁਣੇ ਗਏ। ਪੰਜਾਬ ਚੈਪਟਰ ਲਈ 10 ਐਗਜ਼ੈਕਟਿਵ ਮੈਂਬਰ ਵੀ ਜੇਤੂ ਰਹੇ ਹਨ। ਇਨ੍ਹਾਂ ਵਿੱਚ ਲੁਧਿਆਣਾ ਤੋਂ ਰਵਿੰਦਰ ਸਿੰਘ, ਪੂਜਾ ਵਰਮਾਨੀ, ਸਾਂਚੀ ਗੋਇਲ, ਪ੍ਰਭਪ੍ਰੀਤ ਸਿੰਘ ਅਤੇ ਸਿਮਰਨਜੀਤ ਸਿੰਘ, ਮੋਹਾਲੀ ਤੋਂ ਰਾਜਿੰਦਰ ਕੌਰ ਅਤੇ ਅਮਨਜੀਤ ਕੌਰ ਅਤੇ ਪਟਿਆਲਾ ਤੋਂ ਰਾਕੇਸ਼ ਅਰੋੜਾ, ਮਨੀਸ਼ਾ ਜਿੰਦਲ ਅਤੇ ਮੋਹਨ ਸਿੰਘ ਸ਼ਾਮਲ ਹਨ।



ਸੰਗੀਤਾ ਰਾਣੀ ਆਈ ਆਈ ਏ ਪਟਿਆਲਾ ਚੈਪਟਰ ਦੇ ਵਾਈਸ ਚੇਅਰਪਰਸਨ ਦੇ ਅਹੁਦੇ ਲਈ ਜੇਤੂ ਰਹੇ। ਸੰਜੀਵ ਕੇ. ਗੋਇਲ ਆਈ ਆਈ ਏ ਪਟਿਆਲਾ ਚੈਪਟਰ ਦੇ ਆਨਰੇਰੀ ਖ਼ਜ਼ਾਨਚੀ ਚੁਣੇ ਗਏ। ਰਾਣੀ ਮਧੂ, ਹਰਪ੍ਰੀਤ ਸਿੰਘ ਅਤੇ ਭਾਵਿਕਾ ਗੋਇਲ ਆਈ ਆਈ ਏ ਪਟਿਆਲਾ ਚੈਪਟਰ ਦੇ ਐਗਜ਼ੀਕਿਊਟਿਵ ਮੈਂਬਰ ਦੇ ਅਹੁਦੇ ਲਈ ਜੇਤੂ ਰਹੇ। ਪ੍ਰਿਤਪਾਲ ਸਿੰਘ ਆਹਲੂਵਾਲੀਆ ਪੰਜਾਬ ਦੇ ਪ੍ਰੈਕਟਿਸਿੰਗ ਆਰਕੀਟੈਕਟ ਹਨ ਤੇ ਉਹ ਮੋਹਾਲੀ ਅਤੇ ਪਟਿਆਲਾ ਵਿੱਚ ਵਾਲੀਆ ਕ੍ਰੀਏਟਿਵ ਆਰਕੀਟੈਕਟਸ ਦੇ ਨਾਮ ਹੇਠ ਦਫ਼ਤਰ ਚਲਾ ਰਹੇ ਹਨ। ਉਹ ਆਰਕੀਟੈਕਚਰ ਦੇ ਖੇਤਰ ਵਿੱਚ ਸਰਗਰਮੀ ਨਾਲ ਯੋਗਦਾਨ ਪਾ ਰਹੇ ਹਨ ਅਤੇ ਲੁਧਿਆਣਾ ਸਮਾਰਟ ਸਿਟੀ ਦੇ ਡਾਇਰੈਕਟਰ ਵਜੋਂ ਵੀ ਸੇਵਾਵਾਂ ਨਿਭਾਅ ਰਹੇ ਹਨ। ਇੰਡੀਅਨ ਇੰਸਟੀਚਿਊਟ ਆਫ਼ ਆਰਕੀਟੈਕਟਸ ਭਾਰਤ ਭਰ ਦੇ ਆਰਕੀਟੈਕਟਾਂ ਦੀ ਨੁਮਾਇੰਦਗੀ ਕਰਨ ਵਾਲੀ ਰਾਸ਼ਟਰੀ ਪੱਧਰ ਦੀ ਸੰਸਥਾ ਹੈ। ਇਸ ਦੇ ਮੈਂਬਰ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਮੌਜੂਦ ਹਨ ਅਤੇ ਵੱਖ-ਵੱਖ ਰਾਜਾਂ ਵਿੱਚ ਇਸ ਦੇ ਚੈਪਟਰ ਅਤੇ ਕੇਂਦਰ ਕਾਰਜਸ਼ੀਲ ਹਨ।

ਆਈ ਆਈ ਏ ਪੰਜਾਬ ਚੈਪਟਰ ਦੀ ਪੂਰੇ ਰਾਜ ਵਿੱਚ ਮਜ਼ਬੂਤ ਮੌਜੂਦਗੀ ਹੈ ਅਤੇ ਇਸ ਦੇ ਅਧੀਨ ਲੁਧਿਆਣਾ, ਪਟਿਆਲਾ, ਜਲੰਧਰ, ਅੰਮ੍ਰਿਤਸਰ, ਮੋਹਾਲੀ, ਬਠਿੰਡਾ, ਕਪੂਰਥਲਾ, ਹੁਸ਼ਿਆਰਪੁਰ ਸਮੇਤ ਹੋਰ ਸ਼ਹਿਰਾਂ ਵਿੱਚ ਵੱਖ-ਵੱਖ ਕੇਂਦਰ ਹਨ। ਪੰਜਾਬ ਚੈਪਟਰ ਅਤੇ ਇਸ ਦੇ ਵੱਖ-ਵੱਖ ਕੇਂਦਰਾਂ ਦੀਆਂ ਚੋਣਾਂ ਆਨਲਾਈਨ ਅਤੇ ਇੱਕੋ ਸਮੇਂ ਕਰਵਾਈਆਂ ਗਈਆਂ, ਜਿਸ ਨਾਲ ਪੰਜਾਬ ਭਰ ਦੇ ਮੈਂਬਰਾਂ ਨੂੰ ਇਸ ਲੋਕਤਾਂਤਰਿਕ ਪ੍ਰਕਿਰਿਆ ਵਿੱਚ ਹਿੱਸਾ ਲੈਣ ਦਾ ਮੌਕਾ ਮਿਲਿਆ। ਇਸ ਮੌਕੇ ਆਰ. ਪ੍ਰਿਤਪਾਲ ਸਿੰਘ ਆਹਲੂਵਾਲੀਆ ਨੇ ਆਈ ਆਈ ਏ ਨਾਲ ਜੁੜੇ ਮੈਂਬਰਾਂ ਵੱਲੋਂ ਉਨ੍ਹਾਂ 'ਤੇ ਜਤਾਏ ਭਰੋਸੇ ਅਤੇ ਦਿੱਤੇ ਸਹਿਯੋਗ ਲਈ ਧੰਨਵਾਦ ਪ੍ਰਗਟ ਕੀਤਾ। ਉਨ੍ਹਾਂ ਕਿਹਾ ਕਿ ਨਵੀਂ ਲੀਡਰਸ਼ਿਪ ਆਰਕੀਟੈਕਚਰ ਦੇ ਪੇਸ਼ੇ ਨੂੰ ਹੋਰ ਮਜ਼ਬੂਤ ਕਰਨ, ਆਰਕੀਟੈਕਟਾਂ ਵਿੱਚ ਏਕਤਾ ਨੂੰ ਉਤਸ਼ਾਹਿਤ ਕਰਨ, ਮੌਕਿਆਂ ਵਿੱਚ ਵਾਧਾ ਕਰਨ ਅਤੇ ਪੰਜਾਬ ਭਰ ਦੇ ਆਈ ਆਈ ਏ ਮੈਂਬਰਾਂ ਦੀ ਵਧੇਰੇ ਭਾਗੀਦਾਰੀ ਯਕੀਨੀ ਬਣਾਉਣ ਲਈ ਕੰਮ ਕਰੇਗੀ। ਉਨ੍ਹਾਂ ਹੋਰ ਕਿਹਾ ਕਿ ਪੰਜਾਬ ਚੈਪਟਰ ਦਾ ਮੁੱਖ ਧਿਆਨ ਪੇਸ਼ੇਵਰ ਵਿਕਾਸ, ਏਕਤਾ, ਗਿਆਨ ਦੀ ਸਾਂਝ, ਆਈ ਆਈ ਏ ਦੇ ਵੱਖ-ਵੱਖ ਕੇਂਦਰਾਂ ਵਿਚਕਾਰ ਬਿਹਤਰ ਤਾਲਮੇਲ ਅਤੇ ਸਰਕਾਰ ਸਮੇਤ ਹੋਰ ਸਬੰਧਤ ਧਿਰਾਂ ਨਾਲ ਰਚਨਾਤਮਕ ਸਹਿਯੋਗ 'ਤੇ ਰਹੇਗਾ, ਤਾਂ ਜੋ ਪੰਜਾਬ ਵਿੱਚ ਆਰਕੀਟੈਕਚਰ ਦੇ ਪੇਸ਼ੇ ਅਤੇ ਨਿਰਮਿਤ ਵਾਤਾਵਰਣ ਦੀ ਬਿਹਤਰੀ ਲਈ ਪ੍ਰਭਾਵਸ਼ਾਲੀ ਢੰਗ ਨਾਲ ਕੰਮ ਕੀਤਾ ਜਾ ਸਕੇ।

ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ

ਐਸ.ਏ.ਐਸ. ਨਗਰ, 4 ਸਤੰਬਰ
(ਪੈ.ਗਾਮ-ਏ-ਜਗਤ)

ਗਊ ਹਸਪਤਾਲ, ਫੇਜ਼-1, ਮੁਹਾਲੀ ਵਿਖੇ ਅਨੁਭਵੀ ਗਰੁੱਪ ਦੇ ਮੈਂਬਰਾਂ ਵੱਲੋਂ ਭਗਵਾਨ ਸ੍ਰੀ ਕ੍ਰਿਸ਼ਨ ਜੀ ਦਾ ਜਨਮ ਦਿਹਾੜਾ ਜਨਮ ਅਸ਼ਟਮੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ।



ਇਸ ਮੌਕੇ ਭਗਵਾਨ ਸ੍ਰੀ ਕ੍ਰਿਸ਼ਨ ਜੀ ਦੇ ਜੀਵਨ ਅਤੇ ਸ੍ਰੀਮਦ ਭਗਵਦ ਗੀਤਾ ਦੇ ਉਪਦੇਸ਼ਾਂ ਬਾਰੇ ਵਿਚਾਰ ਸਾਂਝੇ ਕੀਤੇ ਗਏ।

ਇਸ ਮੌਕੇ ਸੰਬੋਧਨ ਕਰਦਿਆਂ ਯੋਗਾ ਟ?ਰੇਨਰ ਸ੍ਰੀ ਕੇ. ਕੇ. ਸੈਣੀ ਨੇ ਕਿਹਾ ਕਿ ਜਨਮ ਅਸ਼ਟਮੀ ਦਾ ਤਿਉਹਾਰ ਸਾਨੂੰ ਭਗਵਾਨ ਸ੍ਰੀ ਕ੍ਰਿਸ਼ਨ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦੀ ਪ੍ਰੇਰਨਾ ਦਿੰਦਾ ਹੈ।

ਉਨ੍ਹਾਂ ਨੇ ਸਮਾਜ ਵਿੱਚ ਮਾਨਵਤਾ ਦੀ ਸੇਵਾ, ਲੋੜਵੰਦਾਂ ਦੀ ਮਦਦ ਅਤੇ ਆਪਸੀ ਭਾਈਚਾਰੇ ਨੂੰ ਮਜ਼ਬੂਤ ਕਰਨ ਲਈ ਮੈਂਬਰਾਂ ਨੂੰ ਪ੍ਰੇਰਿਤ ਕੀਤਾ। ਇਸ ਮੌਕੇ ਅਨੁਭਵੀ ਗਰੁੱਪ ਦੇ ਮੈਂਬਰ ਸ੍ਰੀ ਰਾਜ ਕੁਮਾਰ ਬੰਸਲ, ਮਹਿੰਦਰ ਗੋਇਲ, ਕ੍ਰਿਸ਼ਨ ਕੁਮਾਰ ਮਹਾਜਨ, ਐਸ. ਪੀ. ਜੈਨ, ਅਨੂਪ ਸ਼ਰਮਾ, ਦਲਜੀਤ ਸਿੰਘ, ਤਰਸੇਮ ਲਾਲ ਗਰਗ, ਸੁਖਪਾਲ ਗੁਪਤਾ, ਰਾਮਪਾਲ, ਪਰਮੇਸ਼ਵਰ ਦਾਸ, ਓਮ ਪ੍ਰਕਾਸ਼ ਤਿਵਾੜੀ, ਸੁਦਰਸ਼ਨ ਦੇਵ, ਰਾਜ ਕੁਮਾਰ ਗੁਪਤਾ, ਦੀਨਾ ਨਾਥ, ਰਮੇਸ਼ਵਰ, ਰਾਜੇਸ਼ ਕੁਮਾਰ, ਬੀ. ਕੇ. ਵਹਿਲ, ਵਿਜੇਤਾ, ਮੱਗੂ ਅਤੇ ਤਾਰਾ ਚੰਦ ਸਮੇਤ ਹੋਰ ਮੈਂਬਰ ਹਾਜ਼ਰ ਸਨ।

ਭਾਈ ਜੀਵਨ ਸਿੰਘ ਜੀ ਦੇ 367ਵੇਂ ਜਨਮ ਦਿਹਾੜੇ ਦੇ ਸਬੰਧ ਵਿੱਚ ਨਗਰ ਕੀਰਤਨ ਦਾ ਆਯੋਜਨ

ਐਸ.ਏ.ਐਸ. ਨਗਰ, 4 ਸਤੰਬਰ
(ਪੈ.ਗਾਮ-ਏ-ਜਗਤ)

ਸ਼ਹੀਦ ਭਾਈ ਜੀਵਨ ਸਿੰਘ (ਭਾਈ ਜੈਤਾ ਜੀ) ਦੇ 367ਵੇਂ ਜਨਮ ਦਿਹਾੜੇ ਦੇ ਸਬੰਧ ਵਿੱਚ ਭਾਈ ਜੈਤਾ ਜੀ ਗੁਰਦੁਆਰਾ ਫੇਜ਼-3 ਏ ਵੱਲੋਂ ਨਗਰ ਕੀਰਤਨ ਦਾ ਆਯੋਜਨ ਕੀਤਾ ਗਿਆ। ਨਗਰ ਕੀਰਤਨ ਗੁਰਦੁਆਰਾ ਸਾਹਿਬ ਤੋਂ ਸ਼ੁਰੂ ਹੋ ਕੇ ਮਦਨਪੁਰ ਚੌਂਕ, ਗੁਰਦੁਆਰਾ ਰਾਮਗੜ੍ਹੀਆ ਸਾਹਿਬ, ਗੁਰਦੁਆਰਾ ਸਾਚਾ ਧਨ ਸਾਹਿਬ, ਗੁਰਦੁਆਰਾ ਅੰਬ ਸਾਹਿਬ, ਗੁਰਦੁਆਰਾ ਲੰਬਿਆਂ ਸਾਹਿਬ ਤੋਂ ਹੁੰਦਾ ਹੋਇਆ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਪਹੁੰਚ ਕੇ ਸੰਪੂਰਨ ਹੋਇਆ।

ਨਗਰ ਕੀਰਤਨ ਦੇ ਸਵਾਗਤ ਲਈ ਸ਼ਹਿਰ ਵਿੱਚ ਸੰਗਤਾਂ ਵੱਲੋਂ ਕਈ ਥਾਵਾਂ ਤੇ ਲੰਗਰ ਦਾ ਆਯੋਜਨ ਕੀਤਾ ਗਿਆ ਸੀ। ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਬੁਲਾਰੇ ਨੇ ਦੱਸਿਆ ਕਿ 6 ਸਤੰਬਰ ਨੂੰ ਮਹਾਨ ਗੁਰਮਤਿ ਸਮਾਗਮ ਦਾ ਆਯੋਜਨ ਕੀਤਾ ਜਾਵੇਗਾ। ਇਸ ਸੰਬੰਧੀ ਅੱਜ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋ ਗਏ ਹਨ ਜਿਨ੍ਹਾਂ ਦੇ ਭੋਗ 6 ਸਤੰਬਰ ਨੂੰ ਪਾਏ ਜਾਣਗੇ। ਇਸ ਉਪਰੰਤ ਰਾਗੀ, ਕੀਰਤਨੀ ਜਥੇ ਸੰਗਤਾਂ ਨੂੰ ਗੁਰ ਇਤਿਹਾਸ ਸੁਣਾ ਕੇ ਨਿਹਾਲ ਕਰਨਗੇ।

